ਮਾਝ ਕੀ ਵਾਰ ਮਹਲਾ 1

ਪਉੜੀ-ਵਾਰ ਭਾਵ:

(1) ਇਸ ਬਹੁ-ਰੰਗੀ ਜਗਤ ਵਿਚ ਜੀਵ 'ਨਾਮ' ਤੋਂ ਬਿਨਾ ਦੁਖੀ ਹੋ ਰਿਹਾ ਹੈ।

(2) ਬਹੁ-ਰੰਗੀ ਪਦਾਰਥਾਂ ਦੇ ਮੋਹ ਵਿਚ ਜੀਵ ਕਰਤਾਰ ਨੂੰ ਭੁੱਲ ਜਾਂਦਾ ਹੈ ਤੇ ਇਸ ਦੇ ਅੰਦਰ ਤ੍ਰਿਸ਼ਨਾ ਦੀ ਅੱਗ ਭੜਕਦੀ ਹੈ।

(3) ਇਹ ਬਹੁ-ਰੰਗੀ ਜਗਤ ਹੈ ਤਾਂ ਪ੍ਰਭੂ ਆਪਣਾ ਸਰੂਪ, ਪਰ ਹਉਮੈ ਅਹੰਕਾਰ ਤੇ ਲੋਭ ਦੇ ਕਾਰਣ ਜੀਵ ਨੂੰ ਇਸ ਅਸਲੀਅਤ ਦੀ ਸਮਝ ਨਹੀਂ ਪੈਂਦੀ।

(4) ਮੂਰਖ ਪਰਾਈ ਵਸਤ ਨੂੰ ਆਪਣੀ ਜਾਣ ਕੇ ਭੋਗਾਂ ਵਿਚ ਪ੍ਰਵਿਰਤ ਹੁੰਦਾ ਹੈ ਤੇ ਦੁੱਖ ਉਠਾਂਦਾ ਹੈ।

(5) ਜਿਤਨਾ ਚਿਰ ਜੀਵ ਦੇ ਅੰਦਰ ਤ੍ਰਿਸ਼ਨਾ ਦਾ ਭਾਂਬੜ ਮਚਿਆ ਪਿਆ ਹੈ, ਤਦ ਤਕ ਜੰਗਲ ਵਿਚ ਭੀ ਜਾ ਡੇਰਾ ਲਾਇਆਂ ਸ਼ਾਂਤੀ ਨਹੀਂ ਮਿਲਦੀ।

(6) ਵਿੱਦਿਆ ਪ੍ਰਾਪਤ ਕਰ ਕੇ ਆਗੂ-ਪ੍ਰਚਾਰਕ ਬਣਿਆਂ ਭੀ ਜੀਵ ਦਾ ਆਪਣਾ ਕੁਝ ਨਹੀਂ ਸਉਰਦਾ। ਮੂਰਖ ਦਾ ਮੂਰਖ ਹੀ ਰਹਿੰਦਾ ਹੈ।

(7) ਜਦ ਤਕ ਜੀਵ ਕੱਚ ਦਾ ਵਪਾਰੀ ਹੈ ਜਦ ਤਕ ਮਾਇਆ ਵਿਚ ਫਸਿਆ ਹੋਇਆ ਹੈ ਤਦ ਤਾਈਂ ਇਹ ਕੰਗਾਲ ਹੀ ਹੈ ਦੁਖੀ ਹੈ।

(8) ਮੂਰਖ ਇਸ ਬਾਗ਼ ਮਿਲਖ ਘਰ ਬਾਰ ਨੂੰ 'ਆਪਣਾ' ਸਮਝਦਾ ਹੈ, ਇਹ 'ਅਪਣੱਤ' ਹੀ ਇਸ ਦੇ ਦੁੱਖਾਂ ਦਾ ਮੂਲ ਹੈ।

(9) 'ਅਪਣੱਤ' ਵਿਚ ਪੈ ਕੇ ਜੀਵ 'ਆਪੇ' ਨੂੰ ਨਹੀਂ ਪਛਾਣਦਾ, ਮਾਇਕ ਪਦਾਰਥਾਂ ਦੇ ਮੋਹ ਵਿਚ ਦੀਵਾਨਾ ਜਿਹਾ ਹੈ ਤੇ ਖਪਦਾ ਦੋਖੀ ਹੁੰਦਾ ਹੈ।

(10) ਬਹੁ-ਰੰਗੀ ਪਦਾਰਥਾਂ ਦੇ ਭੋਗ ਮਹੁਰੇ-ਸਮਾਨ ਹਨ। ਜੋ ਭੀ ਇਹਨਾਂ ਵਿਚ ਵਸਿਆ, ਉਹੀ ਮਾਰਿਆ ਗਿਆ ਭਾਵੇਂ ਕਿਸੇ ਜਾਤਿ ਦਾ ਹੋਵੇ। 'ਜਾਤਿ' ਭੀ ਮਦਦ ਨਹੀਂ ਕਰਦੀ।

(11) ਬਹੁ-ਰੰਗੀ ਪਦਾਰਥਾਂ ਦੀਆਂ 'ਆਸਾਂ' ਬਣਾ ਬਣਾ ਕੇ ਜੀਵ ਮੌਤ ਨੂੰ ਭੀ ਭੁਲਾ ਦੇਂਦਾ ਹੈ, ਆਪਣੇ ਆਪ ਨੂੰ ਚੰਗਾ ਸਮਝਦਾ ਹੈ, ਲੂਣ-ਹਰਾਮੀ ਜੀਵ ਪ੍ਰਭੂ ਦੇ ਉਪਕਾਰ ਵਿਸਾਰ ਕੇ ਦੁਖੀ ਹੁੰਦਾ ਹੈ।

(12) ਜਦ ਤਕ ਜੀਵ ਦੇ ਅੰਦਰ 'ਮਾਇਆ' ਵਾਲਾ 'ਖੋਟ' ਹੈ ਤਦ ਤਕ ਇਹ ਰੱਬੀ ਦਰਗਾਹ ਤੋਂ ਦੂਰ ਹੈ। ਪਰ ਜਿਸ ਨੂੰ ਗੁਰੂ ਦੀ 'ਸਰਣ' ਪ੍ਰਾਪਤ ਹੋ ਜਾਏ ਉਹ ਖੋਟਿਓਂ ਖਰਾ ਹੋ ਜਾਂਦਾ ਹੈ।

(13) ਗੁਰੂ ਦੇ ਸਨਮੁਖ ਹੋਇਆਂ 'ਅਪਣੱਤ' ਦਾ ਨਾਸ ਹੁੰਦਾ ਹੈ, ਬਹੁ-ਰੰਗੀ ਪਦਾਰਥਾਂ ਦੇ ਥਾਂ ਜੀਵ ਕਰਤਾਰ ਨੂੰ ਸੱਚਾ ਸਾਥੀ ਸਮਝਣ ਲੱਗ ਪੈਂਦਾ ਹੈ।

(14) ਪਰ, ਗੁਰੂ ਦੇ ਸਨਮੁਖ ਤਾਂ ਹੀ ਹੋ ਸਕਦਾ ਹੈ ਜੇ ਪ੍ਰਭੂ ਦੀ ਮਿਹਰ ਹੋਵੇ। ਗੁਰੂ ਦੀ ਸਿੱਖਿਆ ਤੇ ਤੁਰ ਕੇ 'ਨਾਮ' ਸਿਮਰ ਕੇ 'ਆਪਾ' ਗਵਾਈਦਾ ਹੈ, ਇਸ ਤਰ੍ਹਾਂ ਪ੍ਰਭੂ ਵਿਚ ਜੁੜਿਆਂ ਸੁਖੀ ਹੋਈਦਾ ਹੈ।

(15) ਗੁਰੂ ਦੇ ਦੱਸੇ ਹੋਏ ਰਾਹ ਤੇ ਤੁਰਿਆਂ ਪ੍ਰਭੂ ਦਾ 'ਨਾਮ' ਪ੍ਰਾਪਤ ਹੁੰਦਾ ਹੈ ਤੇ ਪ੍ਰਭੂ ਵਿਚ ਲੀਨ ਹੋ ਜਾਈਦਾ ਹੈ।

(16) ਪਰ ਜੋ ਮਨੁੱਖ ਆਪਣੇ ਮਨ ਦੇ ਪਿੱਛੇ ਤੁਰਦੇ ਹਨ ਉਹ ਹਉਮੈ ਦੇ ਕਾਰਣ ਦੁਖੀ ਹੁੰਦੇ ਹਨ।

(17) 'ਨਾਮ' ਪੂਰੇ ਗੁਰੂ ਤੋਂ ਹੀ ਮਿਲਦਾ ਹੈ, ਪਰ, ਗੁਰੂ ਦਾ ਰਾਹ ਛੱਡ ਕੇ ਮਨ ਦੇ ਮਗਰ ਤੁਰਨ ਵਾਲੇ ਦੁਨੀਆ ਦੇ ਧੰਧਿਆਂ ਵਿਚ ਹੀ ਠੱਗੇ ਜਾਂਦੇ ਹਨ ਤੇ ਜ਼ਿੰਦਗੀ ਵਿਅਰਥ ਗੁਆ ਲੈਂਦੇ ਹਨ।

(18) ਆਤਮਾ ਲਈ 'ਭਾਉ'-ਰੂਪ 'ਭੋਜਨ' ਸਤਿਗੁਰੂ ਤੋਂ ਹੀ ਮਿਲਦਾ ਹੈ। ਗੁਰੂ ਨੇ ਤ੍ਰੁੱਠ ਕੇ ਜਿਸ ਨੂੰ ਇਹ ਦਾਤਿ ਦਿੱਤੀ, ਉਸ ਦਾ ਆਤਮਾ ਖਿੜਿਆ ਰਹਿੰਦਾ ਹੈ।

(19) ਜਗਤ ਤ੍ਰਿਸ਼ਨਾ ਦੀ ਅੱਗ ਵਿਚ ਸੜ ਰਿਹਾ ਹੈ; ਜਿਉਂ ਜਿਉਂ ਲਾਲਚ ਵਿਚ ਪ੍ਰਵਿਰਤ ਹੁੰਦਾ ਹੈ, ਇਹ ਅੱਗ ਹੋਰ ਭੜਕਦੀ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਇਹ ਬੁੱਝਦੀ ਹੈ।

(20) ਦੁਨੀਆ ਦੇ ਸਿਰ ਤੇ ਹਰ ਵੇਲੇ ਮੌਤ ਦਾ ਸਹਮ ਕਾਇਮ ਹੈ; ਦੁਨੀਆ ਦੇ ਪਦਾਰਥਾਂ ਦਾ ਸਾਥ ਨਿਭਦਾ ਨਹੀਂ ਸਾਥ ਨਿਭਦਾ ਨਹੀਂ, ਪਰ ਧੰਧਿਆਂ ਵਿਚ ਫਸਿਆ ਜੀਵ ਸਮਝਦਾ ਨਹੀਂ। ਇਹ ਸਮਝ ਸਤਿਗੁਰੂ ਦੀ ਮਿਹਰ ਨਾਲ ਹੀ ਆਉਂਦੀ ਹੈ।

(21) ਮਨੁੱਖ ਪਿਛਲੀਆਂ ਬਣੀਆਂ 'ਵਾਦੀਆਂ' ਦੇ ਆਸਰੇ ਤੁਰਦਾ ਹੈ, ਧਾਰਮਿਕ ਪੁਸਤਕਾਂ ਦੇ ਪਾਠ ਤੇ ਵਿਖਿਆਨ ਜਾਂ ਧਾਰਮਿਕ ਭੇਖ ਦੀ ਰਾਹੀਂ 'ਵਾਦੀਆਂ' ਦੀ ਲੀਹ ਵਿਚੋਂ ਨਿਕਲ ਕੇ 'ਨਾਮ' ਵਿਚ ਲੀਨ ਨਹੀਂ ਹੋ ਸਕੀਦਾ। ਸਤਿਗੁਰੂ ਦੇ ਸ਼ਬਦ ਦੀ ਰਾਹੀਂ ਸਿਫ਼ਤਿ-ਸਾਲਾਹ ਹੀ ਪ੍ਰਭੂ ਵਿਚ ਜੋੜਦੀ ਹੈ।

(22) ਜੋ ਮਨੁੱਖ ਗੁਰ-ਸ਼ਬਦ ਰਾਹੀਂ ਸਿਫ਼ਤਿ-ਸਾਲਾਹ ਕਰਦੇ ਹਨ, ਉਹ ਖਸਮ-ਪ੍ਰਭੂ ਦੇ ਨੇੜੇ ਹੋਣ ਕਰਕੇ ਸੋਹਣੇ ਲਗਦੇ ਹਨ, ਉਹਨਾਂ ਨਾਲ ਖਸਮ-ਪ੍ਰਭੂ ਪਿਆਰ ਕਰਦਾ ਹੈ।

(23) ਖਸਮ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰ ਕੇ ਢਾਡੀ ਦਾ ਹਿਰਦਾ-ਕਉਲ ਖਿੜ ਜਾਂਦਾ ਹੈ, ਵਿਕਾਰ ਉਸ ਦੇ ਨੇੜੇ ਨਹੀਂ ਢੁਕਦੇ। ਇਹ ਸੱਚਾ ਰਸਤਾ ਉਸ ਨੂੰ ਗੁਰੂ ਤੋਂ ਮਿਲਦਾ ਹੈ।

(24) ਜਿਸ ਮਨੁੱਖ ਉਤੇ ਪ੍ਰਭੂ ਮਿਹਰ ਕਰੇ, ਉਸ ਨੂੰ ਸਤਿਗੁਰੂ ਦੀ ਸਿਫ਼ਤਿ-ਸਾਲਾਹ ਦੀ ਦਾਤਿ ਦੇਂਦਾ ਹੈ, ਉਸ ਨੂੰ ਅੰਦਰੋਂ ਹੀ 'ਨਾਮ'-ਰਤਨ ਲੱਭ ਪੈਂਦਾ ਹੈ, ਉਸ ਦੇ ਅੰਦਰ ਚਾਨਣ ਹੋ ਜਾਂਦਾ ਹੈ।

(25) ਜਿਸ ਉਤੇ ਗੁਰੂ ਤ੍ਰੁੱਠਦਾ ਹੈ ਉਸ ਨੂੰ 'ਨਾਮ' ਮਿਲਦਾ ਹੈ, ਕੋਈ ਚਿੰਤਾ ਝੋਰਾ ਜਾਂ ਮੌਤ ਦਾ ਡਰ ਉਸ ਨੂੰ ਪੋਹ ਨਹੀਂ ਸਕਦਾ।

(26) ਪ੍ਰਭੂ ਦੇ ਦਰ ਤੋਂ ਸਿਫ਼ਤਿ-ਸਾਲਾਹ ਦੀ ਦਾਤਿ ਹੀ ਮੰਗਣੀ ਚਾਹੀਦੀ ਹੈ। 'ਨਾਮ' ਦੀ ਦਾਤਿ ਜਿਨ੍ਹਾਂ ਨੂੰ ਮਿਲਦੀ ਹੈ ਉਹ ਪ੍ਰਭੂ ਦਾ ਰੂਪ ਹੋ ਜਾਂਦੇ ਹਨ।

(27) ਜਿਨ੍ਹਾਂ ਨੂੰ ਸਿਫ਼ਤਿ-ਸਾਲਾਹ ਦੀ ਦਾਤਿ ਮਿਲਦੀ ਹੈ, ਸਿਫ਼ਤਿ ਹੀ ਉਹਨਾਂ ਦੀ ਜ਼ਿੰਦਗੀ ਦਾ ਆਸਰਾ ਬਣ ਜਾਂਦੀ ਹੈ, ਸਿਫ਼ਤਿ-ਸਾਲਾਹ ਹੀ ਉਹਨਾਂ ਲਈ ਆਦਰ-ਸਤਕਾਰ ਹੈ ਕਿਉਂਕਿ ਸਿਫ਼ਤਿ ਦੀ ਰਾਹੀਂ ਉਹਨਾਂ ਨੂੰ ਸਿਫ਼ਤਾਂ ਦਾ ਮਾਲਕ ਮਿਲ ਪੈਂਦਾ ਹੈ।

ਸਮੁੱਚਾ ਭਾਵ:

(1) ਇਹ ਬਹੁ-ਰੰਗੀ ਜਗਤ ਕਰਤਾਰ ਨੇ ਰਚਿਆ ਹੈ, ਤੇ ਕਰਤਾਰ ਦਾ ਰੂਪ ਹੈ। ਪਰ, ਜੀਵ ਇਸ ਦੇ ਮੋਹ ਵਿਚ ਤ੍ਰਿਸ਼ਨਾ-ਅਧੀਨ ਹੋ ਕੇ ਕਰਤਾਰ ਨੂੰ ਵਿਸਾਰ ਕੇ ਅਸਲੀਅਤ ਭੁੱਲ ਜਾਂਦਾ ਹੈ ਤੇ ਦੁਖੀ ਹੁੰਦਾ ਹੈ। (1 ਤੋਂ 4)

(2) ਇਸ ਤ੍ਰਿਸ਼ਨਾ ਦੇ ਭਾਂਬੜ ਤੋਂ ਬਚਣ ਲਈ ਨਾਹ ਜੰਗਲ ਵਿਚ ਡੇਰਾ, ਨਾਹ ਵਿੱਦਿਆ ਤੇ ਆਗੂ-ਪਨ, ਨਾਹ ਉੱਚੀ ਜਾਤਿ ਸਹੈਤਾ ਕਰ ਸਕਦੇ ਹਨ। ਇਸ ਬਾਗ਼-ਮਿਲਖ ਘਰ ਬਾਰ ਨੂੰ 'ਆਪਣਾ' ਸਮਝਣਾ ਮੂਰਖਤਾ ਹੈ, ਇਹ 'ਅਪਣੱਤ' ਹੀ ਮਨੁੱਖ ਨੂੰ ਪਾਗਲ ਕਰੀ ਰੱਖਦੀ ਹੈ, ਇਹ ਮਹੁਰਾ ਹੈ ਜੋ ਇਸ ਦੇ ਆਤਮਕ ਜੀਵਨ ਨੂੰ ਮਾਰਿ ਮੁਕਾਂਦਾ ਹੈ, ਕਿਉਂਕਿ ਇਸ 'ਅਪਣੱਤ' ਤੋਂ ਪੈਦਾ ਹੋਈਆਂ 'ਆਸਾਂ' ਦੇ ਕਾਰਨ ਜੀਵ ਕਰਤਾਰ-ਦਾਤਾਰ ਨੂੰ ਵਿਸਾਰ ਦੇਂਦਾ ਹੈ। (5 ਤੋਂ 11)

(3) ਇਹ 'ਅਪਣੱਤ' ਗੁਰੂ ਦੀ ਸਰਨ ਪਿਆਂ ਮਿਟਦੀ ਹੈ; ਗੁਰੂ ਤੋਂ 'ਨਾਮ' ਮਿਲਦਾ ਹੈ 'ਪ੍ਰੇਮ' ਪ੍ਰਾਪਤ ਹੁੰਦਾ ਹੈ ਜੋ ਆਤਮਾ ਦੀ ਖ਼ੁਰਾਕ ਹੈ, ਜਿਉਂ ਜਿਉਂ ਇਹ ਆਤਮਕ ਖ਼ੁਰਾਕ ਮਿਲਦੀ ਹੈ ਤ੍ਰਿਸ਼ਨਾ ਦੀ ਅੱਗ ਬੁੱਝਦੀ ਹੈ ਮੌਤ ਦਾ ਸਹਮ ਦੂਰ ਹੁੰਦਾ ਹੈ ਤੇ ਪਰਮਾਤਮਾ ਸੱਚਾ ਸਾਥੀ ਪਰਤੀਤ ਹੋਣ ਲੱਗ ਪੈਂਦਾ ਹੈ। (12 ਤੋਂ 20)

(4) ਮਨੁੱਖ ਪਿਛਲੀਆਂ ਬਣੀਆਂ 'ਵਾਦੀਆਂ' ਦੇ ਆਸਰੇ ਤੁਰਦਾ ਹੈ, ਇਹਨਾਂ ਲੀਹਾਂ ਵਿਚੋਂ ਕੋਈ ਧਾਰਮਿਕ ਭੇਖ ਜਾਂ ਪਾਠ-ਵਖਿਆਨ ਕੱਢ ਨਹੀਂ ਸਕਦੇ। ਜਦੋਂ ਗੁਰ-ਸ਼ਬਦ ਦੀ ਰਾਹੀਂ ਮਨੁੱਖ ਸਿਫ਼ਤਿ-ਸਾਲਾਹ ਵਿਚ ਲੱਗਦਾ ਹੈ ਤਾਂ ਇਸ ਦਾ ਹਿਰਦਾ ਖਿੜਨ ਲੱਗ ਪੈਂਦਾ ਹੈ, ਇਸ ਦੇ ਅੰਦਰ ਨਾਮ ਰਤਨ ਨਾਲ ਚਾਨਣ ਹੋ ਜਾਂਦਾ ਹੈ, ਤੇ ਕੋਈ ਚਿੰਤਾ ਝੋਰਾ ਜਾਂ ਮੌਤ ਦਾ ਦਰ ਇਸ ਨੂੰ ਪੋਹ ਨਹੀਂ ਸਕਦਾ।

ਸੋ, ਪ੍ਰਭੂ ਦਰ ਤੋਂ ਸਿਫ਼ਤਿ-ਸਾਲਾਹ ਦੀ ਹੀ ਦਾਤਿ ਮੰਗੀਏ; ਜਿਉਂ ਜਿਉਂ ਸਿਫ਼ਤਿ-ਸਾਲਾਹ ਵਿਚ ਜੁੜੀਏ, ਇਹੀ ਜ਼ਿੰਦਗੀ ਦਾ ਆਸਰਾ ਬਣ ਜਾਂਦੀ ਹੈ, ਦੁਨੀਆ ਵਾਲੇ ਆਦਰ-ਮਾਣ ਇਸ ਦੇ ਸਾਹਮਣੇ ਤੁੱਛ ਜਾਪਦੇ ਹਨ ਕਿਉਂਕਿ ਸਿਫ਼ਤਿ ਦੀ ਰਾਹੀਂ ਸਿਫ਼ਤਾਂ ਦਾ ਮਾਲਕ ਮਿਲ ਪੈਂਦਾ ਹੈ। (21 ਤੋਂ 27)

ਮੁੱਖ-ਭਾਵ:

ਕਰਤਾਰ ਦੇ ਰਚੇ ਬਹੁ-ਰੰਗੀ ਜਗਤ ਦੀ ਮਮਤਾ ਮਨੁੱਖ ਲਈ ਦੁੱਖਾਂ ਦਾ ਮੂਲ ਹੈ। ਗੁਰੂ ਦੀ ਸਰਨ ਪੈ ਕੇ ਪ੍ਰਭੂ ਦਾ ਨਾਮ ਸਿਮਰਿਆਂ ਹੀ ਇਸ ਤੋਂ ਬਚ ਸਕੀਦਾ ਹੈ; ਜੰਗਲ ਵਾਸ, ਵਿੱਦਿਆ, ਉੱਚੀ ਜਾਤਿ, ਧਾਰਮਿਕ ਭੇਖ, ਪਾਠ, ਜਾਂ ਕੋਈ ਸਿਆਣਪ ਚਤੁਰਾਈ ਇਸ ਤੋਂ ਬਚਾ ਨਹੀਂ ਸਕਦੇ। ਪ੍ਰਭੂ ਦੇ ਦਰ ਤੋਂ ਗੁਰੂ ਦੀ ਸਰਨ ਤੇ ਸਿਮਰਨ ਦੀ ਦਾਤਿ ਹੀ ਸਦਾ ਮੰਗੀਏ।

ਵਾਰ ਮਾਝ ਕੀ ਤਥਾ ਸਲੋਕ ਮਹਲਾ ੧

ਤਥਾ—ਅਤੇ।

ਅਰਥ:- ਰਾਗ ਮਾਝ ਦੀ ਇਹ ਵਾਰ ਅਤੇ ਇਸ ਨਾਲ ਦਿੱਤੇ ਹੋਏ ਸਲੋਕ ਗੁਰੂ ਨਾਨਕ ਦੇਵ ਜੀ ਦੇ (ਉਚਾਰੇ ਹੋਏ) ਹਨ।

ਪਰ, ਇਸ ਦਾ ਇਹ ਭਾਵ ਨਹੀਂ ਕਿ ਇਸ 'ਵਾਰ' ਦੀਆਂ 'ਪਉੜੀਆਂ ਤੇ ਸਲੋਕ' ਗੁਰੂ ਨਾਨਕ ਦੇਵ ਨੇ ਇਕੱਠੇ ਹੀ ਉਚਾਰੇ ਸਨ। 'ਵਾਰ' ਸਿਰਫ਼ 'ਪਉੜੀਆਂ' ਦਾ ਸੰਗ੍ਰਹ ਹੈ, 'ਵਾਰ' ਦਾ ਅਸਲ ਰੂਪ ਕੇਵਲ 'ਪਉੜੀਆਂ' ਹਨ। ਗੁਰੂ ਗ੍ਰੰਥ ਸਾਹਿਬ ਦੀ ਬੀੜ ਤਿਆਰ ਕਰਨ ਵੇਲੇ ਇਹ ਸਲੋਕ ਗੁਰੂ ਅਰਜਨ ਸਾਹਿਬ ਨੇ ਰਲਾ ਦਿੱਤੇ ਸਨ। 'ਵਾਰਾ' ਨਾਲ ਦਰਜ ਕਰਨ ਤੋਂ ਪਿਛੋਂ ਜਿਹੜੇ ਸਲੋਕ ਵਧ ਰਹੇ, ਉਹ ਉਹਨਾਂ ਅਖ਼ੀਰ ਤੇ ਇਕੱਠੇ ਲਿਖ ਦਿੱਤੇ ਤੇ ਸਿਰ-ਲੇਖ ਲਿਖਿਆ 'ਸਲੋਕ ਵਾਰਾਂ ਤੇ ਵਧੀਕ'।

ਇਸ 'ਵਾਰ' ਦੀ ਸਾਰੀ ਬਣਤਰ ਨੂੰ ਰਤਾ ਗਹੁ ਨਾਲ ਵੇਖਿਆਂ ਹੀ ਇਹ ਗੱਲ ਸਾਫ਼ ਦਿੱਸ ਪੈਂਦੀ ਹੈ ਕਿ ਪਹਿਲਾਂ ਸਿਰਫ਼ 'ਪਉੜੀਆਂ ਸਨ। 'ਬਣਤਰ' ਵਿਚ ਹੇਠ-ਲਿਖੀਆਂ ਗੱਲਾਂ ਧਿਆਨ-ਜੋਗ ਹਨ:

ਕੁੱਲ 27 ਪਉੜੀਆਂ ਹਨ ਤੇ ਹਰੇਕ ਪਉੜੀ ਦੀਆਂ ਅੱਠ ਅੱਠ ਤੁਕਾਂ ਹਨ।

27 ਪਉੜੀਆਂ ਵਿਚੋਂ ਸਿਰਫ਼ 14 ਐਸੀਆਂ ਹਨ, ਜਿਨ੍ਹਾਂ ਨਾਲ ਸਲੋਕ ਸਿਰਫ਼ ਗੁਰੂ ਨਾਨਕ ਦੇਵ ਜੀ ਦੇ ਹਨ।

ਪਰ, ਇਹਨਾਂ ਸਲੋਕਾਂ ਦੀ ਗਿਣਤੀ ਹਰੇਕ ਪਉੜੀ ਨਾਲ ਇਕੋ ਜੇਹੀ ਨਹੀਂ।10 ਪਉੜੀਆਂ ਨਾਲ ਦੋ ਦੋ ਸਲੋਕ ਹਨ ਤੇ ਹੇਠ-ਲਿਖੀਆਂ 4 ਪਉੜੀਆਂ ਦੇ ਸਲੋਕ ਇਉਂ ਹਨ:

ਪਉੜੀ ਨੰ: 1 ਨਾਲ 3 ਸਲੋਕ

" 7 " 3 "

" 9 " 4 "

" 13 " 7 "

(4) ਪਉੜੀ ਨੰ: 3, 18, 22 ਤੇ 25 ਨਾਲ ਕੋਈ ਭੀ ਸਲੋਕ ਗੁਰੂ ਨਾਨਕ ਸਾਹਿਬ ਦਾ ਨਹੀਂ ਹੈ।

(5) ਬਾਕੀ ਰਹਿ ਗਈਆਂ 9 ਪਉੜੀਆਂ; ਇਹਨਾਂ ਨਾਲ ਇਕ ਇਕ ਸਲੋਕ ਗੁਰੂ ਨਾਨਕ ਦੇਵ ਜੀ ਦਾ ਹੈ ਇਕ ਇਕ ਅਤੇ ਹੋਰ ਗੁਰ-ਵਿਅਕਤੀ ਦਾ।

ਹਰੇਕ 'ਪਉੜੀ' ਵਿਚ ਤੁਕਾਂ ਦੀ ਗਿਣਤੀ ਇਕੋ ਜਿਹੀ ਹੋਣ ਤੋਂ ਇਹ ਗੱਲ ਸਾਫ਼ ਜਾਪਦੀ ਹੈ ਕਿ ਗੁਰੂ ਨਾਨਕ ਦੇਵ ਜੀ ਨੇ ਇਹ 'ਵਾਰ' ਲਿਖਣ ਵੇਲੇ 'ਕਵਿਤਾ' ਦੇ ਸੋਹਜ ਦਾ ਭੀ ਖ਼ਿਆਲ ਰੱਖਿਆ ਹੈ। ਪਰ ਜਿਸ ਕਵੀ-ਗੁਰੂ ਨੇ ਪਉੜੀਆਂ ਦੀ ਬਣਤਰ ਵਲ ਇਤਨਾ ਧਿਆਨ ਦਿੱਤਾ ਹੈ, ਉਸ ਸੰਬੰਧੀ ਇਹ ਨਹੀਂ ਕਿਹਾ ਜਾ ਸਕਦਾ ਹੈ ਕਿ ਸਲੋਕ ਲਿਖਣ ਵੇਲੇ ਕਿਤੇ ਦੋ ਦੋ ਲਿਖਦੇ, ਕਿਤੇ 3, ਕਿਤੇ 4, ਕਿਤੇ 7 ਲਿਖਦੇ ਤੇ ਕਈ ਪਉੜੀਆਂ ਖ਼ਾਲੀ ਹੀ ਰਹਣ ਦੇਂਦੇ।

ਅਸਲ ਗੱਲ ਇਹੀ ਹੈ ਕਿ 'ਵਾਰ' ਦਾ ਪਹਿਲਾ ਸਰੂਪ ਸਿਰਫ਼ 'ਪਉੜੀਆਂ' ਹੈ। ਸਲੋਕ ਗੁਰੂ ਅਰਜਨ ਦੇਵ ਜੀ ਨੇ ਦਰਜ ਕੀਤੇ।

ਮਲਕ ਮੁਰੀਦ ਤਥਾ ਚੰਦ੍ਰਹੜਾ ਸੋਹੀਆ ਕੀ ਧੁਨੀ ਗਾਵਣੀ ॥

ਮੁਰੀਦ ਖ਼ਾਂ ਤੇ ਚੰਦ੍ਰਹੜਾ ਦੋ ਰਾਜਪੂਤ ਸਰਦਾਰ ਹੋਏ ਹਨ ਅਕਬਰ ਦੇ ਦਰਬਾਰ ਵਿਚ; ਪਹਿਲੇ ਦੀ ਜਾਤਿ ਸੀ 'ਮਲਕ' ਦੂਜੇ ਦੀ 'ਸੋਹੀ'। ਦੋਹਾਂ ਦੀ ਆਪੋ ਵਿਚ ਲੱਗਦੀ ਸੀ। ਇਕ ਵਾਰੀ ਬਾਦਸ਼ਾਹ ਨੇ ਮੁਰੀਦ ਖ਼ਾਂ ਨੂੰ ਕਾਬਲ ਦੀ ਮੁਹਿੰਮ ਤੇ ਘੱਲਿਆ, ਉਸ ਨੇ ਵੈਰੀ ਨੂੰ ਜਿੱਤ ਤਾਂ ਲਿਆ, ਪਰ ਰਾਜ-ਪ੍ਰਬੰਧ ਵਿਚ ਕੁਝ ਦੇਰ ਲੱਗ ਗਈ। ਚੰਦ੍ਰਹੜੇ ਨੇ ਅਕਬਰ ਪਾਸ ਚੁਗ਼ਲੀ ਖਾਧੀ ਕਿ ਮੁਰੀਦ ਖ਼ਾਂ ਆਕੀ ਹੋ ਬੈਠਾ ਹੈ। ਸੋ, ਮਾਲਕ ਦੇ ਵਿਰੁਧ ਫ਼ੌਜ ਦੇ ਕੇ ਇਸ ਨੂੰ ਘੱਲਿਆ ਗਿਆ। ਦੋਵੇ ਜੰਗ ਵਿਚ ਆਪੋ ਵਿਚ ਲੜ ਕੇ ਮਾਰੇ ਗਏ। ਢਾਡੀਆਂ ਨੇ ਇਸ ਜੰਗ ਦੀ 'ਵਾਰ' ਲਿਖੀ, ਦੇਸ ਵਿਚ ਪ੍ਰਚਲਤ ਹੋਈ। ਗੁਰੂ ਅਰਜਨ ਸਾਹਿਬ ਨੇ ਉਪਰ ਲਿਖਿਆਂ ਸਿਰ-ਲੇਖ ਦੇ ਕੇ ਆਗਿਆ ਕੀਤੀ ਹੈ ਕਿ ਗੁਰੂ ਨਾਨਕ ਦੇਵ ਜੀ ਦੀ ਇਹ ਮਾਝ ਦੀ ਵਾਰ ਉਸ ਧੁਨੀ (ਸੁਰ) ਵਿਚ ਗਾਉਣੀ ਹੈ ਜਿਸ ਵਿਚ ਮੁਰੀਦ ਖਾਂ ਵਾਲੀ ਗਾਵੀਂ ਜਾਂਦੀ ਸੀ।

ਮੁਰੀਦ ਖ਼ਾਂ ਵਾਲੀ ਵਾਰ ਦਾ ਨਮੂਨਾ:

"ਕਾਬਲ ਵਿਚ ਮੁਰੀਦ ਖ਼ਾਂ ਫੜਿਆ ਵਡ ਜੋਰ। "

ੴ ਸਤਿਨਾਮੁ ਕਰਤਾ ਪੁਰਖੁ ਗੁਰ ਪ੍ਰਸਾਦਿ ॥

ਸਲੋਕ ਮ: 1 ॥

ਗੁਰੁ ਦਾਤਾ, ਗੁਰੁ ਹਿਵੈ ਘਰੁ, ਗੁਰੁ ਦੀਪਕੁ ਤਿਹੁ ਲੋਇ ॥ ਅਮਰ ਪਦਾਰਥੁ ਨਾਨਕਾ ਮਨਿ ਮਾਨਿਐ ਸੁਖੁ ਹੋਇ ॥1॥

ਪਦਅਰਥ:- ਹਿਵੈ ਘਰੁ—ਬਰਫ਼ ਦਾ ਘਰ, ਠੰਢਾ ਦਾ ਸੋਮਾ। ਦੀਪਕੁ—ਦੀਵਾ। ਤਿਹੁ ਲੋਇ—ਤ੍ਰਿਲੋਕੀ ਵਿਚ। ਅਮਰ—ਨਾਹ ਮਰਨ ਵਾਲਾ, ਨਾਹ ਮੁੱਕਣ ਵਾਲਾ। ਮਨਿ ਮਾਨਿਐ—ਜੇ ਮਨ ਮੰਨ ਜਾਏ, ਜੇ ਮਨ ਪਤੀਜ ਜਾਏ।

ਅਰਥ:- ਸਤਿਗੁਰੂ (ਨਾਮ ਦੀ ਦਾਤਿ) ਦੇਣ ਵਾਲਾ ਹੈ, ਗੁਰੂ ਠੰਡ ਦਾ ਸੋਮਾ ਹੈ, ਗੁਰੂ (ਹੀ) ਤ੍ਰਿਲੋਕੀ ਵਿਚ ਚਾਨਣ ਕਰਨ ਵਾਲਾ ਹੈ। ਹੇ ਨਾਨਕ! ਕਦੇ ਨਾਹ ਮੁੱਕਣ ਵਾਲਾ (ਨਾਮ-ਰੂਪ) ਪਦਾਰਥ (ਗੁਰੂ ਤੋਂ ਹੀ ਮਿਲਦਾ ਹੈ)। ਜਿਸ ਦਾ ਮਨ ਗੁਰੂ ਵਿਚ ਪਤੀਜ ਜਾਏ, ਉਸ ਨੂੰ ਸੁਖ ਹੋ ਜਾਂਦਾ ਹੈ।1।

ੴ ਸਤਿ ਨਾਮੁ ਕਰਤਾ ਪੁਰਖੁ ਗੁਰ ਪ੍ਰਸਾਦਿ ॥ ਸਲੋਕੁ ਮਃ ੧ ॥ ਗੁਰੁ ਦਾਤਾ ਗੁਰੁ ਹਿਵੈ ਘਰੁ ਗੁਰੁ ਦੀਪਕੁ ਤਿਹ ਲੋਇ ॥ ਅਮਰ ਪਦਾਰਥੁ ਨਾਨਕਾ ਮਨਿ ਮਾਨਿ ਐ ਸੁਖੁ ਹੋਇ ॥ ੧॥ ਮਃ ੧ ॥ ਪਹਿਲੈ

ਪਿਆਰਿ ਲਗਾ ਥਣ ਦੁਧਿ ॥ ਦੂਜੈ ਮਾਇ ਬਾਪ ਕੀ ਸੁਧਿ ॥ ਤੀਜੈ ਭਯਾ ਭਾਭੀ ਬੇਬ ॥ ਚਉਥੈ ਪਿਆਰਿ ਉਪੰਨੀ ਖੇਡ ॥ ਪੰਜਵੈ ਖਾਣ ਪੀਅਣ ਕੀ ਧਾਤੁ ॥ ਛਿਵੈ ਕਾਮੁ ਨ ਪੁਛੈ ਜਾਤਿ ॥ ਸਤਵੈ ਸੰਜਿ ਕੀਆ ਘਰ ਵਾਸੁ ॥ ਅਠਵੈ ਕ੍ਰੋਧੁ ਹੋਆ ਤਨ ਨਾਸੁ ॥ ਨਾਵੈ ਧਉਲੇ ਉਭੇ ਸਾਹ ॥ ਦਸਵੈ ਦਧਾ ਹੋਆ ਸੁਆਹ ॥ ਗਏ ਸਿਗੀਤ ਪੁਕਾਰੀ ਧਾਹ ॥ ਉਡਿਆ ਹੰਸੁ ਦਸਾਏ ਰਾਹ ॥ ਆਇਆ ਗਇਆ ਮੁਇਆ ਨਾਉ ॥ ਪਿਛੈ ਪਤਲਿ ਸਦਿਹੁ ਕਾਵ ॥ ਨਾਨਕ ਮਨਮੁਖਿ ਅੰਧੁ ਪਿਆਰੁ ॥ ਬਾਝੁ ਗੁਰੂ ਡੁਬਾ ਸੰਸਾਰੁ ॥੨॥

ਪਦਅਰਥ:- ਪਹਿਲੈ—ਪਹਿਲੀ ਅਵਸਥਾ ਵਿਚ। ਪਿਆਰਿ— ਪਿਆਰ ਨਾਲ। ਥਣ ਦੁਧਿ—ਥਣਾਂ ਦੇ ਦੁੱਧ ਵਿਚ। ਸੁਧਿ—ਸੂਝ, ਸੋਝੀ। ਭਯਾ—ਭਾਈਆ, ਭਾਈ। ਭਾਭੀ—ਭਰਜਾਈ। ਬੇਬ—ਭੈਣ। ਧਾਤੁ—ਧੌੜ, ਕਾਮਨਾ। ਸੰਜਿ—(ਪਦਾਰਥ) ਇਕੱਠੇ ਕਰ ਕੇ। ਸਿਗੀਤ—ਸੰਗੀ, ਸਾਥੀ। ਦਸਾਏ—ਪੁੱਛਦਾ ਹੈ। ਮੁਇਆ—ਭੁੱਲ ਗਿਆ, ਮੁੱਕ ਗਿਆ। ਅੰਧੁ—ਅੰਨ੍ਹਾ, ਅਗਿਆਨਤਾ ਵਾਲਾ।

ਅਰਥ:- (ਜੇ ਮਨੁੱਖ ਦੀ ਸਾਰੀ ਉਮਰ ਨੂੰ ਦਸ ਹਿੱਸਿਆਂ ਵਿਚ ਵੰਡੀਏ, ਤਾਂ ਇਸ ਦੀ ਸਾਰੀ ਉਮਰ ਦੇ ਕੀਤੇ ਉੱਦਮਾਂ ਦੀ ਤਸਵੀਰ ਇਉਂ ਬਣਦੀ ਹੈ:) ਪਹਿਲੀ ਅਵਸਥਾ ਵਿਚ (ਜੀਵ) ਪਿਆਰ ਨਾਲ (ਮਾਂ ਦੇ) ਥਣਾਂ ਦੇ ਦੁੱਧ ਵਿਚ ਰੁੱਝਦਾ ਹੈ; ਦੂਜੀ ਅਵਸਥਾ ਵਿਚ (ਭਾਵ, ਜਦੋਂ ਰਤਾ ਕੁ ਸਿਆਣਾ ਹੁੰਦਾ ਹੈ) (ਇਸ ਨੂੰ) ਮਾਂ ਤੇ ਪਿਉ ਦੀ ਸੋਝੀ ਹੋ ਜਾਂਦੀ ਹੈ, ਤੀਜੀ ਅਵਸਥਾ ਵਿਚ (ਅਪੜਿਆਂ ਜੀਵ ਨੂੰ) ਭਰਾ ਭਾਈ ਤੇ ਭੈਣ ਦੀ ਪਛਾਣ ਆਉਂਦੀ ਹੈ। ਚੌਥੀ ਅਵਸਥਾ ਵੇਲੇ ਖੇਡਾਂ ਵਿਚ ਪਿਆਰ ਦੇ ਕਾਰਣ (ਜੀਵ ਦੇ ਅੰਦਰ ਖੇਡਾਂ ਖੇਡਣ ਦੀ ਰੁਚੀ) ਉਪਜਦੀ ਹੈ, ਪੰਜਵੀਂ ਅਵਸਥਾ ਵਿਚ ਖਾਣ ਪੀਣ ਦੀ ਲਾਲਸਾ ਬਣਦੀ ਹੈ, ਛੇਵੀਂ ਅਵਸਥਾ ਵਿਚ (ਅੱਪੜ ਕੇ ਜੀਵ ਦੇ ਅੰਦਰ) ਕਾਮ (ਜਾਗਦਾ ਹੈ ਜੋ) ਜਾਤਿ ਕੁਜਾਤਿ ਭੀ ਨਹੀਂ ਵੇਖਦਾ। ਸਤਵੀਂ ਅਵਸਥਾ ਵੇਲੇ (ਜੀਵ ਪਦਾਰਥ) ਇਕੱਠੇ ਕਰ ਕੇ (ਆਪਣਾ) ਘਰ ਦਾ ਵਸੇਬਾ ਬਣਾਂਦਾ ਹੈ; ਅਠਵੀਂ ਅਵਸਥਾ ਵਿਚ (ਜੀਵ ਦੇ ਅੰਦਰ) ਗੁੱਸਾ (ਪੈਦਾ ਹੁੰਦਾ ਹੈ ਜੋ) ਸਰੀਰ ਦਾ ਨਾਸ ਕਰਦਾ ਹੈ। (ਉਮਰ ਦੇ) ਨਾਂਵੇਂ ਹਿੱਸੇ ਵਿਚ ਕੇਸ ਚਿੱਟੇ ਹੋ ਜਾਂਦੇ ਹਨ ਤੇ ਸਾਹ ਖਿੱਚ ਕੇ ਆਉਂਦੇ ਹਨ (ਭਾਵ, ਦਮ ਚੜ੍ਹਨ ਲੱਗ ਪੈਂਦਾ ਹੈ), ਦਸਵੇਂ ਦਰਜੇ ਤੇ ਜਾ ਕੇ ਸੜ ਕੇ ਸੁਆਹ ਹੋ ਜਾਂਦਾ ਹੈ।

ਜੋ ਸਾਥੀ (ਮਸਾਣਾਂ ਤਕ ਨਾਲ) ਜਾਂਦੇ ਹਨ, ਉਹ ਢਾਹਾਂ ਮਾਰ ਦੇਂਦੇ ਹਨ, ਜੀਵਾਤਮਾ (ਸਰੀਰ ਵਿਚੋਂ) ਨਿਕਲ ਕੇ (ਅਗਾਂਹ ਦੇ) ਰਾਹ ਪੁੱਛਦਾ ਹੈ। ਜੀਵ ਜਗਤ ਵਿਚ ਆਇਆ ਤੇ ਤੁਰ ਗਿਆ, (ਜਗਤ ਵਿਚ ਉਸ ਦਾ) ਨਾਮ ਭੀ ਭੁੱਲ ਗਿਆ, (ਉਸ ਦੇ ਮਰਨ) ਪਿਛੋਂ ਪੁੱਤਰਾਂ ਉਤੇ (ਪਿੰਡ ਭਰਾ ਕੇ) ਕਾਂਵਾਂ ਨੂੰ ਹੀ ਸੱਦੀਦਾ ਹੈ (ਉਸ ਜੀਵ ਨੂੰ ਕੁਝ ਨਹੀਂ ਅੱਪੜਦਾ)।

ਹੇ ਨਾਨਕ! ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦਾ (ਜਗਤ ਨਾਲ) ਪਿਆਰ ਅੰਨ੍ਹਿਆਂ ਵਾਲਾ ਪਿਆਰ ਹੈ, ਗੁਰੂ (ਦੀ ਸਰਣ ਆਉਣ) ਤੋਂ ਬਿਨਾ ਜਗਤ (ਇਸ 'ਅੰਧ ਪਿਆਰ' ਵਿਚ) ਡੁੱਬ ਰਿਹਾ ਹੈ।2।

ਮਃ ੧ ॥ ਦਸ ਬਾਲਤਣਿ ਬੀਸ ਰਵਣਿ ਤੀਸਾ ਕਾ ਸੁੰਦਰੁ ਕਹਾਵੈ ॥ ਚਾਲੀਸੀ ਪੁਰੁ ਹੋਇ ਪਚਾਸੀ ਪਗੁ ਖਿਸੈ ਸਠੀ ਕੇ ਬੋਢੇਪਾ ਆਵੈ ॥ ਸਤਰਿ ਕਾ ਮਤਿਹੀਣੁ ਅਸੀਹਾਂ ਕਾ ਵਿਉਹਾਰੁ ਨ ਪਾਵੈ ॥ ਨਵੈ ਕਾ ਸਿਹਜਾਸਣੀ ਮੂਲਿ ਨ ਜਾਣੈ ਅਪ ਬਲੁ ॥ ਢੰਢੋਲਿਮੁ ਢੂਢਿਮੁ ਡਿਠੁ ਮੈ ਨਾਨਕ ਜਗੁ ਧੂਏ ਕਾ ਧਵਲਹਰੁ ॥੩॥ {ਪੰਨਾ 138}

ਪਦਅਰਥ:- ਬਾਲਤਣਿ—ਬਾਲਕਪਨ ਵਿਚ। ਰਵਣ—ਕਾਮ-ਚੇਸ਼ਟਾ ਵਾਲੀ ਉਮਰ। ਰਵਣਿ—ਕਾਮ-ਚੇਸ਼ਟਾ ਵਾਲੀ ਅਵਸਥਾ ਵਿਚ। ਪੁਰੁ—ਭਰ-ਜੁਆਨ। ਪਗੁ—ਪੈਰ। ਖਿਸੈ—ਤਿਕਲਦਾ ਹੈ, ਹਿਠਾਂਹ ਨੂੰ ਖਿਸਕਦਾ ਹੈ।

ਸਿਹਜਾਸਣੀ—ਮੰਜੇ ਉਤੇ ਆਸਣ ਰੱਖਣ ਵਾਲਾ। ਅਪ ਬਲੁ—ਆਪਣਾ ਬਲ, ਆਪਣਾ ਆਪ। ਧਵਲਹਰੁ—ਧੌਲਰ, ਮੰਦਰ (ਧਵਲਹਰੁ—ਧਵਲ ਘਰੁ, ਸਫੈਦ ਪਲਸਤਰ ਵਾਲਾ ਮਕਾਨ)।

ਅਰਥ:- ਦਸਾਂ ਸਾਲਾਂ ਦਾ (ਜੀਵ) ਬਾਲਪਨ ਵਿਚ (ਹੁੰਦਾ ਹੈ) ਵੀਹਾਂ ਵਰ੍ਹਿਆਂ ਦਾ ਹੋ ਕੇ ਕਾਮ-ਚੇਸ਼ਟਾ ਵਾਲੀ ਅਵਸਥਾ ਵਿਚ (ਅੱਪੜਦਾ ਹੈ), ਤੀਹਾਂ ਸਾਲਾਂ ਦਾ ਹੋ ਕੇ ਸੋਹਣਾ ਅਖਵਾਂਦਾ ਹੈ। ਚਾਲੀ ਸਾਲਾਂ ਦੀ ਉਮਰੇ ਭਰ-ਜੁਆਨ ਹੁੰਦਾ ਹੈ, ਪੰਜਾਹ ਤੇ ਅੱਪੜ ਕੇ ਪੈਰ (ਜੁਆਨੀ ਤੋਂ ਹਿਠਾਂਹ) ਖਿਸਕਣ ਲੱਗ ਪੈਂਦਾ ਹੈ, ਸੱਠ ਸਾਲਾਂ ਤੇ ਬੁਢੇਪਾ ਆ ਜਾਂਦਾ ਹੈ ਸੱਤਰ ਸਾਲਾਂ ਦਾ ਜੀਵ ਅਕਲੋਂ ਹੀਣਾ ਹੋਣ ਲੱਗ ਜਾਂਦਾ ਹੈ, ਤੇ ਅੱਸੀ ਸਾਲਾਂ ਦਾ ਕੰਮ ਕਾਰ ਜੋਗਾ ਨਹੀਂ ਰਹਿੰਦਾ। ਨੱਵੇ ਸਾਲ ਦਾ ਮੰਜੇ ਤੋਂ ਹੀ ਨਹੀਂ ਹਿੱਲ ਸਕਦਾ, ਆਪਣਾ ਆਪ ਭੀ ਸੰਭਾਲ ਨਹੀਂ ਸਕਦਾ।

ਹੇ ਨਾਨਕ! ਮੈਂ ਢੂੰਢਿਆ ਹੈ, ਭਾਲਿਆ ਹੈ, ਵੇਖਿਆ ਹੈ, ਇਹ ਜਗਤ ਚਿੱਟਾ ਪਲਸਤਰੀ ਮੰਦਰ ਹੈ (ਭਾਵ, ਵੇਖਣ ਨੂੰ ਸੋਹਣਾ ਹੈ) ਪਰ ਹੈ ਧੂਏਂ ਦਾ (ਭਾਵ, ਸਦਾ ਰਹਿਣ ਵਾਲਾ ਨਹੀਂ)।3।

ਪਉੜੀ ॥ ਤੂੰ ਕਰਤਾ ਪੁਰਖੁ ਅਗੰਮੁ ਹੈ ਆਪਿ ਸ੍ਰਿਸਟਿ ਉਪਾਤੀ ॥ ਰੰਗ ਪਰੰਗ ਉਪਾਰਜਨਾ ਬਹੁ ਬਹੁ ਬਿਧਿ ਭਾਤੀ ॥ ਤੂੰ ਜਾਣਹਿ ਜਿਨਿ ਉਪਾਈਐ ਸਭੁ ਖੇਲੁ ਤੁਮਾਤੀ ॥ ਇਕਿ ਆਵਹਿ ਇਕਿ ਜਾਹਿ ਉਠਿ ਬਿਨੁ ਨਾਵੈ ਮਰਿ ਜਾਤੀ ॥ ਗੁਰਮੁਖਿ ਰੰਗਿ ਚਲੂਲਿਆ ਰੰਗਿ ਹਰਿ ਰੰਗਿ ਰਾਤੀ ॥ ਸੋ ਸੇਵਹੁ ਸਤਿ ਨਿਰੰਜਨੋ ਹਰਿ ਪੁਰਖੁ ਬਿਧਾਤੀ ॥ ਤੂੰ ਆਪੇ ਆਪਿ ਸੁਜਾਣੁ ਹੈ ਵਡ ਪੁਰਖੁ ਵਡਾਤੀ ॥ ਜੋ ਮਨਿ ਚਿਤਿ ਤੁਧੁ ਧਿਆਇਦੇ ਮੇਰੇ ਸਚਿਆ ਬਲਿ ਬਲਿ ਹਉ ਤਿਨ ਜਾਤੀ ॥੧॥ {ਪੰਨਾ 138}

ਪਦਅਰਥ:- ਅਗੰਮੁ—ਜਿਸ ਤਕ ਪਹੁੰਚ ਨਾ ਹੋ ਸਕੇ। ਰੰਗ ਪਰੰਗ—ਕਈ ਰੰਗਾਂ ਦੀ। ਉਪਾਰਜਨਾ—ਪੈਦਾ ਕੀਤੀ। ਤੁਮਾਰੀ—ਤੇਰਾ ਹੀ। ਇਕਿ—ਕਈ ਜੀਵ। ਚਲੂਲਿਆ—{ਚੂੰ-ਲਾਲਹ, ਫਾਰਸੀ} ਲਾਲਹ ਫੁੱਲ ਵਰਗੇ ਲਾਲ, ਗੂੜ੍ਹੇ ਲਾਲ ਰੰਗ ਵਾਲੇ। ਸੋ ਨਿਰੰਜਨੋ—ਉਸ ਮਾਇਆ ਰਹਿਤ ਪ੍ਰਭੂ ਨੂੰ। ਬਿਧਾਤੀ—ਬਿਧਾਤਾ, ਸਿਰਜਣਹਾਰ। ਸੁਜਾਣੁ—ਚੰਗੀ ਤਰ੍ਹਾਂ ਜਾਣਨ ਵਾਲਾ, ਸਿਆਣਾ।

ਅਰਥ:- ਹੇ (ਪ੍ਰਭੂ!) ਤੂੰ ਸਿਰਜਣਹਾਰ ਹੈਂ, ਸਭ ਵਿਚ ਮੌਜੂਦ ਹੈਂ, (ਫਿਰ ਭੀ) ਤੇਰੇ ਤੀਕ ਕਿਸੇ ਦੀ ਪਹੁੰਚ ਨਹੀਂ ਹੈ, ਤੂੰ ਆਪ (ਸਾਰੀ) ਸ੍ਰਿਸ਼ਟੀ ਉਪਾਈ ਹੈ, (ਇਹ ਰਚਨਾ) ਤੂੰ ਕਈ ਰੰਗਾਂ ਦੀ ਕਈ ਕਿਸਮਾਂ ਦੀ ਕਈ ਤਰੀਕਿਆਂ ਨਾਲ ਬਣਾਈ ਹੈ। (ਜਗਤ ਦਾ ਇਹ) ਸਾਰਾ ਤਮਾਸ਼ਾ ਤੇਰਾ ਹੀ (ਬਣਾਇਆ ਹੋਇਆ) ਹੈ, (ਇਸ ਤਮਾਸ਼ੇ ਦੇ ਭੇਤ ਨੂੰ) ਤੂੰ ਆਪ ਹੀ ਜਾਣਦਾ ਹੈਂ, ਜਿਸ ਨੇ (ਖੇਲ ਬਣਾਇਆ ਹੋਇਆ) ਹੈ।) ਇਸ ਤਮਾਸ਼ੇ ਵਿਚ) ਕਈ ਜੀਵ ਆ ਰਹੇ ਹਨ, ਕਈ (ਤਮਾਸ਼ਾ ਵੇਖ ਕੇ) ਤੁਰੇ ਜਾ ਰਹੇ ਹਨ, (ਪਰ ਜੋ) 'ਨਾਮ' ਤੋਂ ਸੱਖਣੇ ਹਨ ਉਹ ਮਰ ਕੇ (ਭਾਵ, ਦੁਖੀ ਹੋ ਕੇ) ਜਾਂਦੇ ਹਨ, ਉਹ ਮਨੁੱਖ ਗੁਰੂ ਦੇ ਸਨਮੁਖ ਹਨ ਉਹ (ਪ੍ਰਭੂ ਦੇ) ਪਿਆਰ ਵਿਚ ਗੂੜ੍ਹੇ ਰੰਗੇ ਹੋਏ ਹਨ, ਉਹ ਨਿਰੋਲ ਹਰੀ ਦੇ ਪਿਆਰ ਰੰਗੇ ਹੋਏ ਹਨ।

(ਹੇ ਭਾਈ!) ਜੋ ਪ੍ਰਭੂ ਸਭ ਵਿਚ ਵਿਆਪਕ (ਪੁਰਖ) ਹੈ, ਜਗਤ ਦਾ ਰਚਨ ਵਾਲਾ ਹੈ, ਸਦਾ-ਥਿਰ ਰਹਿਣ ਵਾਲਾ ਹੈ ਤੇ ਮਾਇਆ ਤੋਂ ਰਹਿਤ ਹੈ, ਉਸ ਨੂੰ ਸਿਮਰੋ।

ਹੇ ਪ੍ਰਭੂ! ਤੂੰ ਸਭ ਤੋਂ ਵੱਡੀ ਹਸਤੀ ਵਾਲਾ ਹੈਂ, ਤੂੰ ਆਪ ਹੀ ਸਭ ਕੁਝ ਜਾਣਨ ਵਾਲਾ ਹੈਂ; ਹੇ ਮੇਰੇ ਸੱਚੇ (ਸਾਹਿਬ!) ਜੋ ਤੈਨੂੰ ਮਨ ਲਾ ਕੇ ਚਿੱਤ ਲਾ ਕੇ ਸਿਮਰਦੇ ਹਨ, ਮੈਂ ਉਹਨਾਂ ਤੋਂ ਸਦਕੇ ਹਾਂ।1।

ਸਲੋਕ ਮਃ ੧ ॥ ਜੀਉ ਪਾਇ ਤਨੁ ਸਾਜਿਆ ਰਖਿਆ ਬਣਤ ਬਣਾਇ ॥ ਅਖੀ ਦੇਖੈ ਜਿਹਵਾ ਬੋਲੈ ਕੰਨੀ ਸੁਰਤਿ ਸਮਾਇ ॥ ਪੈਰੀ ਚਲੈ ਹਥੀ ਕਰਣਾ ਦਿਤਾ ਪੈਨੈ ਖਾਇ ॥ ਜਿਨਿ ਰਚਿ ਰਚਿਆ ਤਿਸਹਿ ਨ ਜਾਣੈ ਅੰਧਾ ਅੰਧੁ ਕਮਾਇ ॥ ਜਾ ਭਜੈ ਤਾ ਠੀਕਰੁ ਹੋਵੈ ਘਾੜਤ ਘੜੀ ਨ ਜਾਇ ॥ ਨਾਨਕ ਗੁਰ ਬਿਨੁ ਨਾਹਿ ਪਤਿ ਪਤਿ ਵਿਣੁ ਪਾਰਿ ਨ ਪਾਇ ॥੧॥

ਪਦਅਰਥ:- ਜੀਉ—ਜਿੰਦ। ਤਨੁ—ਸਰੀਰ। ਬਣਤ—ਘਾੜਤ। ਅਖੀ—ਅੱਖੀਂ, ਅੱਖਾਂ ਨਾਲ। ਕੰਨੀ—ਕੰਨੀਂ, ਕੰਨਾਂ ਵਿਚ। ਸੁਰਤਿ—ਸੁਣਨ ਦੀ ਸੱਤਿਆ। ਸਮਾਇ—ਟਿਕੀ ਹੋਈ ਹੈ, ਮੌਜੂਦ ਹੈ। ਅੰਧੁ—ਅੰਨ੍ਹਿਆਂ ਵਾਲਾ ਕੰਮ। ਪਾਰਿ ਨਾ ਪਾਇ—ਪਾਰ ਨਹੀਂ ਲੰਘਦਾ। ਪਤਿ—ਇੱਜ਼ਤ, ਪ੍ਰਭੂ ਦੀ ਮਿਹਰ।

ਅਰਥ:- (ਪ੍ਰਭੂ ਨੇ) ਜਿੰਦ ਪਾ ਕੇ (ਮਨੁੱਖ ਦਾ) ਸਰੀਰ ਬਣਾਇਆ ਹੈ, (ਕਿਆ ਸੋਹਣੀ) ਘਾੜਤ ਘੜ ਕੇ ਰੱਖੀ ਹੈ। ਅੱਖਾਂ ਨਾਲ ਇਹ ਵੇਖਦਾ ਹੈ, ਜੀਭ ਨਾਲ ਬੋਲਦਾ ਹੈ, (ਇਸ ਦੇ) ਕੰਨਾਂ ਵਿਚ ਸੁਣਨ ਦੀ ਸੱਤਿਆ ਮੌਜੂਦ ਹੈ, ਪੈਰਾਂ ਨਾਲ ਤੁਰਦਾ ਹੈ, ਹੱਥਾਂ ਨਾਲ (ਕੰਮ) ਕਰਦਾ ਹੈ, ਤੇ (ਪ੍ਰਭੂ ਦਾ) ਦਿੱਤਾ ਖਾਂਦਾ ਪਹਿਨਦਾ ਹੈ। ਪਰ, ਜਿਸ (ਪ੍ਰਭੂ) ਨੇ (ਇਸ ਦੇ ਸਰੀਰ ਨੂੰ) ਬਣਾਇਆ ਸੁਆਰਿਆ ਹੈ, ਉਸ ਨੂੰ ਇਹ ਪਛਾਣਦਾ (ਭੀ) ਨਹੀਂ, ਅੰਨ੍ਹਾ ਮਨੁੱਖ (ਭਾਵ, ਆਤਮਕ ਜੀਵਨ ਵਲੋਂ ਬੇ-ਸਮਝ) ਅੰਨ੍ਹਿਆਂ ਵਾਲਾ ਕੰਮ ਕਰਦਾ ਹੈ (ਭਾਵ, ਔਝੜੇ ਪਿਆ ਭਟਕਦਾ ਹੈ)।

ਜਦੋਂ (ਇਹ ਸਰੀਰ-ਰੂਪ ਭਾਂਡਾ) ਟੁੱਟ ਜਾਂਦਾ ਹੈ, ਤਾਂ (ਇਹ ਤਾਂ) ਠੀਕਰਾ ਹੋ ਜਾਂਦਾ ਹੈ (ਭਾਵ, ਕਿਸੇ ਕੰਮ ਦਾ ਨਹੀਂ ਰਹਿ ਜਾਂਦਾ) ਤੇ ਮੁੜ ਇਹ (ਸਰੀਰਕ) ਬਣਤਰ ਬਣ ਭੀ ਨਹੀਂ ਸਕਦੀ। ਹੇ ਨਾਨਕ! (ਅੰਨ੍ਹਾ ਮਨੁੱਖ) ਗੁਰੂ (ਦੀ ਸਰਨ) ਤੋਂ ਬਿਨਾ ਬਖ਼ਸ਼ਸ਼ ਤੋਂ ਵਾਂਜਿਆ ਰਹਿੰਦਾ ਹੈ, ਤੇ ਪ੍ਰਭੂ ਦੀ ਮਿਹਰ ਤੋਂ ਬਿਨਾ (ਇਸ ਔਝੜ ਵਿਚੋਂ) ਪਾਰ ਨਹੀਂ ਲੰਘ ਸਕਦਾ।1।

ਮਃ ੨ ॥ ਦੇਂਦੇ ਥਾਵਹੁ ਦਿਤਾ ਚੰ ਗਾ ਮਨਮੁਖਿ ਐਸਾ ਜਾਣੀਐ ॥ ਸੁਰਤਿ ਮਤਿ ਚਤੁਰਾਈ ਤਾ ਕੀ ਕਿਆ ਕਰਿ ਆਖਿ ਵਖਾਣੀਐ ॥ ਅੰਤਰਿ ਬਹਿ ਕੈ ਕਰਮ ਕਮਾਵੈ ਸੋ ਚਹੁ ਕੁੰਡੀ ਜਾਣੀਐ ॥ ਜੋ ਧਰਮੁ ਕਮਾਵੈ ਤਿਸੁ ਧਰਮ ਨਾਉ ਹੋਵੈ ਪਾਪਿ ਕਮਾਣੈ ਪਾਪੀ ਜਾਣੀਐ ॥ ਤੂੰ ਆਪੇ ਖੇਲ ਕਰਹਿ ਸਭਿ ਕਰਤੇ ਕਿਆ ਦੂਜਾ ਆਖਿ ਵਖਾਣੀਐ ॥ ਜਿਚਰੁ ਤੇਰੀ ਜੋਤਿ ਤਿਚਰੁ ਜੋਤੀ ਵਿਚਿ ਤੂੰ ਬੋਲਹਿ ਵਿਣੁ ਜੋਤੀ ਕੋਈ ਕਿਛੁ ਕਰਿਹੁ ਦਿਖਾ ਸਿਆਣੀਐ ॥ ਨਾਨਕ ਗੁਰਮੁਖਿ ਨਦਰੀ ਆਇਆ ਹਰਿ ਇਕੋ ਸੁਘੜੁ ਸੁਜਾਣੀਐ ॥੨॥ {ਪੰਨਾ 138}

ਪਦਅਰਥ:- ਦੇਂਦੇ ਥਾਵਹੁ—ਦੇਣ ਵਾਲੇ ਨਾਲੋਂ। ਸੁਰਤਿ—ਸੂਝ। ਮਤਿ—ਅਕਲ। ਕਿਆ ਕਰਿ ਆਖਿ—ਕਿਆ ਆਖਿ ਕਰਿ? ਕੀ ਆਖ ਕੇ? ਕਿੰਨ੍ਹਾਂ ਲਫ਼ਜ਼ਾਂ ਨਾਲ? ਅੰਤਰਿ ਬਹਿ ਕੈ—ਅੰਦਰ ਬੈਠ ਕੇ, (ਭਾਵ) ਲੁਕ ਕੇ। ਪਾਪਿ ਕਮਾਣੈ—ਜੇ ਮੰਦੇ ਕੰਮ ਕਰੀਏ। ਚਹੁ ਕੁੰਡੀ—ਚਹੁਆਂ ਕੂਟਾਂ ਵਿਚ, ਹਰ ਪਾਸੇ। ਦਿਖਾ—ਦੇਖਾਂ, ਵੇਖਾਂ।

ਅਰਥ:- ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਇਹੋ ਜਿਹਾ ਸਮਝ ਲਵੋ (ਕਿ ਉਸ ਨੂੰ) ਦੇਣ ਵਾਲੇ (ਪਰਮਾਤਮਾ) ਨਾਲੋਂ (ਉਸ ਦਾ) ਦਿੱਤਾ ਹੋਇਆ (ਪਦਾਰਥ) ਚੰਗਾ ਲੱਗਦਾ ਹੈ। ਉਸ ਮਨੁੱਖ ਦੀ ਸੂਝ, ਅਕਲ ਤੇ ਸਿਆਣਪ (ਅਜੇਹੀ ਨੀਵੀਂ ਹੈ ਕਿ) ਲਫ਼ਜ਼ਾਂ ਨਾਲ ਬਿਆਨ ਨਹੀਂ ਕੀਤੀ ਜਾ ਸਕਦੀ ਹੈ। (ਉਹ ਆਪਣੇ ਵਲੋਂ) ਲੁਕ ਕੇ (ਮੰਦੇ) ਕੰਮ ਕਰਦਾ ਹੈ, (ਪਰ ਜੋ ਕੁਝ ਉਹ ਕਰਦਾ ਹੈ) ਉਹ ਹਰ ਥਾਂ ਨਸ਼ਰ ਹੋ ਜਾਂਦਾ ਹੈ। (ਕੁਦਰਤ ਦਾ ਨੇਮ ਹੀ ਐਸਾ ਹੈ ਕਿ) ਜੋ ਮਨੁੱਖ ਭਲਾ ਕੰਮ ਕਰਦਾ ਹੈ, ਉਸਦਾ ਨਾਮ 'ਧਰਮੀ' ਪੈ ਜਾਂਦਾ ਹੈ, ਮੰਦੇ ਕੰਮ ਕੀਤਿਆਂ ਮਨੁੱਖ ਮੰਦਾ ਹੀ ਸਮਝਿਆ ਜਾਂਦਾ ਹੈ।

(ਪਰ ਮੰਦਾ ਕਿਸ ਨੂੰ ਆਖੀਏ?) (ਹੇ ਪ੍ਰਭੂ!) ਸਾਰੇ ਕੌਤਕ ਤੂੰ ਆਪ ਹੀ ਕਰ ਰਿਹਾ ਹੈਂ। ਤੈਥੋਂ ਵੱਖਰਾ ਹੋਰ ਕੇਹੜਾ ਦੱਸੀਏ? (ਜੀਵਾਂ ਦੇ ਅੰਦਰ) ਜਿਤਨਾ ਚਿਰ ਤੇਰੀ ਜੋਤਿ ਮੌਜੂਦ ਹੈ ਉਤਨਾ ਚਿਰ ਉਸ ਜੋਤਿ ਵਿਚ ਤੂੰ (ਆਪ ਹੀ) ਬੋਲਦਾ ਹੈਂ। ਜਦੋਂ ਤੇਰੀ ਜੋਤਿ ਨਿਕਲ ਜਾਏ, ਤਾਂ ਭਲਾ ਕੋਈ ਕੁਝ ਕਰੇ ਤਾਂ ਸਹੀ, ਅਸੀਂ ਪਰਖ ਕੇ ਵੇਖੀਏ, (ਭਾਵ, ਤੇਰੀ ਜੋਤਿ ਤੋਂ ਬਿਨਾ ਕੋਈ ਕੁਝ ਨਹੀਂ ਕਰ ਸਕਦਾ; ਸੋ, ਮਨਸੁਖ ਵਿਚ ਭੀ ਤੇਰੀ ਹੀ ਜੋਤਿ ਹੈ)। ਹੇ ਨਾਨਕ! ਗੁਰੂ ਦੀ ਸਰਨ ਆਏ ਮਨੁੱਖ ਨੂੰ (ਹਰ ਥਾਂ) ਇਕੋ ਸਿਆਣਾ ਤੇ ਸੁਜਾਨ ਪ੍ਰਭੂ ਹੀ ਦਿੱਸਦਾ ਹੈ।2।

ਪਉੜੀ ॥ ਤੁਧੁ ਆਪੇ ਜਗਤੁ ਉਪਾਇ ਕੈ ਤੁਧੁ ਆਪੇ ਧੰਧੈ ਲਾਇਆ ॥ ਮੋਹ ਠਗਉਲੀ ਪਾਇ ਕੈ ਤੁਧੁ ਆਪਹੁ ਜਗਤੁ ਖੁਆਇਆ ॥ ਤਿਸਨਾ ਅੰਦਰਿ ਅਗਨਿ ਹੈ ਨਹ ਤਿਪਤੈ ਭੁਖਾ ਤਿਹਾਇਆ ॥ ਸਹਸਾ ਇਹੁ ਸੰਸਾਰੁ ਹੈ ਮਰਿ ਜੰਮੈ ਆਇਆ ਜਾਇਆ ॥ ਬਿਨੁ ਸਤਿਗੁਰ ਮੋਹੁ ਨ ਤੁਟਈ ਸਭਿ ਥਕੇ ਕਰਮ ਕਮਾਇਆ ॥ ਗੁਰਮਤੀ ਨਾਮੁ ਧਿਆਈਐ ਸੁਖਿ ਰਜਾ ਜਾ ਤੁਧੁ ਭਾਇਆ ॥ ਕੁਲੁ ਉਧਾਰੇ ਆਪਣਾ ਧੰਨੁ ਜਣੇਦੀ ਮਾਇਆ ॥ ਸੋਭਾ ਸੁਰਤਿ ਸੁਹਾਵਣੀ ਜਿਨਿ ਹਰਿ ਸੇਤੀ ਚਿਤੁ ਲਾਇਆ ॥੨॥ {ਪੰਨਾ 138}

ਪਦਅਰਥ:- ਠਗਉਲੀ—ਠਗ-ਮੂਰੀ, ਠਗ-ਬੂਟੀ। ਆਪਹੁ—ਆਪਣੇ ਆਪ ਤੋਂ। ਖੁਆਇਆ—ਖੁੰਝਾ ਦਿੱਤਾ। ਨਹ ਤਿਪਤੈ—ਨਹੀਂ ਰੱਜਦਾ। ਸਹਸਾ—ਤੌਖ਼ਲਾ। ਸੁਖਿ—ਸੁਖ ਵਿਚ। ਰਜਾ—ਰੱਜ ਗਿਆ। ਮਾਇਆ—ਮਾਂ। ਜਣੇਦੀ—ਜੰਮਣ ਵਾਲੀ।

ਅਰਥ:- (ਹੇ ਪ੍ਰਭੂ!) ਤੂੰ ਆਪ ਹੀ ਜਗਤ ਪੈਦਾ ਕਰ ਕੇ ਤੂੰ ਆਪ ਹੀ (ਇਸ ਨੂੰ) ਜੰਜਾਲ ਵਿਚ ਪਾ ਦਿੱਤਾ ਹੈ। (ਮਾਇਆ ਦੇ) ਮੋਹ ਦੀ ਠਗ ਬੂਟੀ ਖੁਆ ਕੇ ਤੂੰ ਜਗਤ ਨੂੰ ਆਪਣੇ ਆਪ ਤੋਂ (ਭਾਵ, ਆਪਣੀ ਯਾਦ ਤੋਂ) ਖੁੰਝਾ ਦਿੱਤਾ ਹੈ। (ਜਗਤ ਦੇ) ਅੰਦਰ ਤ੍ਰਿਸ਼ਨਾ ਦੀ ਅੱਗ (ਬਲ ਰਹੀ) ਹੈ, (ਇਸ ਵਾਸਤੇ ਇਹ ਮਾਇਆ ਦੀ) ਤ੍ਰਿਹ ਤੇ ਭੁੱਖ ਦਾ ਮਾਰਿਆ ਹੋਇਆ ਰੱਜਦਾ ਨਹੀਂ ਹੈ। ਇਹ ਜਗਤ ਹੈ ਹੀ ਤੌਖ਼ਲਾ (ਰੂਪ), (ਇਸ ਤੌਖ਼ਲੇ ਵਿਚ ਪਿਆ ਜੀਵ) ਜੰਮਦਾ ਮਰਦਾ ਤੇ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ। (ਮਾਇਆ ਦਾ ਇਹ) ਮੋਹ ਗੁਰੂ (ਦੀ ਸਰਨ) ਤੋਂ ਬਿਨਾ ਟੁੱਟਦਾ ਨਹੀਂ, (ਬਥੇਰੇ ਜੀਵ) ਹੋਰ ਹੋਰ (ਧਾਰਮਿਕ) ਕੰਮ ਕਰ ਕੇ ਹਾਰ ਚੁਕੇ ਹਨ।

ਪ੍ਰਭੂ ਦਾ ਨਾਮ ਗੁਰੂ ਦੀ ਸਿੱਖਿਆ ਦੀ ਰਾਹੀਂ ਹੀ ਸਿਮਰਿਆ ਜਾ ਸਕਦਾ ਹੈ। (ਹੇ ਪ੍ਰਭੂ!) ਜਦੋਂ ਤੈਨੂੰ ਭਾਵੇ (ਤਾਂ ਜੀਵ ਤੇਰੇ ਨਾਮ ਦੇ) ਸੁਖ ਵਿਚ (ਟਿਕ ਕੇ) ਤ੍ਰਿਪਤ ਹੁੰਦਾ ਹੈ। ਧੰਨ ਹੈ (ਉਸ ਜੀਵ ਦੀ) ਜੰਮਣ ਵਾਲੀ ਮਾਂ, (ਨਾਮ ਦੀ ਬਰਕਤਿ ਨਾਲ ਉਹ) ਆਪਣਾ ਖ਼ਾਨਦਾਨ (ਹੀ ਵਿਕਾਰਾਂ ਤੋਂ) ਬਚਾ ਲੈਂਦਾ ਹੈ। ਜਿਸ ਮਨੁੱਖ ਨੇ ਪ੍ਰਭੂ ਨਾਲ ਚਿੱਤ ਜੋੜਿਆ ਹੈ, (ਜਗਤ ਵਿਚ ਉਸ ਦੀ) ਸੋਭਾ ਹੁੰਦੀ ਹੈ ਤੇ ਉਸ ਦੀ ਸੋਹਣੀ ਸੂਝ ਹੋ ਜਾਂਦੀ ਹੈ।2।

ਸਲੋਕੁ ਮਃ ੨ ॥ ਅਖੀ ਬਾਝਹੁ ਵੇਖਣਾ ਵਿਣੁ ਕੰਨਾ ਸੁਨਣਾ ॥ ਪੈਰਾ ਬਾਝਹੁ ਚਲਣਾ ਵਿਣੁ ਹਥਾ ਕਰਣਾ ॥ ਜੀਭੈ ਬਾਝਹੁ ਬੋਲਣਾ ਇਉ ਜੀਵਤ ਮਰਣਾ ॥ ਨਾਨਕ ਹੁਕਮੁ ਪਛਾਣਿ ਕੈ ਤਉ ਖਸਮੈ ਮਿਲਣਾ ॥੧॥ {ਪੰਨਾ 139}

ਅਰਥ:- ਜੇ ਅੱਖਾਂ ਤੋਂ ਬਿਨਾ ਵੇਖੀਏ (ਭਾਵ, ਜੇ ਪਰਾਇਆ ਰੂਪ ਤੱਕਣ ਦੀ ਵਾਦੀ ਵਲੋਂ ਇਹਨਾਂ ਅੱਖਾਂ ਨੂੰ ਹਟਾ ਕੇ ਜਗਤ ਨੂੰ ਵੇਖੀਏ), ਕੰਨਾਂ ਤੋਂ ਬਿਨਾ ਸੁਣੀਏ (ਭਾਵ, ਜੇ ਨਿੰਦਾ ਸੁਣਨ ਦੀ ਵਾਦੀ ਹਟਾ ਕੇ ਇਹ ਕੰਨ ਵਰਤੀਏ), ਜੇ ਪੈਰਾਂ ਤੋਂ ਬਿਨਾ ਤੁਰੀਏ (ਭਾਵ, ਜੇ ਮੰਦੇ ਪਾਸੇ ਵਲ ਦੌੜਨ ਤੋਂ ਪੈਰਾਂ ਨੂੰ ਵਰਜ ਰੱਖੀਏ), ਜੇ ਹੱਥਾਂ ਤੋਂ ਬਿਨਾ ਕੰਮ ਕਰੀਏ (ਭਾਵ, ਜੇ ਪਰਾਇਆ ਨੁਕਸਾਨ ਕਰਨ ਵਲੋਂ ਰੋਕ ਕੇ ਹੱਥਾਂ ਨੂੰ ਵਰਤੀਏ), ਜੇ ਜੀਭ ਤੋਂ ਬਿਨਾ ਬੋਲੀਏ, (ਭਾਵ ਜੇ ਨਿੰਦਾ ਕਰਨ ਦੀ ਵਾਦੀ ਹਟਾ ਕੇ ਜੀਭ ਤੋਂ ਬੋਲਣ ਦਾ ਕੰਮ ਲਈਏ), —ਇਸ ਤਰ੍ਹਾਂ ਜਿਉਂਦਿਆਂ ਮਰੀਦਾ ਹੈ। ਹੇ ਨਾਨਕ! ਖਸਮ ਪ੍ਰਭੂ ਦਾ ਹੁਕਮ ਪਛਾਣੀਏ ਤਾਂ ਉਸ ਨੂੰ ਮਿਲੀਦਾ ਹੈ (ਭਾਵ, ਜੇ ਇਹ ਸਮਝ ਲਈਏ ਕਿ ਖਸਮ ਪ੍ਰਭੂ ਵਲੋਂ ਅੱਖਾਂ ਆਦਿਕ ਇੰਦ੍ਰਿਆਂ ਨੂੰ ਕਿਵੇਂ ਵਰਤਣ ਦਾ ਹੁਕਮ ਹੈ, ਤਾਂ ਉਸ ਪ੍ਰਭੂ ਨੂੰ ਮਿਲ ਪਈਦਾ ਹੈ)।1।

ਮਃ ੨ ॥ ਦਿਸੈ ਸੁਣੀਐ ਜਾਣੀਐ ਸਾਉ ਨ ਪਾਇਆ ਜਾਇ ॥ ਰੁਹਲਾ ਟੁੰਡਾ ਅੰਧੁਲਾ ਕਿਉ ਗਲਿ ਲਗੈ ਧਾਇ ॥ ਭੈ ਕੇ ਚਰਣ ਕਰ ਭਾਵ ਕੇ ਲੋਇਣ ਸੁਰਤਿ ਕਰੇਇ ॥ ਨਾਨਕੁ ਕਹੈ ਸਿਆਣੀਏ ਇਵ ਕੰਤ ਮਿਲਾਵਾ ਹੋਇ ॥੨॥

ਪਦਅਰਥ:- ਸਾਉ—ਸੁਆਦ, ਆਨੰਦ। ਰੁਹਲਾ—ਲੂਲ੍ਹਾ, ਪੈਰ-ਹੀਣ। ਟੁੰਡਾ—ਹੱਥ-ਹੀਣ। ਧਾਇ—ਦੌੜ ਕੇ, ਭੱਜ ਕੇ। ਭੈ ਕੇ—(ਪ੍ਰਭੂ ਦੇ) ਡਰ ਦੇ। ਕਰ—ਹੱਥ। ਭਾਵ—ਪਿਆਰ। ਲੋਇਣ—ਅੱਖਾਂ। ਸੁਰਤਿ—ਧਿਆਨ। ਇਵ—ਇਸ ਤਰ੍ਹਾਂ।

ਅਰਥ:- (ਪਰਮਾਤਮਾ ਕੁਦਰਤਿ ਵਿਚ ਵੱਸਦਾ) ਦਿੱਸ ਰਿਹਾ ਹੈ, (ਉਸ ਦੀ ਜੀਵਨ-ਰੌ ਸਾਰੀ ਰਚਨਾ ਵਿਚ) ਸੁਣੀ ਜਾ ਰਹੀ ਹੈ, (ਉਸ ਦੇ ਕੰਮਾਂ ਤੋਂ) ਜਾਪ ਰਿਹਾ ਹੈ (ਕਿ ਉਹ ਕੁਦਰਤਿ ਵਿਚ ਮੌਜੂਦ ਹੈ, ਫਿਰ ਭੀ ਉਸ ਦੇ ਮਿਲਾਪ ਦਾ) ਸੁਆਦ (ਜੀਵ ਨੂੰ) ਹਾਸਲ ਨਹੀਂ ਹੁੰਦਾ। (ਇਹ ਕਿਉਂ?) ਇਸ ਵਾਸਤੇ ਕਿ ਪ੍ਰਭੂ ਨੂੰ ਮਿਲਣ ਲਈ (ਜੀਵ ਦੇ) ਨਾਹ ਪੈਰ ਹਨ, ਨਾਹ ਹੱਥ ਹਨ ਤੇ ਨਾਹ ਅੱਖਾਂ ਹਨ (ਫਿਰ ਇਹ) ਕਿਵੇਂ ਭੱਜ ਕੇ (ਪ੍ਰਭੂ ਦੇ) ਗਲ ਜਾ ਲੱਗੇ?

ਜੇ (ਜੀਵ ਪ੍ਰਭੂ ਦੇ) ਡਰ (ਵਿਚ ਤੁਰਨ) ਨੂੰ (ਆਪਣੇ) ਪੈਰ ਬਣਾਏ, ਪਿਆਰ ਦੇ ਹੱਥ ਬਣਾਏ ਤੇ (ਪ੍ਰਭੂ ਦੀ) ਯਾਦ (ਵਿਚ ਜੁੜਨ) ਨੂੰ ਅੱਖਾਂ ਬਣਾਏ, ਤਾਂ ਨਾਨਕ ਆਖਦਾ ਹੈ ਹੇ ਸਿਆਣੀ (ਜੀਵ-ਇਸਤ੍ਰੀਏ)! ਇਸ ਤਰ੍ਹਾਂ ਖਸਮ-ਪ੍ਰਭੂ ਨਾਲ ਮੇਲ ਹੁੰਦਾ ਹੈ।2।

ਪਉੜੀ ॥ ਸਦਾ ਸਦਾ ਤੂੰ ਏਕੁ ਹੈ ਤੁਧੁ ਦੂਜਾ ਖੇਲੁ ਰਚਾਇਆ ॥ ਹਉਮੈ ਗਰਬੁ ਉਪਾਇ ਕੈ ਲੋਭੁ ਅੰਤਰਿ ਜੰਤਾ ਪਾਇਆ ॥ ਜਿਉ ਭਾਵੈ ਤਿਉ ਰਖੁ ਤੂ ਸਭ ਕਰੇ ਤੇਰਾ ਕਰਾਇਆ ॥ ਇਕਨਾ ਬਖਸਹਿ ਮੇਲਿ ਲੈਹਿ ਗੁਰਮਤੀ ਤੁਧੈ ਲਾਇਆ ॥ ਇਕਿ ਖੜੇ ਕਰਹਿ ਤੇਰੀ ਚਾਕਰੀ ਵਿਣੁ ਨਾਵੈ ਹੋਰੁ ਨ ਭਾਇਆ ॥ ਹੋਰੁ ਕਾਰ ਵੇਕਾਰ ਹੈ ਇਕਿ ਸਚੀ ਕਾਰੈ ਲਾਇਆ ॥ ਪੁਤੁ ਕਲਤੁ ਕੁਟੰਬੁ ਹੈ ਇਕਿ ਅਲਿਪਤੁ ਰਹੇ ਜੋ ਤੁਧੁ ਭਾਇਆ ॥ ਓਹਿ ਅੰਦਰਹੁ ਬਾਹਰਹੁ ਨਿਰਮਲੇ ਸਚੈ ਨਾਇ ਸਮਾਇਆ ॥੪॥ {ਪੰਨਾ 139}

ਪਦਅਰਥ:- ਗਰਬੁ—ਅਹੰਕਾਰ। ਖੜੇ—ਖਲੋ ਕੇ, ਸੁਚੇਤ ਹੋ ਕੇ। ਇਕਿ—ਕਈ ਜੀਵ। ਕਲਤੁ—ਇਸਤ੍ਰੀ। ਅਲਿਪਤੁ—ਨਿਰਲੇਪ, ਨਿਰਮੋਹ। ਓਹਿ—('ਓਹੁ' ਤੋਂ ਬਹੁ-ਵਚਨ) ਉਹ ਜੀਵ। ਨਾਇ—ਨਾਮ ਵਿਚ।

ਅਰਥ:- (ਹੇ ਪ੍ਰਭੂ!) ਤੂੰ ਸਦਾ ਹੀ ਇਕ (ਆਪ ਹੀ ਆਪ) ਹੈਂ, ਇਹ (ਤੈਥੋਂ ਵੱਖਰਾ ਦਿੱਸਦਾ ਤਮਾਸ਼ਾ ਤੂੰ ਆਪ ਹੀ ਰਚਿਆ ਹੈ। (ਤੂੰ ਹੀ ਜੀਵਾਂ ਦੇ ਅੰਦਰ) ਹਉਮੈ ਅਹੰਕਾਰ ਪੈਦਾ ਕਰ ਕੇ ਜੀਵਾਂ ਦੇ ਅੰਦਰ ਲੋਭ (ਭੀ) ਪਾ ਦਿੱਤਾ ਹੈ। (ਸੋ), ਸਾਰੇ ਜੀਵ ਤੇਰੇ ਹੀ ਪ੍ਰੇਰੇ ਹੋਏ ਕਾਰ ਕਰ ਰਹੇ ਹਨ। ਜਿਵੇਂ ਤੈਨੂੰ ਭਾਵੇ ਤਿਵੇਂ ਇਹਨਾਂ ਦੀ ਰੱਖਿਆ ਕਰ।

ਕਈ ਜੀਵਾਂ ਨੂੰ ਤੂੰ ਬਖ਼ਸ਼ਦਾ ਹੈਂ (ਤੇ ਆਪਣੇ ਚਰਨਾਂ ਵਿਚ) ਜੋੜ ਲੈਂਦਾ ਹੈਂ, ਗੁਰੂ ਦੀ ਸਿੱਖਿਆ ਵਿਚ ਤੂੰ ਆਪ ਹੀ ਉਹਨਾਂ ਨੂੰ ਲਾਇਆ ਹੈ। (ਐਸੇ) ਕਈ ਜੀਵ ਸੁਚੇਤ ਹੋ ਕੇ ਤੇਰੀ ਬੰਦਗੀ ਕਰ ਰਹੇ ਹਨ। ਤੇਰੇ ਨਾਮ (ਦੀ ਯਾਦ) ਤੋਂ ਬਿਨਾ ਕੋਈ ਹੋਰ ਕੰਮ ਉਹਨਾਂ ਨੂੰ ਭਾਉਂਦਾ ਨਹੀਂ (ਭਾਵ, ਕਿਸੇ ਹੋਰ ਕੰਮ ਦੀ ਖ਼ਾਤਰ ਤੇਰਾ ਨਾਮ ਵਿਸਾਰਨ ਨੂੰ ਉਹ ਤਿਆਰ ਨਹੀਂ)। ਜਿਨ੍ਹਾਂ ਐਸੇ ਬੰਦਿਆਂ ਤੂੰ ਇਸ ਸੱਚੀ ਕਾਰ ਵਿਚ ਲਾਇਆ ਹੈ, ਉਹਨਾਂ ਨੂੰ (ਤੇਰਾ ਨਾਮ ਵਿਸਾਰ ਕੇ) ਕੋਈ ਹੋਰ ਕੰਮ ਕਰਨਾ ਮੰਦਾ ਲੱਗਦਾ ਹੈ।

ਇਹ ਜੋ ਪੁਤ੍ਰ ਇਸਤ੍ਰੀ ਤੇ ਪਰਵਾਰ ਹੈ, (ਹੇ ਪ੍ਰਭੂ!) ਜੋ ਬੰਦੇ ਤੈਨੂੰ ਪਿਆਰੇ ਲੱਗਦੇ ਹਨ, ਉਹ ਇਹਨਾਂ ਤੋਂ ਨਿਰਮੋਹ ਰਹਿੰਦੇ ਹਨ; ਤੇਰੇ ਸਦਾ ਕਾਇਮ ਰਹਿਣ ਵਾਲੇ ਨਾਮ ਵਿਚ ਜੁੜੇ ਹੋਏ ਉਹ ਬੰਦੇ ਅੰਦਰੋਂ ਬਾਹਰੋਂ ਸੁੱਚੇ ਰਹਿੰਦੇ ਹਨ।3।

ਸਲੋਕੁ ਮਃ ੧ ॥ ਸੁਇਨੇ ਕੈ ਪਰਬਤਿ ਗੁਫਾ ਕਰੀ ਕੈ ਪਾਣੀ ਪਇਆਲਿ ॥ ਕੈ ਵਿਚਿ ਧਰਤੀ ਕੈ ਆਕਾਸੀ ਉਰਧਿ ਰਹਾ ਸਿਰਿ ਭਾਰਿ ॥ ਪੁਰੁ ਕਰਿ ਕਾਇਆ ਕਪੜੁ ਪਹਿਰਾ ਧੋਵਾ ਸਦਾ ਕਾਰਿ ॥ ਬਗਾ ਰਤਾ ਪੀਅਲਾ ਕਾਲਾ ਬੇਦਾ ਕਰੀ ਪੁਕਾਰ ॥ ਹੋਇ ਕੁਚੀਲੁ ਰਹਾ ਮਲੁ ਧਾਰੀ ਦੁਰਮਤਿ ਮਤਿ ਵਿਕਾਰ ॥ ਨਾ ਹਉ ਨਾ ਮੈ ਨਾ ਹਉ ਹੋਵਾ ਨਾਨਕ ਸਬਦੁ ਵੀਚਾਰਿ ॥੫॥ {ਪੰਨਾ 139}

ਪਦਅਰਥ:- ਸੁਇਨੇ ਕੈ ਪਰਬਤਿ—ਸੋਨੇ ਦੇ ਸੁਮੇਰ ਪਹਾੜ ਉਤੇ। ਕਰੀ—ਮੈਂ ਬਣਾ ਲਵਾਂ। ਕੈ—ਜਾਂ, ਭਾਵੇਂ, ਚਾਹੇ। ਪਇਆਲਿ—ਪਾਤਾਲ ਵਿਚ। ਪਾਣੀ ਪਇਆਲਿ—ਹੇਠਾਂ ਪਾਣੀ ਵਿਚ। ਉਰਧਿ—ਉੱਚਾ, ਉਲਟਾ, ਪੁੱਠਾ। ਸਿਰਿ ਭਾਰਿ—ਸਿਰ ਦੇ ਭਾਰ। ਪੁਰੁ—ਪੂਰੇ ਤੌਰ ਤੇ। ਸਦਾਕਾਰਿ—ਸਦਾ ਹੀ। ਕੁਚੀਲੁ—ਗੰਦਾ। ਮਲੁਧਾਰੀ—ਮੈਲਾ।

ਅਰਥ:- ਮੈਂ (ਚਾਹੇ) ਸੋਨੇ ਦੇ (ਸੁਮੇਰ) ਪਰਬਤ ਉੱਤੇ ਗੁਫਾ ਬਣਾ ਲਵਾਂ, ਭਾਵੇਂ ਹੇਠਾਂ ਪਾਣੀ ਵਿਚ (ਜਾ ਰਹਾਂ); ਚਾਹੇ ਧਰਤੀ ਵਿਚ ਰਹਾਂ, ਚਾਹੇ ਆਕਾਸ਼ ਵਿਚ ਪੁੱਠਾ ਸਿਰ ਭਾਰ ਖਲੋਤਾ ਰਹਾਂ, ਭਾਵੇਂ ਸਰੀਰ ਨੂੰ ਪੂਰੇ ਤੌਰ ਤੇ ਕਪੜਾ ਪਹਿਨਾ ਲਵਾਂ (ਭਾਵ, ਕਾਪੜੀਆਂ ਵਾਂਗ ਸਰੀਰ ਨੂੰ ਮੁਕੰਮਲ ਤੌਰ ਤੇ ਕਪੜਿਆਂ ਨਾਲ ਢੱਕ ਲਵਾਂ) ਚਾਹੇ ਸਰੀਰ ਨੂੰ ਸਦਾ ਹੀ ਧੋਂਦਾ ਰਹਾਂ, ਭਾਵੇਂ ਮੈਂ ਚਿੱਟੇ ਲਾਲ ਪੀਲੇ ਜਾਂ ਕਾਲੇ ਕਪੜੇ ਪਾ ਕੇ (ਚਾਰ) ਵੇਦਾਂ ਦਾ ਉਚਾਰਨ ਕਰਾਂ, ਚਾਹੇ (ਸਰੇਵੜਿਆਂ ਵਾਂਗ) ਗੰਦਾ ਤੇ ਮੈਲਾ ਰਹਾਂ—ਇਹ ਸਾਰੇ ਭੈੜੀ ਮਤਿ ਦੇ ਮੰਦੇ ਕਰਮ ਹੀ ਹਨ। ਹੇ ਨਾਨਕ! (ਮੈਂ ਤਾਂ ਇਹ ਚਾਹੁੰਦਾ ਹਾਂ ਕਿ) (ਸਤਿਗੁਰੂ ਦੇ) ਸ਼ਬਦ ਨੂੰ ਵਿਚਾਰ ਕੇ (ਮੇਰੀ) ਹਉਮੈ ਨਾ ਰਹੇ।1।

ਮਃ ੧ ॥ ਵਸਤ੍ਰ ਪਖਾਲਿ ਪਖਾਲੇ ਕਾਇਆ ਆਪੇ ਸੰਜਮਿ ਹੋਵੈ ॥ ਅੰਤਰਿ ਮੈਲੁ ਲਗੀ ਨਹੀ ਜਾ ਨੈ ਬਾਹਰਹੁ ਮਲਿ ਮਲਿ ਧੋਵੈ ॥ ਅੰਧਾ ਭੂਲਿ ਪਇਆ ਜਮ ਜਾਲੇ ॥ ਵਸਤੁ ਪਰਾਈ ਅਪੁਨੀ ਕਰਿ ਜਾਨੈ ਹਉਮੈ ਵਿਚਿ ਦੁਖੁ ਘਾਲੇ ॥ ਨਾਨਕ ਗੁਰਮੁਖਿ ਹਉਮੈ ਤੁਟੈ ਤਾ ਹਰਿ ਹਰਿ ਨਾਮੁ ਧਿਆਵੈ ॥ ਨਾਮੁ ਜਪੇ ਨਾਮੋ ਆਰਾਧੇ ਨਾਮੇ ਸੁਖਿ ਸਮਾਵੈ ॥੨॥ {ਪੰਨਾ 139}

ਪਦਅਰਥ:- ਵਸਤ੍ਰ—ਕਪੜੇ। ਪਖਾਲਿ—ਧੋ ਕੇ। ਆਪੇ—ਆਪ ਹੀ, ਆਪਣੇ ਵਲੋਂ। ਸੰਜਮਿ—ਸੰਜਮੀ, ਜਿਸ ਨੇ ਕਾਮ ਆਦਿਕ ਵਿਕਾਰਾਂ ਨੂੰ ਵੱਸ ਵਿਚ ਕਰ ਲਿਆ ਹੈ, ਰਿਸ਼ੀ, ਤਪਸ੍ਵੀ। ਅੰਤਰਿ—ਮਨ ਵਿਚ। ਭੂਲਿ—ਖੁੰਝ ਕੇ। ਜਮ ਜਾਲੇ—ਮੌਤ ਦੇ ਜਾਲ ਵਿਚ, ਉਸ ਧੰਦੇ-ਰੂਪ ਜਾਲ ਵਿਚ ਜਿੱਥੇ ਸਦਾ ਮੌਤ ਦਾ ਡਰ ਟਿਕਿਆ ਰਹੇ। ਦੁਖੁ ਘਾਲੇ—ਦੁੱਖ ਸਹਾਰਦਾ ਹੈ। ਨਾਮੇ—ਨਾਮ ਦੀ ਰਾਹੀਂ ਹੀ। ਸੁਖੀ—ਸੁਖ ਵਿਚ।

ਅਰਥ:- (ਜੋ ਮਨੁੱਖ ਨਿੱਤ) ਕੱਪੜੇ ਧੋ ਕੇ ਸਰੀਰ ਧੋਂਦਾ ਹੈ (ਤੇ ਸਿਰਫ਼ ਕਪੜੇ ਤੇ ਸਰੀਰ ਸੁੱਚੇ ਰੱਖਣ ਨਾਲ ਹੀ) ਆਪਣੇ ਵੱਲੋਂ ਤਪਸ੍ਵੀ ਬਣ ਬੈਠਦਾ ਹੈ (ਪਰ) ਮਨ ਵਿਚ ਲੱਗੀ ਹੋਈ ਮੈਲ ਦੀ ਉਸ ਨੂੰ ਖ਼ਬਰ ਹੀ ਨਹੀਂ, (ਸਦਾ ਸਰੀਰ ਨੂੰ) ਬਾਹਰੋਂ ਹੀ ਮਲ ਮਲ ਕੇ ਧੋਂਦਾ ਹੈ, (ਉਹ) ਅੰਨ੍ਹਾ ਮਨੁੱਖ (ਸਿੱਧੇ ਰਾਹ ਤੋਂ) ਖੁੰਝ ਕੇ ਮੌਤ ਦਾ ਡਰ ਪੈਦਾ ਕਰਨ ਵਾਲੇ ਜਾਲ ਵਿਚ ਫਸਿਆ ਹੋਇਆ ਹੈ, ਹਉਮੈ ਵਿਚ ਦੁੱਖ ਸਹਾਰਦਾ ਹੈ ਕਿਉਂਕਿ ਪਰਾਈ ਵਸਤ (ਸਰੀਰ ਤੇ ਹੋਰ ਪਦਾਰਥ ਆਦਿਕਾਂ) ਨੂੰ ਆਪਣੀ ਸਮਝ ਬੈਠਦਾ ਹੈ।

ਹੇ ਨਾਨਕ! (ਜਦੋਂ) ਗੁਰੂ ਦੇ ਸਨਮੁਖ ਹੋ ਕੇ (ਮਨੁੱਖ ਦੀ) ਹਉਮੈ ਦੂਰ ਹੁੰਦੀ ਹੈ, ਤਦੋਂ ਉਹ ਪ੍ਰਭੂ ਦਾ ਨਾਮ ਸਿਮਰਦਾ ਹੈ, ਨਾਮ ਜਪਦਾ ਹੈ, ਨਾਮ ਹੀ ਯਾਦ ਕਰਦਾ ਹੈ ਤੇ ਨਾਮ ਦੀ ਹੀ ਬਰਕਤਿ ਨਾਲ ਸੁਖ ਵਿਚ ਟਿਕਿਆ ਰਹਿੰਦਾ ਹੈ।2।

ਪਵੜੀ ॥ ਕਾਇਆ ਹੰਸਿ ਸੰਜੋਗੁ ਮੇਲਿ ਮਿਲਾਇਆ ॥ ਤਿਨ ਹੀ ਕੀਆ ਵਿਜੋਗੁ ਜਿਨਿ ਉਪਾਇਆ ॥ ਮੂਰਖੁ ਭੋਗੇ ਭੋਗੁ ਦੁਖ ਸਬਾਇਆ ॥ ਸੁਖਹੁ ਉਠੇ ਰੋਗ ਪਾਪ ਕਮਾਇਆ ॥ ਹਰਖਹੁ ਸੋਗੁ ਵਿਜੋਗੁ ਉਪਾਇ ਖਪਾਇਆ ॥ ਮੂਰਖ ਗਣਤ ਗਣਾਇ ਝਗੜਾ ਪਾਇਆ ॥ ਸਤਿਗੁਰ ਹਥਿ ਨਿਬੇੜੁ ਝਗੜੁ ਚੁਕਾਇਆ ॥ ਕਰਤਾ ਕਰੇ ਸੁ ਹੋਗੁ ਨ ਚਲੈ ਚਲਾਇਆ ॥੪॥ {ਪੰਨਾ 139}

ਪਦਅਰਥ:- ਹੰਸ—ਜੀਵ। ਸੰਜੋਗੁ ਮੇਲਿ—ਸੰਜੋਗ ਮੇਲ ਕੇ, ਜੋੜ ਮਿਥ ਕੇ। ਤਿਨ ਹੀ—ਤਿਨਿ ਹੀ; {ਲਫ਼ਜ਼ 'ਜਿਨਿ' ਦੇ ਟਾਕਰੇ ਤੇ ਲਫ਼ਜ਼ 'ਤਿਨਿ' ਹੈ। ਏਥੇ 'ਤਿਨਿ' ਦੇ ਅੱਖਰ 'ਨ' ਦੀ 'ਿ' ਉੱਡ ਗਈ ਹੈ, ਵੇਖੋ 'ਗੁਰਬਾਣੀ ਵਿਆਕਰਣ' 'ਵਾਕ-ਰਚਨਾ' ਵਿਚ ਅੰਕ 'ਹੀ'}। ਜਿਨਿ—ਜਿਸ (ਪ੍ਰਭੂ) ਨੇ। ਤਿਨ ਹੀ—ਉਸ (ਪ੍ਰਭੂ) ਨੇ। ਤਿਨ ਹੀ—ਉਸੇ ਨੇ ਹੀ। ਸਬਾਇਆ—ਸਾਰੇ। ਹਰਖਹੁ—ਖ਼ੁਸ਼ੀ ਤੋਂ। ਗਣਤ ਗਣਾਇ—ਲੇਖਾ ਲਿਖਾ ਕੇ। ਮੂਰਖ ਗਣਤ ਗਣਾਇ—ਮੂਰਖਾਂ ਵਾਲੇ ਕੰਮ ਕਰ ਕੇ। ਝਗੜਾ—ਜਨਮ ਮਰਨ ਦਾ ਲੰਬਾ ਝੰਬੇਲਾ। ਸੁ ਹੋਗੁ—ਉਹੀ ਹੋਵੇਗਾ।

ਅਰਥ:- ਸਰੀਰ ਤੇ ਜੀਵ (-ਆਤਮਾ) ਦਾ ਸੰਜੋਗ ਮਿਥ ਕੇ (ਪਰਮਾਤਮਾ ਨੇ ਇਹਨਾਂ ਨੂੰ ਮਨੁੱਖਾ-ਜਨਮ ਵਿਚ) ਇਕੱਠਾ ਕਰ ਦਿੱਤਾ ਹੈ। ਜਿਸ (ਪ੍ਰਭੂ) ਨੇ (ਸਰੀਰ ਤੇ ਜੀਵ ਨੂੰ) ਪੈਦਾ ਕੀਤਾ ਹੈ ਉਸ ਨੇ ਹੀ (ਇਹਨਾਂ ਲਈ) ਵਿਛੋੜਾ (ਭੀ) ਬਣਾ ਰੱਖਿਆ ਹੈ। (ਪਰ ਇਸ ਵਿਛੋੜੇ ਨੂੰ ਭੁਲਾ ਕੇ) ਮੂਰਖ (ਜੀਵ) ਭੋਗ ਭੋਗਦਾ ਰਹਿੰਦਾ ਹੈ (ਜੋ) ਸਾਰੇ ਦੁੱਖਾਂ ਦਾ (ਮੂਲ ਬਣਦਾ) ਹੈ। ਪਾਪ ਕਮਾਣ ਦੇ ਕਾਰਨ (ਭੋਗਾਂ ਦੇ) ਸੁਖ ਤੋਂ ਰੋਗ ਪੈਦਾ ਹੁੰਦੇ ਹਨ। (ਘੋਗਾਂ ਦੀ ਖ਼ੁਸ਼ੀ ਤੋਂ ਚਿੰਤਾ (ਤੇ ਅੰਤ ਨੂੰ) ਵਿਛੋੜਾ ਪੈਦਾ ਕਰ ਕੇ ਜਨਮ ਮਰਨ ਦਾ ਲੰਮਾ ਝੰਬੇਲਾ ਸਹੇੜ ਲੈਂਦਾ ਹੈ।

(ਜਨਮ ਮਰਨ ਦੇ ਗੇੜ ਨੂੰ ਮੁਕਾਣ ਦੀ ਤਾਕਤ ਸਤਿਗੁਰੂ ਦੇ ਹੱਥ ਵਿਚ ਹੈ, (ਜਿਸ ਨੂੰ ਗੁਰੂ ਮਿਲਦਾ ਹੈ ਉਸ ਦਾ ਇਹ) ਝੰਬੇਲਾ ਮੁੱਕ ਜਾਂਦਾ ਹੈ। (ਜੀਵਾਂ ਦੀ ਕੋਈ) ਆਪਣੀ ਚਲਾਈ ਸਿਆਣਪ ਚੱਲ ਨਹੀਂ ਸਕਦੀ, ਜੋ ਕਰਤਾਰ ਕਰਦਾ ਹੈ ਉਹੀ ਹੁੰਦਾ ਹੈ।4।

ਸਲੋਕੁ ਮਃ ੧ ॥ ਕੂੜੁ ਬੋਲਿ ਮੁਰਦਾਰੁ ਖਾਇ ॥ ਅਵਰੀ ਨੋ ਸਮਝਾਵਣਿ ਜਾਇ ॥ ਮੁਠਾ ਆਪਿ ਮੁਹਾਏ ਸਾਥੈ ॥ ਨਾਨਕ ਐਸਾ ਆਗੂ ਜਾਪੈ ॥੧॥ {ਪੰਨਾ 140}

ਪਦਅਰਥ:- ਮੁਰਦਾਰੁ—ਹਰਾਮ, ਪਰਾਇਆ ਹੱਕ। ਮੁਠਾ—ਠੱਗਿਆ। ਮੁਹਾਏ—ਲੁਟਾਂਦਾ ਹੈ, ਠਗਾਂਦਾ ਹੈ। ਸਾਥੈ—ਸਾਥ ਨੂੰ। ਜਾਪੈ—ਜਾਪਦਾ ਹੈ,। ਉੱਘੜਦਾ ਹੈ।

ਅਰਥ:- (ਜੋ ਮਨੁੱਖ) ਝੂਠ ਬੋਲ ਕੇ (ਆਪ ਤਾਂ) ਦੂਜਿਆਂ ਦਾ ਹੱਕ ਖਾਂਦਾ ਹੈ ਤੇ ਹੋਰਨਾਂ ਨੂੰ ਸਿੱਖਿਆ ਦੇਣ ਜਾਂਦਾ ਹੈ (ਕਿ ਝੂਠ ਨਾਹ ਬੋਲੋ), ਹੇ ਨਾਨਕ! ਅਜੇਹਾ ਆਗੂ (ਅੰਤ ਇਉਂ) ਉੱਘੜਦਾ ਹੈ ਕਿ ਆਪ ਤਾਂ ਠੱਗਿਆ ਜਾ ਹੀ ਰਿਹਾ ਹੈ, ਆਪਣੇ ਸਾਥ ਨੂੰ ਭੀ ਲੁਟਾਂਦਾ ਹੈ।1।

ਮਹਲਾ ੪ ॥ ਜਿਸ ਦੈ ਅੰਦਰਿ ਸਚੁ ਹੈ ਸੋ ਸਚਾ ਨਾਮੁ ਮੁਖਿ ਸਚੁ ਅਲਾਏ ॥ ਓਹੁ ਹਰਿ ਮਾਰਗਿ ਆਪਿ ਚਲਦਾ ਹੋਰਨਾ ਨੋ ਹਰਿ ਮਾਰਗਿ ਪਾਏ ॥ ਜੇ ਅਗੈ ਤੀਰਥੁ ਹੋਇ ਤਾ ਮਲੁ ਲਹੈ ਛਪੜਿ ਨਾਤੈ ਸਗਵੀ ਮਲੁ ਲਾਏ ॥ ਤੀਰਥੁ ਪੂਰਾ ਸਤਿਗੁਰੂ ਜੋ ਅਨਦਿਨੁ ਹਰਿ ਹਰਿ ਨਾਮੁ ਧਿਆਏ ॥ ਓਹੁ ਆਪਿ ਛੁਟਾ ਕੁਟੰਬ ਸਿਉ ਦੇ ਹਰਿ ਹਰਿ ਨਾਮੁ ਸਭ ਸ੍ਰਿਸਟਿ ਛਡਾਏ ॥ ਜਨ ਨਾਨਕ ਤਿਸੁ ਬਲਿਹਾ ਰਣੈ ਜੋ ਆਪਿ ਜਪੈ ਅਵਰਾ ਨਾਮੁ ਜਪਾਏ ॥੨॥ {ਪੰਨਾ 140}

ਪਦਅਰਥ:- ਮੁਖਿ—ਮੂੰਹੋਂ। ਅਲਾਏ—ਬੋਲਦਾ ਹੈ। ਮਾਰਗਿ—ਰਸਤੇ ਉੱਤੇ। ਤੀਰਥੁ—ਖੁਲ੍ਹੇ ਸਾਫ਼ ਪਾਣੀ ਦਾ ਸੋਮਾ, ਦਰਿਆ ਦਾ ਸਾਫ਼ ਖੁਲ੍ਹਾ ਪਾਣੀ। ਛਪੜਿ—ਛੱਪੜ ਵਿਚ। ਸਗਵੀ—ਸਗੋਂ ਹੋਰ। ਅਨਦਿਨੁ—ਹਰ ਰੋਜ਼, ਹਰ ਵੇਲੇ।

ਅਰਥ:- ਜਿਸ ਮਨੁੱਖ ਦੇ ਹਿਰਦੇ ਵਿਚ ਸਦਾ ਕਾਇਮ ਰਹਿਣ ਵਾਲਾ ਪ੍ਰਭੂ ਵੱਸਦਾ ਹੈ, ਮੂੰਹੋਂ (ਭੀ) ਸਦਾ-ਥਿਰ ਰਹਿਣ ਵਾਲਾ ਸੱਚਾ ਨਾਮ ਹੀ ਬੋਲਦਾ ਹੈ, ਉਹ ਆਪ ਪਰਮਾਤਮਾ ਦੇ ਰਾਹ ਤੇ ਤੁਰਦਾ ਹੈ ਤੇ ਹੋਰਨਾਂ ਨੂੰ ਭੀ ਤੇ ਦੇ ਰਾਹ ਪ੍ਰਭੂ ਤੋਰਦਾ ਹੈ।

(ਜਿੱਥੇ ਨ੍ਹਾਉਣ ਜਾਈਏ) ਜੇ ਉੱਥੇ ਖੁਲ੍ਹੇ ਸਾਫ਼ ਪਾਣੀ ਦਾ ਸੋਮਾ ਹੋਵੇ ਤਾਂ (ਨ੍ਹਾਉਣ ਵਾਲੇ ਦੀ) ਮੈਲ ਲਹਿ ਜਾਂਦੀ ਹੈ, ਪਰ ਛੱਪੜ ਵਿਚ ਨ੍ਹਾਤਿਆਂ ਸਗੋਂ ਹੋਰ ਮੈਲ ਵਧਦੀ ਹੈ। (ਇਹੀ ਨੇਮ ਸਮਝੋ ਮਨ ਦੀ ਮੈਲ ਧੋਣ ਲਈ), ਪੂਰਾ ਗੁਰੂ ਜੋ ਹਰ ਵੇਲੇ ਪਰਮਾਤਮਾ ਦਾ ਨਾਮ ਸਿਮਰਦਾ ਹੈ (ਮਾਨੋ) ਖੁਲ੍ਹੇ ਸਾਫ਼ ਪਾਣੀ ਦਾ ਸੋਮਾ ਹੈ, ਉਹ ਆਪ ਆਪਣੇ ਪਰਵਾਰ ਸਮੇਤ ਵਿਕਾਰਾਂ ਤੋਂ ਬਚਿਆ ਹੋਇਆ ਹੈ, ਪਰਮਾਤਮਾ ਦਾ ਨਾਮ ਦੇ ਕੇ ਉਹ ਸਾਰੀ ਸ੍ਰਿਸ਼ਟੀ ਨੂੰ ਵੀ ਬਚਾਂਦਾ ਹੈ।

ਹੇ ਦਾਸ ਨਾਨਕ! (ਆਖ—ਮੈਂ) ਉਸ ਤੋਂ ਸਦਕੇ ਹਾਂ, ਜੋ ਆਪ (ਪ੍ਰਭੂ ਦਾ) ਨਾਮ ਜਪਦਾ ਹੈ ਤੇ ਹੋਰਨਾਂ ਨੂੰ ਜਪਾਂਦਾ ਹੈ।2।

ਪਉੜੀ ॥ ਇਕਿ ਕੰਦ ਮੂਲੁ ਚੁਣਿ ਖਾਹਿ ਵਣ ਖੰਡਿ ਵਾਸਾ ॥ ਇਕਿ ਭਗਵਾ ਵੇਸੁ ਕਰਿ ਫਿਰਹਿ ਜੋਗੀ ਸੰਨਿਆਸਾ ॥ ਅੰਦਰਿ ਤ੍ਰਿਸਨਾ ਬਹੁਤੁ ਛਾਦਨ ਭੋਜਨ ਕੀ ਆਸਾ ॥ ਬਿਰਥਾ ਜਨਮੁ ਗਵਾਇ ਨ ਗਿਰਹੀ ਨ ਉਦਾਸਾ ॥ ਜਮਕਾਲੁ ਸਿਰਹੁ ਨ ਉਤਰੈ ਤ੍ਰਿਬਿਧਿ ਮਨਸਾ ॥ ਗੁਰਮਤੀ ਕਾਲੁ ਨ ਆਵੈ ਨੇੜੈ ਜਾ ਹੋਵੈ ਦਾਸਨਿ ਦਾਸਾ ॥ ਸਚਾ ਸਬਦੁ ਸਚੁ ਮਨਿ ਘਰ ਹੀ ਮਾਹਿ ਉਦਾਸਾ ॥ ਨਾਨਕ ਸਤਿਗੁਰੁ ਸੇਵਨਿ ਆਪਣਾ ਸੇ ਆਸਾ ਤੇ ਨਿਰਾਸਾ ॥੫॥ {ਪੰਨਾ 140}

ਪਦਅਰਥ:- ਕੰਦ—ਗਾਜਰ ਮੂਲੀ ਗੋਂਗਲੂ ਆਦਿਕ ਸਬਜ਼ੀ ਜੋ ਜ਼ਮੀਨ ਦੇ ਅੰਦਰ ਪੈਦਾ ਹੁੰਦੀ ਹੈ। ਕੰਦ ਮੂਲੁ—ਮੂਲੀ। ਵਣ—ਜੰਗਲ। ਵਣਖੰਡਿ—ਜੰਗਲ ਦੇ ਗੋਸ਼ੇ ਵਿਚ। ਛਾਦਨ—ਕੱਪੜਾ। ਆਸਾ—ਲਾਲਸਾ। ਗਿਰਹੀ—ਗ੍ਰਿਹਸਤੀ। ਤ੍ਰਿਬਿਧਿ—ਤਿੰਨ ਕਿਸਮ ਦੀ, ਤ੍ਰਿਗੁਣੀ। ਮਨਸਾ—ਵਾਸਨਾ।

ਅਰਥ:- ਕਈ ਬੰਦੇ ਮੂਲੀ ਆਦਿਕ ਪੁਟ ਕੇ ਖਾਂਦੇ ਹਨ (ਮੂਲੀ ਆਦਿਕ ਖਾ ਕੇ ਗੁਜ਼ਾਰਾ ਕਰਦੇ ਹਨ) ਤੇ ਜੰਗਲ ਦੇ ਗੋਸ਼ੇ ਵਿਚ ਜਾ ਰਹਿੰਦੇ ਹਨ। ਕਈ ਲੋਕ ਭਗਵੇ ਕੱਪੜੇ ਪਾ ਕੇ ਜੋਗੀ ਤੇ ਸੰਨਿਆਸੀ ਬਣ ਕੇ ਫਿਰਦੇ ਹਨ (ਪਰ ਉਹਨਾਂ ਦੇ) ਮਨ ਵਿਚ ਬਹੁਤ ਲਾਲਚ ਹੁੰਦਾ ਹੈ, ਕੱਪੜੇ ਤੇ ਭੋਜਨ ਦੀ ਲਾਲਸਾ ਟਿਕੀ ਰਹਿੰਦੀ ਹੈ (ਇਸ ਤਰ੍ਹਾਂ) ਅਜਾਈਂ ਮਨੁੱਖਾ ਜਨਮ ਗਵਾ ਕੇ ਨਾਹ ਉਹ ਗ੍ਰਿਹਸਤੀ ਰਹਿੰਦੇ ਹਨ ਤੇ ਨਾਹ ਹੀ ਫ਼ਕੀਰ। (ਉਹਨਾਂ ਦੇ ਅੰਦਰ) ਤ੍ਰਿਗੁਣੀ (ਮਾਇਆ ਦੀ) ਲਾਲਸਾ ਹੋਣ ਦੇ ਕਾਰਨ ਆਤਮਕ ਮੌਤ ਉਹਨਾਂ ਦੇ ਸਿਰ ਤੋਂ ਟਲਦੀ ਨਹੀਂ ਹੈ।

ਜਦੋਂ ਮਨੁੱਖ (ਪ੍ਰਭੂ ਦੇ) ਸੇਵਕਾਂ ਦਾ ਸੇਵਕ ਬਣ ਜਾਂਦਾ ਹੈ, ਤਾਂ ਸਤਿਗੁਰੂ ਦੀ ਸਿੱਖਿਆ ਤੇ ਤੁਰ ਕੇ ਆਤਮਕ ਮੌਤ ਉਸਦੇ ਨੇੜੇ ਨਹੀਂ ਆਉਂਦੀ। ਗੁਰੂ ਦਾ ਸੱਚਾ ਸਬਦ ਤੇ ਪ੍ਰਭੂ (ਉਸ ਦੇ) ਮਨ ਵਿਚ ਹੋਣ ਕਰਕੇ ਉਹ ਗ੍ਰਿਹਸਤ ਵਿਚ ਰਹਿੰਦਾ ਹੋਇਆ ਹੀ ਤਿਆਗੀ ਹੈ।

ਹੇ ਨਾਨਕ! ਜੋ ਮਨੁੱਖ ਆਪਣੇ ਗੁਰੂ ਦੇ ਹੁਕਮ ਵਿਚ ਤੁਰਦੇ ਹਨ, ਉਹ (ਦੁਨੀਆ ਦੀਆਂ) ਲਾਲਸਾ ਤੋਂ ਉਪਰਾਮ ਹੋ ਜਾਂਦੇ ਹਨ।5।

ਸਲੋਕੁ ਮਃ ੧ ॥ ਜੇ ਰਤੁ ਲਗੈ ਕਪੜੈ ਜਾਮਾ ਹੋਇ ਪਲੀਤੁ ॥ ਜੋ ਰਤੁ ਪੀਵਹਿ ਮਾਣਸਾ ਤਿਨ ਕਿਉ ਨਿਰਮਲੁ ਚੀਤੁ ॥ ਨਾਨਕ ਨਾਉ ਖੁਦਾਇ ਕਾ ਦਿਲਿ ਹਛੈ ਮੁਖਿ ਲੇਹੁ ॥ ਅਵਰਿ ਦਿਵਾਜੇ ਦੁਨੀ ਕੇ ਝੂਠੇ ਅਮਲ ਕਰੇਹੁ ॥੧॥ {ਪੰਨਾ 140}

ਪਦਅਰਥ:- ਜਾਮਾ—ਕੱਪੜਾ। ਰਤੁ—ਲਹੂ। ਮਾਣਸਾ—ਮਨੁੱਖਾਂ ਦਾ। ਦਿਲਿ ਹਛੈ—ਸਾਫ਼ ਦਿਲ ਨਾਲ। ਮੁਖਿ—ਮੂੰਹੋਂ ਦਿਵਾਜੇ—ਦਿਖਾਵੇ।

ਅਰਥ:- ਜੇ ਜਾਮੇ ਨੂੰ ਲਹੂ ਲੱਗ ਜਾਵੇ, ਤਾਂ ਜਾਮਾ ਪਲੀਤ ਹੋ ਜਾਂਦਾ ਹੈ (ਤੇ ਨਮਾਜ਼ ਨਹੀਂ ਹੋ ਸਕਦੀ), (ਪਰ) ਜੋ ਬੰਦੇ ਮਨੁੱਖਾਂ ਦਾ ਲਹੂ ਪੀਂਦੇ ਹਨ (ਭਾਵ, ਧੱਕਾ ਕਰ ਕੇ ਹਰਾਮ ਦੀ ਕਮਾਈ ਖਾਂਦੇ ਹਨ) ਉਹਨਾਂ ਦਾ ਮਨ ਕਿਵੇਂ ਪਾਕ (ਸਾਫ਼) ਰਹਿ ਸਕਦਾ ਹੈ (ਤੇ ਪਲੀਤ ਮਨ ਨਾਲ ਨਮਾਜ਼ ਪੜ੍ਹੀ ਕਿਵੇਂ ਕਬੂਲ ਹੈ)?

ਹੇ ਨਾਨਕ! ਰੱਬ ਦਾ ਨਾਮ ਮੂੰਹੋਂ ਸਾਫ਼ ਦਿਲ ਨਾਲ ਲੈ, (ਇਸ ਤੋਂ ਬਿਨਾ) ਹੋਰ ਕੰਮ ਦੁਨੀਆ ਵਾਲੇ ਵਿਖਾਵੇ ਹਨ। ਇਹ ਤਾਂ ਤੁਸੀ ਕੂੜੇ ਕੰਮ ਹੀ ਕਰਦੇ ਹੋ।1।

ਮਃ ੧ ॥ ਜਾ ਹਉ ਨਾਹੀ ਤਾ ਕਿਆ ਆਖਾ ਕਿਹੁ ਨਾਹੀ ਕਿਆ ਹੋਵਾ ॥ ਕੀਤਾ ਕਰਣਾ ਕਹਿਆ ਕਥਨਾ ਭਰਿਆ ਭਰਿ ਭਰਿ ਧੋਵਾਂ ॥ ਆਪਿ ਨ ਬੁਝਾ ਲੋਕ ਬੁਝਾਈ ਐਸਾ ਆਗੂ ਹੋਵਾਂ ॥ ਨਾਨਕ ਅੰਧਾ ਹੋਇ ਕੈ ਦਸੇ ਰਾਹੈ ਸਭਸੁ ਮੁਹਾਏ ਸਾਥੈ ॥ ਅਗੈ ਗਇਆ ਮੁਹੇ ਮੁਹਿ ਪਾਹਿ ਸੁ ਐਸਾ ਆਗੂ ਜਾਪੈ ॥੨॥ {ਪੰਨਾ 140}

ਪਦਅਰਥ:- ਹਉ—ਮੈਂ। ਕਿਆ ਹੋਵਾ—ਕਿਤਨਾ ਕੁਝ ਬਣ ਬਣ ਦਿਖਾਵਾਂ? ਕੀਤਾ ਕਰਣਾ—(ਮੇਰਾ) ਕੰਮ-ਕਾਰ। ਕਹਿਆ ਕਥਨਾ—(ਮੇਰਾ) ਬੋਲ-ਚਾਲ। ਮੁਹਾਏ—ਠਗਾਂਦਾ ਹੈ। ਮੁਹੇ ਮੁਹਿ—ਮੂੰਹ ਉਤੇ, ਮੂੰਹ ਉਤੇ। ਪਾਹਿ—ਪੈਂਦੀਆਂ ਹਨ। ਕਿਹੁ—ਕੁਝ, ਕੋਈ ਆਤਮਕ ਗੁਣ। ਭਰਿ ਭਰਿ—ਭਰੀਜ ਕੇ, ਗੰਦਾ ਹੋ ਕੇ। ਐਸਾ—(ਭਾਵ) ਹਾਸੋ-ਹੀਣਾ।

ਅਰਥ:- ਜਦੋਂ ਮੈਂ ਹਾਂ ਹੀ ਕੁਝ ਨਹੀਂ (ਭਾਵ, ਮੇਰੀ ਆਤਮਕ ਹਸਤੀ ਹੀ ਕੁਝ ਨਹੀਂ ਬਣੀ), ਤਾਂ ਮੈਂ (ਹੋਰਨਾਂ ਨੂੰ) ਉਪਦੇਸ਼ ਕੀਹ ਕਰਾਂ? (ਅੰਦਰ) ਕੋਈ ਆਤਮਕ ਗੁਣ ਨਾਹ ਹੁੰਦਿਆਂ ਕਿਤਨਾ ਕੁਝ ਬਣ ਬਣ ਕੇ ਵਿਖਾਵਾਂ? ਮੇਰਾ ਕੰਮ-ਕਾਰ, ਮੇਰਾ ਬੋਲ-ਚਾਲ—ਇਹਨਾਂ ਦੀ ਰਾਹੀਂ (ਮੰਦੇ ਸੰਸਕਾਰਾਂ ਨਾਲ) ਭਰਿਆ ਹੋਇਆ ਕਦੇ ਮੰਦੇ ਪਾਸੇ ਡਿੱਗਦਾ ਹਾਂ ਤੇ (ਕਦੇ ਫੇਰ ਮਨ ਨੂੰ) ਧੋਣ ਦਾ ਜਤਨ ਕਰਦਾ ਹਾਂ। ਜਦੋਂ ਮੈਨੂੰ ਆਪ ਨੂੰ ਹੀ ਸਮਝ ਨਹੀਂ ਆਈ ਤੇ ਲੋਕਾਂ ਨੂੰ ਰਾਹ ਦੱਸਦਾ ਹਾਂ, (ਇਸ ਹਾਲਤ ਵਿਚ) ਹਾਸੋ-ਹੀਣਾ ਆਗੂ ਹੀ ਬਣਦਾ ਹਾਂ।

ਹੇ ਨਾਨਕ! ਜੋ ਮਨੁੱਖ ਆਪ ਅੰਨ੍ਹਾ ਹੈ, ਪਰ ਹੋਰਨਾਂ ਨੂੰ ਰਾਹ ਦੱਸਦਾ ਹੈ, ਉਹ ਸਾਰੇ ਸਾਥ ਨੂੰ ਲੁਟਾ ਦੇਂਦਾ ਹੈ। ਅੱਗੇ ਚੱਲ ਕੇ ਮੂੰਹੋਂ ਮੂੰਹ ਉਸ ਨੂੰ (ਜੁੱਤੀਆਂ) ਪੈਂਦੀਆਂ ਹਨ, ਤਦੋਂ ਅਜੇਹਾ ਆਗੂ (ਅਸਲ ਰੂਪ ਵਿਚ) ਉੱਘੜਦਾ ਹੈ।2।

ਪਉੜੀ ॥ ਮਾਹਾ ਰੁਤੀ ਸਭ ਤੂੰ ਘੜੀ ਮੂਰਤ ਵੀਚਾਰਾ ॥ ਤੂੰ ਗਣਤੈ ਕਿਨੈ ਨ ਪਾਇਓ ਸਚੇ ਅਲਖ ਅਪਾਰਾ ॥ ਪੜਿਆ ਮੂਰਖੁ ਆਖੀਐ ਜਿਸੁ ਲਬੁ ਲੋਭੁ ਅਹੰਕਾਰਾ ॥ ਨਾਉ ਪੜੀਐ ਨਾਉ ਬੁਝੀਐ ਗੁਰਮਤੀ ਵੀਚਾਰਾ ॥ ਗੁਰਮਤੀ ਨਾਮੁ ਧਨੁ ਖਟਿਆ ਭਗਤੀ ਭਰੇ ਭੰਡਾਰਾ ॥ ਨਿਰਮਲੁ ਨਾਮੁ ਮੰਨਿਆ ਦਰਿ ਸਚੈ ਸਚਿਆਰਾ ॥ ਜਿਸ ਦਾ ਜੀਉ ਪਰਾਣੁ ਹੈ ਅੰਤਰਿ ਜੋਤਿ ਅਪਾਰਾ ॥ ਸਚਾ ਸਾਹੁ ਇਕੁ ਤੂੰ ਹੋਰੁ ਜਗਤੁ ਵਣਜਾਰਾ ॥੬॥ {ਪੰਨਾ 140}

ਪਦਅਰਥ:- ਮਾਹਾ—ਮਹੀਨੇ। ਮੂਰਤ—ਮੁਹੂਰਤ। ਵੀਚਾਰਾ—ਵਿਚਾਰਿਆ ਜਾ ਸਕਦਾ, ਧਿਆਨ ਧਰਿਆ ਜਾ ਸਕਦਾ ਹੈ। ਤੂੰ—ਤੈਨੂੰ। ਗਣਤੈ—(ਥਿੱਤਾਂ ਦੇ) ਲੇਖੇ ਕਰਨ ਨਾਲ। ਅਲਖ—ਅਦ੍ਰਿਸ਼ਟ। ਸਚਿਆਰਾ—ਸੁਰਖ਼ਰੂ, ਉੱਜਲ ਮੁਖ। ਸਚਾ—ਸਦਾ ਟਿਕੇ ਰਹਿਣ ਵਾਲਾ। ਵਣਜਾਰਾ—ਫੇਰੀ ਲਾ ਕੇ ਸਉਦਾ ਵੇਚਣ ਵਾਲਾ।

ਅਰਥ:- (ਹੇ ਪ੍ਰਭੂ!) ਸਭ ਮਹੀਨਿਆਂ ਰੁੱਤਾਂ ਘੜੀਆਂ ਤੇ ਮੁਹੂਰਤਾਂ ਵਿਚ ਤੈਨੂੰ ਸਿਮਰਿਆ ਜਾ ਸਕਦਾ ਹੈ (ਭਾਵ, ਤੇਰੇ ਸਿਮਰਨ ਲਈ ਕੋਈ ਖ਼ਾਸ ਰੁੱਤ ਜਾਂ ਥਿੱਤ ਨਹੀਂ ਹੈ)। ਹੇ ਅਦ੍ਰਿਸ਼ਟ ਤੇ ਬੇਅੰਤ ਪ੍ਰਭੂ! ਥਿੱਤਾਂ ਦਾ ਲੇਖਾ ਗਿਣ ਕੇ ਕਿਸੇ ਨੇ ਭੀ ਤੈਨੂੰ ਨਹੀਂ ਲੱਭਿਆ, ਇਹੋ ਜਿਹੀ (ਥਿੱਤਾਂ ਦੀ ਵਿੱਦਿਆ) ਪੜ੍ਹੇ ਹੋਏ ਨੂੰ ਮੂਰਖ ਆਖਣਾ ਚਾਹੀਦਾ ਹੈ ਕਿਉਂਕਿ ਉਸ ਦੇ ਅੰਦਰ ਲੋਭ ਤੇ ਅਹੰਕਾਰ ਹੈ।

(ਕਿਸੇ ਥਿੱਤ ਮੁਹੂਰਤ ਦੇ ਭਰਮ ਦੀ ਲੋੜ ਨਹੀਂ, ਸਿਰਫ਼) ਸਤਿਗੁਰੂ ਦੀ ਦਿੱਤੀ ਮਤਿ ਨੂੰ ਵਿਚਾਰ ਕੇ ਪਰਮਾਤਮਾ ਦਾ ਨਾਮ ਜਪਣਾ ਚਾਹੀਦਾ ਹੈ ਤੇ (ਉਸ ਵਿਚ) ਸੁਰਤਿ ਜੋੜਨੀ ਚਾਹੀਦੀ ਹੈ। ਜਿਨ੍ਹਾਂ ਨੇ ਗੁਰੂ ਦੀ ਸਿੱਖਿਆ ਤੇ ਤੁਰ ਕੇ ਨਾਮ-ਰੂਪ ਧਨ ਕਮਾਇਆ ਹੈ, ਉਹਨਾਂ ਦੇ ਖ਼ਜ਼ਾਨੇ ਭਗਤੀ ਨਾਲ ਭਰ ਗਏ ਹਨ। ਜਿਨ੍ਹਾਂ ਪ੍ਰਭੂ ਦਾ ਪਵਿਤ੍ਰ ਨਾਮ ਕਬੂਲ ਕੀਤਾ ਹੈ, ਉਹ ਪ੍ਰਭੂ ਦੇ ਦਰ ਤੇ ਸੁਰਖ਼ਰੂ ਹੁੰਦੇ ਹਨ। ਹੇ ਪ੍ਰਭੂ! ਤੂੰ ਸਦਾ ਟਿਕੇ ਰਹਿਣ ਵਾਲਾ ਸ਼ਾਹ ਹੈਂ, ਹੋਰ ਸਾਰਾ ਜਗਤ ਵਣਜਾਰਾ ਹੈ (ਭਾਵ, ਹੋਰ ਸਾਰੇ ਜੀਵ ਇਥੇ, ਮਾਨੋ, ਫੇਰੀ ਲਾ ਕੇ ਸਉਦਾ ਕਰਨ ਆਏ ਹਨ)। ਤੇਰੇ ਹੀ ਬਖ਼ਸ਼ੇ ਹੋਏ ਜਿੰਦ ਪ੍ਰਾਣ ਹਰੇਕ ਜੀਵ ਨੂੰ ਮਿਲੇ ਹਨ, ਤੇਰੀ ਹੀ ਅਪਾਰ ਜੋਤਿ ਹਰੇਕ ਜੀਵ ਦੇ ਅੰਦਰ ਹੈ।6।

ਸਲੋਕੁ ਮਃ ੧ ॥ ਮਿਹਰ ਮਸੀਤਿ ਸਿਦਕੁ ਮੁਸਲਾ ਹਕੁ ਹਲਾਲੁ ਕੁਰਾਣੁ ॥ ਸਰਮ ਸੁੰਨਤਿ ਸੀਲੁ ਰੋਜਾ ਹੋਹੁ ਮੁਸਲਮਾਣੁ ॥ ਕਰਣੀ ਕਾਬਾ ਸਚੁ ਪੀਰੁ ਕਲਮਾ ਕਰਮ ਨਿਵਾਜ ॥ ਤਸਬੀ ਸਾ ਤਿਸੁ ਭਾ ਵਸੀ ਨਾਨਕ ਰਖੈ ਲਾਜ ॥੧॥ {ਪੰਨਾ 140}

ਪਦਅਰਥ:- ਸਿਦਕੁ—ਨਿਸ਼ਚਾ; ਸਰਧਾ। ਮੁਸਲਾ—ਮੁਸੱਲਾ, ਉਹ ਸਫ਼ ਜਿਸ ਉਤੇ ਬੈਠ ਕੇ ਨਿਮਾਜ਼ ਪੜ੍ਹੀਦੀ ਹੈ। ਹਕੁ ਹਲਾਲੁ—ਜਾਇਜ਼ ਹੱਕ, ਹੱਕ ਦੀ ਕਮਾਈ। ਸਰਮ—ਸ਼ਰਮ, ਹਯਾ, ਵਿਕਾਰਾਂ ਵਲੋਂ ਸੰਗਣਾ। ਸੀਲੁ—ਚੰਗਾ ਸੁਭਾਉ। ਕਰਮ—ਚੰਗੇ ਕੰਮ, ਨੇਕ ਅਮਲ। ਕਾਬਾ—ਮੱਕੇ ਵਿਚ ਉਹ ਮੰਦਰ ਜਿਸ ਦਾ ਦਰਸਨ ਕਰਨ ਮੁਸਲਮਾਨ ਜਾਂਦੇ ਹਨ।

ਅਰਥ:- (ਲੋਕਾਂ ਉੱਤੇ) ਤਰਸ ਦੀ ਮਸੀਤ (ਬਣਾਓ), ਸਰਧਾ ਨੂੰ ਮੁਸੱਲਾ ਤੇ ਹੱਕ ਦੀ ਕਮਾਈ ਨੂੰ ਕੁਰਾਨ (ਬਣਾਓ)। ਵਿਕਾਰ ਕਰਨ ਵਲੋਂ ਝੱਕਣਾ—ਇਹ ਸੁੰਨਤ ਹੋਵੇ, ਚੰਗਾ ਸੁਭਾਉ ਰੋਜ਼ਾ ਬਣੇ। ਇਸ ਤਰ੍ਹਾਂ (ਹੇ ਭਾਈ!) ਮੁਸਲਮਾਨ ਬਣ। ਉੱਚਾ ਆਚਰਣ ਕਾਬਾ ਹੋਵੇ, ਅੰਦਰੋਂ ਬਾਹਰੋਂ ਇਕੋ ਜਿਹੇ ਰਹਿਣਾ—ਪੀਰ ਹੋਵੇ, ਨੇਕ ਅਮਲਾਂ ਦੀ ਨਿਮਾਜ਼ ਤੇ ਕਲਮਾ ਬਣੇ। ਜੋ ਗੱਲ ਉਸ ਰੱਬ ਨੂੰ ਭਾਵੇ ਉਹੀ (ਸਿਰ ਮੱਥੇ ਤੇ ਮੰਨਣੀ, ਇਹ) ਤਸਬੀ ਹੋਵੇ। ਹੇ ਨਾਨਕ! (ਅਜਿਹੇ ਮੁਸਲਮਾਨ ਦੀ ਰੱਬ) ਲਾਜ ਰੱਖਦਾ ਹੈ।1।

ਮਃ ੧ ॥ ਹਕੁ ਪਰਾਇਆ ਨਾਨਕਾ ਉਸੁ ਸੂਅਰ ਉਸੁ ਗਾਇ ॥ ਗੁਰੁ ਪੀਰੁ ਹਾਮਾ ਤਾ ਭਰੇ ਜਾ ਮੁਰਦਾਰੁ ਨ ਖਾਇ ॥ ਗਲੀ ਭਿਸਤਿ ਨ ਜਾਈਐ ਛੁਟੈ ਸਚੁ ਕਮਾਇ ॥ ਮਾਰਣ ਪਾਹਿ ਹਰਾਮ ਮਹਿ ਹੋਇ ਹਲਾਲੁ ਨ ਜਾਇ ॥ ਨਾਨਕ ਗਲੀ ਕੂੜੀਈ ਕੂੜੋ ਪਲੈ ਪਾਇ ॥੨॥ {ਪੰਨਾ 141}

ਪਦਅਰਥ:- ਹਾਮਾ ਭਰੇ—ਸਿਫ਼ਾਰਸ਼ ਕਰਦਾ ਹੈ {ਕਿਸੇ ਮੁਸਲਮਾਨ ਨਾਲ ਵਿਚਾਰ ਹੋਣ ਕਰ ਕੇ ਉਹਨਾਂ ਦੇ ਹੀ ਅਕੀਦੇ ਦਾ ਜ਼ਿਕਰ ਕੀਤਾ ਹੈ}। ਮੁਰਦਾਰੁ—ਮਸਾਲੇ ਪਰਾਇਆ ਹੱਕ। ਭਿਸਤਿ—ਬਹਿਸ਼ਤ ਵਿਚ। ਛੁਟੈ—ਨਜਾਤ ਮਿਲਦੀ ਹੈ, ਮੁਕਤੀ ਹਾਸਲ ਹੁੰਦੀ ਹੈ। ਕਮਾਇ—ਕਮਾ ਕੇ, ਅਮਲੀ ਜੀਵਨ ਵਿਚ ਵਰਤਿਆਂ। ਮਾਰਣ—ਮਸਾਲੇ (ਬਹਸ ਆਦਿਕ ਚੁਤਰਾਈ ਦੀਆਂ ਗੱਲਾਂ)। ਕੂੜੀਈ ਗਲੀ—(ਬਹਸ ਆਦਿਕ ਦੀਆਂ) ਕੂੜੀਆਂ ਗੱਲਾਂ ਨਾਲ। ਪਲੈ ਪਾਇ—ਮਿਲਦਾ ਹੈ।

ਅਰਥ:- ਹੇ ਨਾਨਕ! ਪਰਾਇਆ ਹੱਕ ਮੁਸਲਮਾਨ ਲਈ ਸੂਰ ਹੈ ਤੇ ਹਿੰਦੂ ਲਈ ਗਾਂ ਹੈ। ਗੁਰੂ ਪੈਗ਼ੰਬਰ ਤਾਂ ਹੀ ਸਿਫ਼ਾਰਿਸ਼ ਕਰਦਾ ਹੈ ਜੇ ਮਨੁੱਖ ਪਰਾਇਆ ਹੱਕ ਨਾਹ ਵਰਤੇ। ਨਿਰੀਆਂ ਗੱਲਾਂ ਕਰਨ ਨਾਲ ਬਹਿਸ਼ਤ ਵਿਚ ਨਹੀਂ ਅੱਪੜ ਸਕੀਦਾ। ਸੱਚ ਨੂੰ (ਭਾਵ, ਜਿਸ ਨੂੰ ਸੱਚਾ ਰਸਤਾ ਆਖਦੇ ਹਉ, ਉਸ ਨੂੰ) ਅਮਲੀ ਜੀਵਨ ਵਿਚ ਵਰਤਿਆਂ ਹੀ ਨਜਾਤ ਮਿਲਦੀ ਹੈ। (ਬਹਿਸ ਆਦਿਕ ਗੱਲਾਂ ਦੇ) ਮਸਾਲੇ ਹਰਾਮ ਮਾਲ ਵਿਚ ਪਾਇਆਂ ਉਹ ਹੱਕ ਦਾ ਮਾਲ ਨਹੀਂ ਬਣ ਜਾਂਦਾ। ਹੇ ਨਾਨਕ! ਕੂੜੀਆਂ ਗੱਲਾਂ ਕੀਤਿਆਂ ਕੂੜ ਹੀ ਮਿਲਦਾ ਹੈ।2।

ਮਃ ੧ ॥ ਪੰਜਿ ਨਿਵਾਜਾ ਵਖਤ ਪੰਜਿ ਪੰਜਾ ਪੰਜੇ ਨਾਉ ॥ ਪਹਿਲਾ ਸਚੁ ਹਲਾਲ ਦੁਇ ਤੀਜਾ ਖੈਰ ਖੁਦਾਇ ॥ ਚਉਥੀ ਨੀਅਤਿ ਰਾਸਿ ਮਨੁ ਪੰਜਵੀ ਸਿਫਤਿ ਸਨਾਇ ॥ ਕਰਣੀ ਕਲਮਾ ਆਖਿ ਕੈ ਤਾ ਮੁਸਲਮਾਣੁ ਸਦਾਇ ॥ ਨਾਨਕ ਜੇਤੇ ਕੂੜਿਆਰ ਕੂੜੈ ਕੂੜੀ ਪਾਇ ॥੩॥ {ਪੰਨਾ 141}

ਪਦਅਰਥ:- ਵਖਤ—ਵਕਤ, ਸਮੇ। ਦੁਇ—ਦੂਜੀ। ਖੈਰ ਖੁਦਾਇ—ਰੱਬ ਤੋਂ ਸਭ ਦਾ ਭਲਾ ਮੰਗਣਾ। ਰਾਸਿ—ਰਾਸਤ, ਸਾਫ਼। ਸਨਾਇ—ਵਡਿਆਈ। ਪਾਇ—ਪਾਂਇਆਂ, ਇੱਜ਼ਤ।

ਅਰਥ:- (ਮੁਸਲਮਾਨਾਂ ਦੀਆਂ ਪੰਜ ਨਿਮਾਜ਼ਾਂ ਹਨ, (ਉਹਨਾਂ ਦੇ) ਪੰਜ ਵਕਤ ਹਨ ਤੇ ਪੰਜਾਂ ਹੀ ਨਿਮਾਜ਼ਾਂ ਦੇ (ਵਖੋ ਵਖਰੇ) ਪੰਜ ਨਾਮ। (ਪਰ ਅਸਾਡੇ ਮਤ ਵਿਚ ਅਸਲ ਨਿਮਾਜ਼ਾਂ ਇਉਂ ਹਨ—) ਸੱਚ ਬੋਲਣਾ ਨਮਾਜ਼ ਦਾ ਪਹਿਲਾ ਨਾਮ ਹੈ (ਭਾਵ, ਸਵੇਰ ਦੀ ਪਹਿਲੀ ਨਿਮਾਜ਼ ਹੈ), ਹੱਕ ਦੀ ਕਮਾਈ ਦੂਜੀ ਨਮਾਜ਼ ਹੈ, ਰੱਬ ਤੋਂ ਸਭ ਦਾ ਭਲਾ ਮੰਗਣਾ ਨਿਮਾਜ਼ ਦਾ ਤੀਜਾ ਨਾਮ ਹੈ। ਨੀਅਤਿ ਨੂੰ ਸਾਫ਼ ਕਰਨਾ ਮਨ ਨੂੰ ਸਾਫ਼ ਰੱਖਣਾ ਇਹ ਚਉਥੀ ਨਿਮਾਜ਼ ਹੈ ਤੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਤੇ ਵਡਿਆਈ ਕਰਨੀ ਇਹ ਪੰਜਵੀਂ ਨਮਾਜ਼ ਹੈ। (ਇਹਨਾਂ ਪੰਜਾਂ ਨਮਾਜ਼ਾਂ ਦੇ

ਨਾਲ ਨਾਲ) ਉੱਚਾ ਆਚਰਣ ਬਨਾਣ-ਰੂਪ ਕਲਮਾ ਪੜ੍ਹੇ ਤਾਂ (ਆਪਣੇ ਆਪ ਨੂੰ) ਮੁਸਲਮਾਨ ਅਖਵਾਏ (ਭਾਵ, ਤਾਂ ਹੀ ਸੱਚਾ ਮੁਸਲਮਾਨ ਅਖਵਾ ਸਕਦਾ ਹੈ)।

ਹੇ ਨਾਨਕ! (ਇਹਨਾਂ ਨਮਾਜ਼ਾਂ ਤੇ ਕਲਮੇ ਤੋਂ ਖੁੰਝੇ ਹੋਏ) ਜਿਤਨੇ ਭੀ ਹਨ ਉਹ ਕੂੜ ਦੇ ਵਪਾਰੀ ਹਨ ਤੇ ਕੂੜੇ ਦੀ ਇੱਜ਼ਤ ਭੀ ਕੂੜੀ ਹੀ ਹੁੰਦੀ ਹੈ।3।

ਪਉੜੀ ॥ ਇਕਿ ਰਤਨ ਪਦਾਰਥ ਵਣਜਦੇ ਇਕਿ ਕਚੈ ਦੇ ਵਾਪਾਰਾ ॥ ਸਤਿਗੁਰਿ ਤੁਠੈ ਪਾਈਅਨਿ ਅੰਦਰਿ ਰਤਨ ਭੰਡਾਰਾ ॥ ਵਿਣੁ ਗੁਰ ਕਿਨੈ ਨ ਲਧਿਆ ਅੰਧੇ ਭਉਕਿ ਮੁਏ ਕੂੜਿਆਰਾ ॥ ਮਨਮੁਖ ਦੂਜੈ ਪਚਿ ਮੁਏ ਨਾ ਬੂਝਹਿ ਵੀਚਾਰਾ ॥ ਇਕਸੁ ਬਾਝਹੁ ਦੂਜਾ ਕੋ ਨਹੀ ਕਿਸੁ ਅਗੈ ਕਰਹਿ ਪੁਕਾਰਾ ॥ ਇਕਿ ਨਿਰਧਨ ਸਦਾ ਭਉਕਦੇ ਇਕਨਾ ਭਰੇ ਤੁਜਾਰਾ ॥ ਵਿਣੁ ਨਾਵੈ ਹੋ ਰੁ ਧਨੁ ਨਾਹੀ ਹੋਰੁ ਬਿਖਿਆ ਸਭੁ ਛਾਰਾ ॥ ਨਾਨਕ ਆਪਿ ਕਰਾਏ ਕਰੇ ਆਪਿ ਹੁਕਮਿ ਸਵਾਰਣਹਾਰਾ ॥੭॥ {ਪੰਨਾ 141}

ਪਦਅਰਥ:- ਇਕਿ—ਕਈ ਮਨੁੱਖ। ਪਾਈਅਨਿ—ਮਿਲਦੇ ਹਨ। ਤੁਜਾਰਾ—ਖ਼ਜ਼ਾਨੇ। ਬਿਖਿਆ—ਮਾਇਆ। ਛਾਰ—ਸੁਆਹ, ਤੁੱਛ, ਨਿਕੰਮਾ।

ਅਰਥ:- ਕਈ ਮਨੁੱਖ (ਪਰਮਾਤਮਾ ਦੀ ਸਿਫ਼ਤਿ-ਸਾਲਾਹ-ਰੂਪ) ਕੀਮਤੀ-ਸਉਦੇ ਵਿਹਾਝਦੇ ਹਨ, ਤੇ ਕਈ (ਦੁਨੀਆ-ਰੂਪ) ਕੱਚ ਦੇ ਵਪਾਰੀ ਹਨ। (ਪ੍ਰਭੂ ਦੇ ਗੁਣ-ਰੂਪ ਇਹ) ਰਤਨਾਂ ਦੇ ਖ਼ਜ਼ਾਨੇ (ਮਨੁੱਖ ਦੇ) ਅੰਦਰ ਹੀ ਹਨ, ਪਰ ਸਤਿਗੁਰੂ ਦੇ ਤਰੁੱਠਿਆਂ ਇਹ ਮਿਲਦੇ ਹਨ। ਗੁਰੂ (ਦੀ ਸਰਨ ਆਉਣ) ਤੋਂ ਬਿਨਾ ਕਿਸੇ ਨੇ ਇਹ ਖ਼ਜ਼ਾਨਾ ਨਹੀਂ ਲੱਭਾ, ਕੂੜ ਦੇ ਵਪਾਰੀ ਅੰਨ੍ਹੇ ਬੰਦੇ (ਮਾਇਆ ਦੀ ਖ਼ਾਤਰ ਹੀ ਦਰ ਦਰ ਤੇ) ਤਰਲੇ ਲੈਂਦੇ ਮਰ ਜਾਂਦੇ ਹਨ। ਜੋ ਮਨੁੱਖ ਆਪਣੇ ਮਨ ਦੇ ਪਿੱਛੇ ਤੁਰਦੇ ਹਨ, ਉਹ ਮਾਇਆ ਵਿਚ ਖਚਿਤ ਹੁੰਦੇ ਹਨ, ਉਹਨਾਂ ਨੂੰ ਅਸਲ ਵਿਚਾਰ ਸੁੱਝਦੀ ਨਹੀਂ। (ਇਸ ਦੁਖੀ ਹਾਲਤ ਦੀ) ਪੁਕਾਰ ਭੀ ਉਹ ਲੋਕ ਕਿਸ ਦੇ ਸਾਹਮਣੇ ਕਰਨ? ਇਕ ਪ੍ਰਭੂ ਤੋਂ ਬਿਨਾ ਹੋਰ ਕੋਈ (ਸਹੈਤਾ ਕਰਨ ਵਾਲਾ ਹੀ) ਨਹੀਂ ਹੈ।

(ਨਾਮ-ਰੂਪ ਖ਼ਜ਼ਾਨੇ ਤੋਂ ਬਿਨਾ) ਕਈ ਕੰਗਾਲ ਸਦਾ (ਦਰ ਦਰ ਤੇ) ਤਰਲੇ ਲੈਂਦੇ ਫਿਰਦੇ ਹਨ, ਇਹਨਾਂ ਦੇ (ਹਿਰਦੇ-ਰੂਪ) ਖ਼ਜ਼ਾਨੇ (ਬੰਦਗੀ-ਰੂਪ ਧਨ ਨਾਲ) ਭਰੇ ਪਏ ਹਨ, (ਪਰਮਾਤਮਾ ਦੇ) ਨਾਮ ਤੋਂ ਬਿਨਾ ਹੋਰ ਕੋਈ (ਨਾਲ ਨਿਭਣ ਵਾਲਾ) ਧਨ ਨਹੀਂ ਹੈ, ਹੋਰ ਮਾਇਆ ਵਾਲਾ ਧਨ ਸੁਆਹ (ਸਮਾਨ) ਹੈ।

(ਪਰ) ਹੇ ਨਾਨਕ! ਸਭ (ਜੀਵਾਂ ਵਿਚ ਬੈਠਾ ਪ੍ਰਭੂ) ਆਪ ਹੀ (ਕੱਚ ਤੇ ਰਤਨਾਂ ਦੇ ਵਪਾਰ) ਕਰ ਰਿਹਾ ਹੈ, (ਜਿਨ੍ਹਾਂ ਨੂੰ ਸੁਧਾਰਦਾ ਹੈ ਉਹਨਾਂ ਨੂੰ ਆਪਣੇ) ਹੁਕਮ ਵਿਚ ਹੀ ਸਿੱਧੇ ਰਾਹੇ ਪਾਂਦਾ ਹੈ।7।

ਸਲੋਕੁ ਮਃ ੧ ॥ ਮੁਸਲਮਾਣੁ ਕਹਾਵਣੁ ਮੁਸਕਲੁ ਜਾ ਹੋਇ ਤਾ ਮੁਸਲਮਾਣੁ ਕਹਾਵੈ ॥ ਅਵਲਿ ਅਉਲਿ ਦੀਨੁ ਕਰਿ ਮਿਠਾ ਮਸਕਲ ਮਾਨਾ ਮਾਲੁ ਮੁਸਾਵੈ ॥ ਹੋਇ ਮੁਸਲਿਮੁ ਦੀਨ ਮੁਹਾਣੈ ਮਰਣ ਜੀਵਣ ਕਾ ਭਰਮੁ ਚੁਕਾਵੈ ॥ ਰਬ ਕੀ ਰਜਾਇ ਮੰਨੇ ਸਿਰ ਉਪਰਿ ਕਰਤਾ ਮੰਨੇ ਆਪੁ ਗਵਾਵੈ ॥ ਤਉ ਨਾਨਕ ਸਰਬ ਜੀਆ ਮਿਹਰੰਮਤਿ ਹੋਇ ਤ ਮੁਸਲਮਾਣੁ ਕਹਾਵੈ ॥੧॥ {ਪੰਨਾ 141}

ਪਦਅਰਥ:- ਅਵਲਿ ਅਉਲਿ—ਅਵਲਿ ਅਉਲਿ, ਪਹਿਲਾਂ ਪਹਿਲ, ਸਭ ਤੋਂ ਪਹਿਲਾਂ {ਨੋਟ:- ਅੱਖਰ 'ਓ' ਤੇ 'ਵ' ਆਪੋ ਵਿਚ ਬਦਲ ਜਾਂਦੇ ਹਨ ਕਿਉਂਕਿ ਦੋਹਾਂ ਦਾ ਉਚਾਰਨ-ਅਸਥਾਨ ਇਹੋ ਹੀ ਹੈ। ਇਸੇ ਹੀ 'ਵਾਰ' ਵਿਚ ਲਫ਼ਜ਼ 'ਪਉੜੀ' ਤੇ 'ਪਵੜੀ' ਵਰਤੇ ਜਾ ਰਹੇ ਹਨ, ਵੇਖੋ ਨੰ: 9, 10, 11}। ਮਸਕਲ—ਮਿਸਕਲਾ, ਜੰਗਾਲੁ ਲਾਹੁਣ ਵਾਲਾ ਹਥਿਆਰ। ਮਾਨਾ—ਮਾਨਿੰਦ, ਵਾਂਗ। ਮੁਸਾਵੈ—ਠਗਾਵੈ, ਲੁਟਾਏ, ਵੰਡੇ। ਦੀਨ ਮੁਹਾਣੈ—ਦੀਨ ਦੀ ਅਗਵਾਈ ਵਿਚ, ਦੀਨ ਦੇ ਸਨਮੁਖ, ਧਰਮ ਦੇ ਅਨੁਸਾਰ। ਮਰਣ ਜੀਵਣ—ਸਾਰੀ ਉਮਰ। ਆਪੁ—ਆਪਾ-ਭਾਵ, ਹਉਮੈ, ਖ਼ੁਦੀ। ਮਿਹਰੰਮਤਿ—ਮਿਹਰ, ਤਰਸ।

ਅਰਥ:- (ਅਸਲ) ਮੁਸਲਮਾਨ ਅਖਵਾਣਾ ਬੜਾ ਔਖਾ ਹੈ ਜੇ (ਉਹੋ ਜਿਹਾ) ਬਣੇ ਤਾਂ ਮਨੁੱਖ ਆਪਣੇ ਆਪ ਨੂੰ ਮੁਸਲਮਾਨ ਅਖਾਏ। (ਅਸਲੀ ਮੁਸਲਮਾਨ ਬਣਨ ਲਈ) ਸਭ ਤੋਂ ਪਹਿਲਾਂ (ਇਹ ਜ਼ਰੂਰੀ ਹੈ ਕਿ) ਮਜ਼ਹਬ ਪਿਆਰਾ ਲੱਗੇ, (ਫਿਰ) ਜਿਵੇਂ ਮਿਸਕਲੇ ਨਾਲ ਜੰਗਾਲ ਲਾਹੀਦਾ ਹੈ ਤਿਵੇਂ (ਆਪਣੀ ਕਮਾਈ ਦਾ) ਧਨ (ਲੋੜਵੰਦਿਆਂ ਨਾਲ) ਵੰਡ ਕੇ ਵਰਤੇ (ਤੇ ਇਸ ਤਰ੍ਹਾਂ ਦੌਲਤ ਦਾ ਅਹੰਕਾਰ ਦੂਰ ਕਰੇ)। ਮਜ਼ਹਬ ਦੀ ਅਗਵਾਈ ਵਿਚ ਤੁਰ ਕੇ ਮੁਸਲਮਾਨ ਬਣੇ, ਤੇ ਸਾਰੀ ਉਮਰ ਦੀ ਭਟਕਣਾ ਮੁਕਾ ਦੇਵੇ (ਭਾਵ, ਸਾਰੀ ਉਮਰ ਕਦੇ ਮਜ਼ਹਬ ਦੇ ਦੱਸੇ ਰਾਹ ਤੋਂ ਲਾਂਭੇ ਨਾਹ ਜਾਏ)। ਰੱਬ ਦੇ ਕੀਤੇ ਨੂੰ ਸਿਰ ਮੱਥੇ ਤੇ ਮੰਨੇ, ਕਾਦਰ ਨੂੰ ਹੀ (ਸਭ ਕੁਝ ਕਰਨ ਵਾਲਾ) ਮੰਨੇ ਤੇ ਖ਼ੁਦੀ ਮਿਟਾ ਦੇਵੇ। ਇਸ ਤਰ੍ਹਾਂ, ਹੇ ਨਾਨਕ! (ਰੱਬ ਦੇ ਪੈਦਾ ਕੀਤੇ) ਸਾਰੇ ਬੰਦਿਆਂ ਨਾਲ ਪਿਆਰ ਕਰੇ, ਇਹੋ ਜਿਹਾ ਬਣੇ, ਤਾਂ ਮੁਸਲਮਾਨ ਅਖਵਾਏ।1।

ਮਹਲਾ ੪ ॥ ਪਰਹਰਿ ਕਾਮ ਕ੍ਰੋਧੁ ਝੂਠੁ ਨਿੰਦਾ ਤਜਿ ਮਾਇਆ ਅਹੰਕਾਰੁ ਚੁਕਾਵੈ ॥ ਤਜਿ ਕਾਮੁ ਕਾਮਿਨੀ ਮੋਹੁ ਤਜੈ ਤਾ ਅੰਜਨ ਮਾਹਿ ਨਿਰੰਜਨੁ ਪਾਵੈ ॥ ਤਜਿ ਮਾਨੁ ਅਭਿਮਾਨੁ ਪ੍ਰੀਤਿ ਸੁਤ ਦਾਰਾ ਤਜਿ ਪਿਆਸ ਆਸ ਰਾਮ ਲਿਵ ਲਾਵੈ ॥ ਨਾਨਕ ਸਾਚਾ ਮਨਿ ਵਸੈ ਸਾਚ ਸਬਦਿ ਹਰਿ ਨਾਮਿ ਸਮਾਵੈ ॥੨॥ {ਪੰਨਾ 141}

ਪਦਅਰਥ:- ਪਰਹਰਿ—ਤਿਆਗ ਕੇ, ਛੱਡ ਕੇ। ਤਜਿ—ਛੱਡ ਕੇ। ਕਾਮਿਨੀ-ਇਸਤ੍ਰੀ। ਅਜੰਨ—ਕਾਲਖ, ਮਾਇਆ ਦਾ ਹਨੇਰਾ। ਨਿਰੰਜਨੁ—ਉਹ ਪ੍ਰਭੂ ਜਿਸ ਉਤੇ ਮਾਇਆ ਦਾ ਅਸਰ ਨਹੀਂ ਪੈ ਸਕਦਾ। ਸੁਤ—ਪੁਤ੍ਰ। ਦਾਰਾ—ਇਸਤ੍ਰੀ, ਵਹੁਟੀ। ਪਿਆਸ—ਤ੍ਰਿਸ਼ਨਾ।

ਅਰਥ:- (ਜੇ ਮਨੁੱਖ) ਕਾਮ ਗੁੱਸਾ ਝੂਠ ਨਿੰਦਿਆ ਛੱਡ ਦੇਵੇ, ਜੇ ਮਾਇਆ ਦਾ ਲਾਲਚ ਛੱਡ ਕੇ ਅਹੰਕਾਰ (ਭੀ) ਦੂਰ ਕਰ ਲਏ, ਜੇ ਵਿਸ਼ੇ ਦੀ ਵਾਸ਼ਨਾ ਛੱਡ ਕੇ ਇਸਤ੍ਰੀ ਦਾ ਮੋਹ ਤਿਆਗ ਦੇਵੇ ਤਾਂ ਮਨੁੱਖ ਮਾਇਆ ਦੀ ਕਾਲਖ ਵਿਚ ਰਹਿੰਦਾ ਹੋਇਆ ਹੀ ਮਾਇਆ-ਰਹਿਤ ਪ੍ਰਭੂ ਨੂੰ ਲੱਭ ਲੈਂਦਾ ਹੈ। (ਜੇ ਮਨੁੱਖ) ਅਹੰਕਾਰ ਦੂਰ ਕਰ ਕੇ ਪੁੱਤ੍ਰ ਵਹੁਟੀ ਦਾ ਮੋਹ ਛੱਡ ਦੇਵੇ, ਜੇ (ਦੁਨੀਆ ਦੇ ਪਦਾਰਥਾਂ ਦੀਆਂ) ਆਸਾਂ ਤੇ ਤ੍ਰਿਸ਼ਨਾ ਛੱਡ ਕੇ ਪਰਮਾਤਮਾ ਨਾਲ ਸੁਰਤਿ ਜੋੜ ਲਏ, ਤਾਂ, ਹੇ ਨਾਨਕ! ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਉਸ ਦੇ ਮਨ ਵੱਸ ਪੈਂਦਾ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਪਰਮਾਤਮਾ ਦੇ ਨਾਮ ਵਿਚ ਉਹ ਲੀਨ ਹੋ ਜਾਂਦਾ ਹੈ।2।

ਪਉੜੀ ॥ ਰਾਜੇ ਰਯਤਿ ਸਿਕਦਾਰ ਕੋਇ ਨ ਰਹਸੀਓ ॥ ਹਟ ਪਟਣ ਬਾਜਾਰ ਹੁਕਮੀ ਢਹਸੀਓ ॥ ਪਕੇ ਬੰਕ ਦੁਆਰ ਮੂਰਖੁ ਜਾਣੈ ਆਪਣੇ ॥ ਦਰਬਿ ਭਰੇ ਭੰਡਾਰ ਰੀਤੇ ਇਕਿ ਖਣੇ ॥ ਤਾਜੀ ਰਥ ਤੁਖਾਰ ਹਾਥੀ ਪਾਖਰੇ ॥ ਬਾਗ ਮਿਲਖ ਘਰ ਬਾਰ ਕਿਥੈ ਸਿ ਆਪਣੇ ॥ ਤੰਬੂ ਪਲੰਘ ਨਿਵਾਰ ਸਰਾਇਚੇ ਲਾਲਤੀ ॥ ਨਾਨਕ ਸਚ ਦਾਤਾਰੁ ਸਿਨਾਖਤੁ ਕੁਦਰਤੀ ॥੮॥ {ਪੰਨਾ 141}

ਪਦਅਰਥ:- ਸਿਕਦਾਰ—ਚੌਧਰੀ,। ਪਟਣ—ਸ਼ਹਿਰ। ਬੰਕ—ਸੋਹਣੇ, ਬਾਂਕੇ। ਦਰਬਿ—ਧਨ ਨਾਲ। ਰੀਤੇ—ਸੱਖਣੇ। ਇਕਿ—ਇਕ ਵਿਚ। ਇਕਿ ਖਣੇ—ਇਕ ਖਿਨ ਵਿਚ। ਤਾਜੀ—ਅਰਬੀ ਨਸਲ ਦੇ ਘੋੜੇ। ਤੁਖਾਰ—ਊਠ। ਪਾਖਰ—ਹਉਦੇ, ਪਲਾਣੇ। ਸਿ—ਉਹ। ਸਰਾਇਚੇ—ਕਨਾਤਾਂ। ਲਾਲਤੀ—ਅਤਲਸੀ। ਸਿਨਾਖਤੁ—ਪਛਾਣ। ਸਚੁ—ਸਦਾ ਕਾਇਮ ਰਹਿਣ ਵਾਲਾ।

ਅਰਥ:- ਰਾਜੇ, ਪਰਜਾ, ਚੌਧਰੀ, ਕੋਈ ਭੀ ਸਦਾ ਨਹੀਂ ਰਹੇਗਾ। ਹੱਟ, ਸ਼ਹਰ, ਬਾਜ਼ਾਰ, ਪ੍ਰਭੂ ਦੇ ਹੁਕਮ ਵਿਚ (ਅੰਤ) ਢਹਿ ਜਾਣਗੇ। ਸੋਹਣੇ ਪੱਕੇ (ਘਰਾਂ ਦੇ) ਦਰਵਾਜ਼ਿਆਂ ਨੂੰ ਮੂਰਖ ਮਨੁੱਖ ਆਪਣੇ ਸਮਝਦਾ ਹੈ, (ਪਰ ਇਹ ਨਹੀਂ ਜਾਣਦਾ ਕਿ) ਧਨ ਨਾਲ ਭਰੇ ਹੋਏ ਖ਼ਜ਼ਾਨੇ ਇਕ ਪਲਕ ਵਿਚ ਖ਼ਾਲੀ ਹੋ ਜਾਂਦੇ ਹਨ। ਵਧੀਆ ਘੋੜੇ, ਰਥ, ਊਠ,

ਹਾਥੀ, ਹਉਦੇ, ਬਾਗ਼ ਜ਼ਮੀਨਾਂ, ਘਰ-ਘਾਟ, ਤੰਬੂ, ਨਿਵਾਰੀ ਪਲੰਘ ਤੇ ਅਤਲਸੀ ਕਨਾਤਾਂ ਜਿਨ੍ਹਾਂ ਨੂੰ ਮਨੁੱਖ ਆਪਣੇ ਸਮਝਦਾ ਹੈ ਕਿਤੇ ਜਾਂਦੇ ਨਹੀਂ ਲੱਭਦੇ।

ਹੇ ਨਾਨਕ! ਸਦਾ ਰਹਿਣ ਵਾਲਾ ਸਿਰਫ਼ ਉਹੀ ਹੈ, ਜੋ ਇਹਨਾਂ ਪਦਾਰਥਾਂ ਦੇ ਦੇਣ ਵਾਲਾ ਹੈ, ਉਸ ਦੀ ਪਛਾਣ ਉਸ ਦੀ ਰਚੀ ਕੁਦਰਤਿ ਵਿਚੋਂ ਹੁੰਦੀ ਹੈ।8।

ਸਲੋਕੁ ਮਃ ੧ ॥ ਨਦੀਆ ਹੋਵਹਿ ਧੇਣਵਾ ਸੁੰਮ ਹੋਵਹਿ ਦੁਧੁ ਘੀਉ ॥ ਸਗਲੀ ਧਰਤੀ ਸਕਰ ਹੋਵੈ ਖੁਸੀ ਕਰੇ ਨਿਤ ਜੀਉ ॥ ਪਰਬਤ ਸੁਇਨਾ ਰੁਪਾ ਹੋਵੈ ਹੀਰੇ ਲਾਲ ਜੜਾਉ ॥ ਭੀ ਤੂੰਹੈ ਸਾਲਾਹਣਾ ਆਖਣ ਲਹੈ ਨ ਚਾਉ ॥੧॥ {ਪੰਨਾ 141}

ਪਦਅਰਥ:- ਧੇਣਵਾ—ਗਾਈਆਂ। ਸੁੰਮ—ਸੋਮੇ, ਚਸ਼ਮੇ। ਜੀਉ—ਜਿੰਦ, ਜੀਵ। ਰੁਪਾ—ਰੁੱਪਾ, ਚਾਂਦੀ। ਆਖਣ ਚਾਉ—ਤੇਰੀ ਵਡਿਆਈ ਕਰਨ ਦਾ ਚਾਉ। ਤੂੰ ਹੈ—ਤੈਨੂੰ ਹੀ।

ਅਰਥ:- ਜੇ ਸਾਰੀਆਂ ਨਦੀਆਂ (ਮੇਰੇ ਵਾਸਤੇ) ਗਾਈਆਂ ਬਣ ਜਾਣ (ਪਾਣੀ ਦੇ) ਚਸ਼ਮੇ ਦੁੱਧ ਤੇ ਘਿਉ ਬਣ ਜਾਣ, ਸਾਰੀ ਜ਼ਮੀਨ ਸ਼ਕਰ ਬਣ ਜਾਏ, (ਇਹਨਾਂ ਪਦਾਰਥਾਂ ਨੂੰ ਵੇਖ ਕੇ) ਮੇਰੀ ਜਿੰਦ ਨਿੱਤ ਖ਼ੁਸ਼ ਹੋਵੇ, ਜੇ ਹੀਰੇ ਤੇ ਲਾਲਾਂ ਨਾਲ ਜੜਿਆ ਹੋਇਆ ਸੋਨੇ ਤੇ ਚਾਂਦੀ ਦਾ ਪਹਾੜ ਬਣ ਜਾਏ, ਤਾਂ ਭੀ (ਹੇ ਪ੍ਰਭੂ! ਮੈਂ ਇਹਨਾਂ ਪਦਾਰਥਾਂ ਵਿਚ ਨਾਹ ਫਸਾਂ ਤੇ) ਤੇਰੀ ਹੀ ਸਿਫ਼ਤਿ-ਸਾਲਾਹ ਕਰਾਂ, ਤੇਰੀ ਵਡਿਆਈ ਕਰਨ ਦਾ ਮੇਰਾ ਚਾਉ ਮੁੱਕ ਨਾਹ ਜਾਏ।1।

ਮਃ ੧ ॥ ਭਾਰ ਅਠਾਰਹ ਮੇਵਾ ਹੋਵੈ ਗਰੁੜਾ ਹੋਇ ਸੁਆਉ ॥ ਚੰਦੁ ਸੂਰਜੁ ਦੁਇ ਫਿਰਦੇ ਰਖੀਅਹਿ ਨਿਹਚਲੁ ਹੋਵੈ ਥਾਉ ॥ ਭੀ ਤੂੰਹੈ ਸਾਲਾਹਣਾ ਆਖਣ ਲਹੈ ਨ ਚਾਉ ॥੨॥ {ਪੰਨਾ 142}

ਪਦਅਰਥ:- ਭਾਰ ਅਠਾਰਹ—18 ਭਾਰ, ਸਾਰੀ ਬਨਸਪਤੀ {ਪੁਰਾਤਨ ਖ਼ਿਆਲ ਤੁਰਿਆ ਆ ਰਿਹਾ ਹੈ ਕਿ ਜੇ ਹਰੇਕ ਕਿਸਮ ਦੇ ਬ੍ਰਿਛ-ਬੂਟੇ ਦਾ ਇਕ ਇਕ ਪੱਤਰ ਲੈ ਕੇ ਇਕੱਠੇ ਤੋਲੇ ਜਾਣ ਤਾਂ ਸਾਰਾ ਤੋਲ '18 ਭਾਰ' ਬਣਦਾ ਹੈ। ਇਕ ਭਾਰ ਦਾ ਵਜ਼ਨ ਹੈ 5 ਮਣ ਕੱਚੇ}। ਗਰੁੜਾ—ਮੂੰਹ ਵਿਚ ਘੁਲ ਜਾਣ ਵਾਲਾ, ਰਸੀਲਾ। ਸੁਆਉ—ਸੁਆਦ।

ਅਰਥ:- ਜੇ ਸਾਰੀ ਬਨਸਪਤੀ ਮੇਵਾ ਬਣ ਜਾਏ, ਜਿਸ ਦਾ ਸੁਆਦ ਬਹੁਤ ਰਸੀਲਾ ਹੋਵੇ, ਜੇ ਮੇਰੀ ਰਹਿਣ ਦੀ ਥਾਂ ਅਟੱਲ ਹੋ ਜਾਏ ਤੇ ਚੰਦ ਅਤੇ ਸੂਰਜ ਦੋਵੇਂ (ਮੇਰੀ ਰਿਹੈਸ਼ ਦੀ ਸੇਵਾ ਕਰਨ ਲਈ) ਸੇਵਾ ਤੇ ਲਾਏ ਜਾਣ, (ਤਾਂ ਭੀ ਹੇ ਪ੍ਰਭੂ! ਮੈਂ ਇਹਨਾਂ ਵਿਚ ਨਾਹ ਫਸਾਂ ਤੇ) ਤੇਰੀ ਹੀ ਸਿਫ਼ਤਿ-ਸਾਲਾਹ ਕਰਾਂ, ਤੇਰੀ ਵਡਿਆਈ ਕਰਨ ਦਾ ਮੇਰਾ ਚਾਉ ਮੁੱਕ ਨਾਹ ਜਾਏ।2।

ਮਃ ੧ ॥ ਜੇ ਦੇਹੈ ਦੁਖੁ ਲਾਈਐ ਪਾਪ ਗਰਹ ਦੁਇ ਰਾਹੁ ॥ ਰਤੁ ਪੀਣੇ ਰਾਜੇ ਸਿਰੈ ਉਪਰਿ ਰਖੀਅਹਿ ਏਵੈ ਜਾਪੈ ਭਾਉ ॥ ਭੀ ਤੂੰਹੈ ਸਾਲਾਹਣਾ ਆਖਣ ਲਹੈ ਨ ਚਾਉ ॥੩॥ {ਪੰਨਾ 142}

ਪਦਅਰਥ:- ਦੇਹੈ—ਸਰੀਰ ਨੂੰ। ਰਾਹੁ—ਰਾਹੂ। ਦੁਇ—ਦੋਵੇਂ ਰਾਹੂ ਤੇ ਕੇਤੂ। ਪਾਪ ਗਰਹ—ਪਾਪਾਂ ਦੇ ਗ੍ਰਹ, ਮਨਹੂਸ ਤਾਰੇ। ਰਤੁ ਪੀਣੇ-ਜ਼ਾਲਮ। ਏਵੈ—ਇਹੋ ਜਿਹੀ। ਭਾਉ—ਪਿਆਰ। ਜਾਪੈ—ਪਰਗਟ ਹੋਵੇ। ਏਵੈ—ਇਸੇ ਤਰ੍ਹਾਂ {ਪੁਰਾਣਾਂ ਦੀ ਕਥਾ ਹੈ ਕਿ ਮੋਹਨੀ ਅਵਤਾਰ ਦੀ ਅਗਵਾਈ ਵਿਚ ਦੇਵਤਿਆਂ ਨੇ ਸਮੁੰਦਰ ਰਿੜਕ ਕੇ 14 ਰਤਨ ਕੱਢੇ, ਉਹਨਾਂ ਵਿਚੋਂ ਇਕ ਸੀ 'ਅੰਮ੍ਰਿਤ' ਜਦੋਂ ਦੇਵਤੇ ਰਲ ਕੇ ਅੰਮ੍ਰਿਤ ਪੀਣ ਲੱਗੇ, ਤਾਂ 'ਰਾਹੂ' ਦੈਂਤ ਭੀ ਭੇਸ ਵਟਾ ਕੇ ਆ ਬੈਠਾ ਤੇ 'ਅੰਮ੍ਰਿਤ' ਪੀ ਗਿਆ। ਚੰਦਰਮਾ ਤੇ ਸੂਰਜ ਨੇ ਪਛਾਣ ਲਿਆ, ਉਹਨਾਂ ਮੋਹਨੀ ਅਵਤਾਰ ਨੂੰ ਦੱਸਿਆ ਜਿਸ ਨੇ ਸੁਦਰਸ਼ਨ ਚੱਕਰ ਨਾਲ ਇਸ ਦਾ ਸਿਰ ਕੱਟ ਦਿੱਤਾ। 'ਅੰਮ੍ਰਿਤ' ਪੀਣ ਕਰਕੇ ਇਹ ਮਰ ਨ ਸਕਿਆ ਹੁਣ ਤਕ ਵੈਰ ਲੈਣ ਲਈ ਕਦੇ ਕਦੇ ਚੰਦਰਮਾ ਤੇ ਸੂਰਜ ਨੂੰ ਆ ਗ੍ਰਸਦਾ ਹੈ, ਜਦੋਂ ਗ੍ਰਹਣ ਲੱਗ ਜਾਂਦਾ ਹੈ}।

ਅਰਥ:- ਜੇ (ਮੇਰੇ) ਸਰੀਰ ਨੂੰ ਦੁੱਖ ਲੱਗ ਜਾਏ, ਦੋਵੇਂ ਮਨਹੂਸ ਤਾਰੇ ਰਾਹੂ ਤੇ ਕੇਤੂ (ਮੇਰੇ ਲਾਗੂ ਹੋ ਜਾਣ), ਜ਼ਾਲਮ ਰਾਜੇ ਮੇਰੇ ਸਿਰ ਤੇ ਹੋਣ, ਜੇ ਤੇਰਾ ਪਿਆਰ ਇਸੇ ਤਰ੍ਹਾਂ (ਭਾਵ, ਇਹਨਾਂ ਦੁੱਖਾਂ ਦੀ ਸ਼ਕਲ ਵਿਚ ਹੀ ਮੇਰੇ ਉੱਤੇ) ਪਰਗਟ ਹੋਵੇ, ਤਾਂ ਭੀ (ਹੇ ਪ੍ਰਭੂ! ਮੈਂ ਇਸ ਤੋਂ ਘਾਬਰ ਕੇ ਤੈਨੂੰ ਵਿਸਾਰ ਨਾ ਦਿਆਂ) ਤੇਰੀ ਹੀ ਸਿਫ਼ਤਿ-ਸਾਲਾਹ ਕਰਾਂ, ਤੇਰੀ ਵਡਿਆਈ ਕਰਨ ਦਾ ਮੇਰਾ ਚਾਉ ਨਾਹ ਮੁੱਕ ਜਾਏ।3।

ਮਃ ੧ ॥ ਅਗੀ ਪਾਲਾ ਕਪੜੁ ਹੋਵੈ ਖਾਣਾ ਹੋਵੈ ਵਾਉ ॥ ਸੁਰਗੈ ਦੀਆ ਮੋਹਣੀਆ ਇਸਤਰੀਆ ਹੋਵਨਿ ਨਾਨਕ ਸਭੋ ਜਾਉ ॥ ਭੀ ਤੂਹੈ ਸਾਲਾਹਣਾ ਆਖਣ ਲਹੈ ਨ ਚਾਉ ॥੪॥ {ਪੰਨਾ 142}

ਪਦਅਰਥ:- ਅਗੀ—ਅੱਗ, ਗਰਮੀਆਂ ਵਿਚ ਸੂਰਜ ਦੀ ਤਪਦੀ ਧੁੱਪ ਤੇ ਸੇਕ। ਪਾਲਾ—ਸਿਆਲੀ ਠੰਢ। ਵਾਉ—ਹਵਾ। ਮੋਹਣੀਆ—ਮਨ ਨੂੰ ਮੋਹ ਲੈਣ ਵਾਲੀਆਂ। ਜਾਉ—ਨਾਸਵੰਤ।

ਅਰਥ:- (ਜੇ ਗਰਮੀਆਂ ਦੀ) ਧੁੱਪ ਤੇ (ਸਿਆਲ ਦਾ) ਪਾਲਾ ਮੇਰੇ (ਪਹਿਨਣ ਦਾ) ਕੱਪੜਾ ਹੋਣ (ਭਾਵ, ਜੇ ਮੈਂ ਨੰਗਾ ਰਹਿ ਕੇ ਧੁੱਪ ਤੇ ਪਾਲਾ ਭੀ ਸਹਾਰਾਂ), ਜੇ ਹਵਾ ਮੇਰੀ ਖ਼ੁਰਾਕ ਹੋਵੇ (ਭਾਵ, ਜੇ ਮੈਂ ਪਉਣ-ਅਹਾਰੀ ਹੋ ਜਾਵਾਂ, ਤਾਂ ਭੀ, ਹੇ ਪ੍ਰਭੂ! ਤੇਰੀ ਸਿਫ਼ਤਿ-ਸਾਲਾਹ ਦੇ ਸਾਹਮਣੇ ਇਹ ਤੁੱਛ ਹਨ)। ਜੇ ਸੁਰਗ ਦੀਆਂ ਅਪੱਛਰਾਂ ਭੀ ਮੇਰੇ ਘਰ ਵਿਚ ਹੋਣ ਤਾਂ ਭੀ, ਹੇ ਨਾਨਕ! ਇਹ ਤਾਂ ਨਾਸਵੰਤ ਹਨ (ਇਹਨਾਂ ਦੇ ਮੋਹ ਵਿਚ ਫਸ ਕੇ ਮੈਂ ਤੈਨੂੰ ਨਾਹ ਵਿਸਾਰਾਂ) ਤੇਰੀ ਹੀ ਸਿਫ਼ਤਿ-ਸਾਲਾਹ ਕਰਦਾ ਰਹਾਂ, ਤੇਰੀ ਵਡਿਆਈ ਕਰਨ ਦਾ ਮੇਰਾ ਚਾਉ ਨਾ ਮੁੱਕੇ।4।

ਪਵੜੀ ॥ ਬਦਫੈਲੀ ਗੈਬਾਨਾ ਖਸਮੁ ਨ ਜਾਣਈ ॥ ਸੋ ਕਹੀਐ ਦੇਵਾਨਾ ਆਪੁ ਨ ਪਛਾਣਈ ॥ ਕਲਹਿ ਬੁਰੀ ਸੰਸਾਰਿ ਵਾਦੇ ਖਪੀਐ ॥ ਵਿਣੁ ਨਾਵੈ ਵੇਕਾਰਿ ਭਰਮੇ ਪਚੀਐ ॥ ਰਾਹ ਦੋਵੈ ਇਕੁ ਜਾਣੈ ਸੋਈ ਸਿਝਸੀ ॥ ਕੁਫਰ ਗੋਅ ਕੁਫਰਾਣੈ ਪਇਆ ਦਝਸੀ ॥ ਸਭ ਦੁਨੀਆ ਸੁਬਹਾਨੁ ਸਚਿ ਸਮਾਈਐ ॥ ਸਿਝੈ ਦਰਿ ਦੀਵਾਨਿ ਆਪੁ ਗਵਾਈਐ ॥੯॥ {ਪੰਨਾ 142}

ਪਦਅਰਥ:- ਬਦਫੈਲੀ—ਮੰਦੀ ਕਰਤੂਤ। ਗੈਬਾਨਾ—ਲੁਕ ਕੇ। ਕਲਹਿ—(ਜੋ ਸ਼ਾਂਤੀ ਦਾ ਨਾਸ ਕਰੇ) ਬਿਖਾਂਧ, ਝਗੜਾ। ਵਾਦੇ—ਝਗੜੇ ਵਿਚ ਹੀ। ਕੁਫਰ—ਝੂਠ। ਕੁਫਰਗੋਅ—ਝੂਠ ਬੋਲਣ ਵਾਲਾ। ਦਝਸੀ—ਸੜੇਗਾ। ਸੁਬਹਾਨੁ—ਸੁੰਦਰ। ਦੋਵੈ ਰਾਹ—(ਵੇਖੋ ਪਉੜੀ ਨੰ: 8 ਵਿਚ) ਧਨ ਤੇ ਨਾਮ।

ਅਰਥ:- (ਜੋ ਮਨੁੱਖ) ਲੁਕ ਕੇ ਪਾਪ ਕਮਾਂਦਾ ਹੈ ਤੇ ਮਾਲਕ ਨੂੰ (ਹਰ ਥਾਂ ਹਾਜ਼ਰ ਨਾਜ਼ਰ) ਨਹੀਂ ਸਮਝਦਾ, ਉਸ ਨੂੰ ਪਾਗਲ ਕਹਣਾ ਚਾਹੀਦਾ ਹੈ, ਉਹ ਆਪਣੇ ਅਸਲੇ ਨੂੰ ਪਛਾਣਦਾ ਨਹੀਂ। ਜਗਤ ਵਿਚ (ਵਿਕਾਰਾਂ ਦੀ) ਬਿਖਾਂਧ (ਐਸੀ) ਚੰਦਰੀ ਹੈ (ਵਿਕਾਰਾਂ ਵਿਚ ਪਿਆ ਮਨੁੱਖ ਵਿਕਾਰਾਂ ਦੇ) ਝੰਬੇਲੇ ਵਿਚ ਹੀ ਖਪਦਾ ਰਹਿੰਦਾ ਹੈ ਪ੍ਰਭੂ ਦਾ ਨਾਮ ਛੱਡ ਕੇ ਮੰਦ ਕਰਮ ਤੇ ਭਟਕਣਾ ਵਿਚ ਖ਼ੁਆਰ ਹੁੰਦਾ ਹੈ। (ਮਨੁੱਖਾ ਜੀਵਨ ਦੇ) ਦੋ ਰਸਤੇ ਹਨ (ਮਾਇਆ ਤੇ ਨਾਮ), ਇਸ (ਜੀਵਨ ਵਿਚ) ਉਹੀ ਕਾਮਯਾਬ ਹੁੰਦਾ ਹੈ ਜੋ (ਦੋਹਾਂ ਰਸਤਿਆਂ ਵਿਚੋਂ) ਇਕ ਪਰਮਾਤਮਾ ਨੂੰ ਚੇਤੇ ਰੱਖਦਾ ਹੈ, (ਨਹੀਂ ਤਾਂ) ਝੂਠ ਵਿਚ ਗ਼ਲਤਾਨ ਹੋਇਆ ਹੋਇਆ ਹੀ ਸੜਦਾ ਹੈ।

ਜੋ ਮਨੁੱਖ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਵਿਚ ਜੁੜਿਆ ਹੋਇਆ ਹੈ, ਉਸ ਲਈ ਸਾਰਾ ਜਗਤ ਸੋਹਣਾ ਹੈ, ਉਹ ਖ਼ੁਦੀ ਮਿਟਾ ਕੇ ਪ੍ਰਭੂ ਦੇ ਦਰ ਤੇ ਪ੍ਰਭੂ ਦੀ ਦਰਗਾਹ ਵਿਚ ਸੁਰਖ਼ਰੂ ਹੁੰਦਾ ਹੈ।9।

ਮਃ ੧ ਸਲੋਕੁ ॥ ਸੋ ਜੀਵਿਆ ਜਿਸੁ ਮਨਿ ਵਸਿਆ ਸੋਇ ॥ ਨਾਨਕ ਅਵਰੁ ਨ ਜੀਵੈ ਕੋਇ ॥ ਜੇ ਜੀਵੈ ਪਤਿ ਲਥੀ ਜਾਇ ॥ ਸਭੁ ਹਰਾਮੁ ਜੇਤਾ ਕਿਛੁ ਖਾਇ ॥ ਰਾਜਿ ਰੰਗੁ ਮਾਲਿ ਰੰਗੁ ॥ ਰੰਗਿ ਰਤਾ ਨਚੈ ਨੰਗੁ ॥ ਨਾਨਕ ਠਗਿਆ ਮੁਠਾ ਜਾਇ ॥ ਵਿਣੁ ਨਾਵੈ ਪਤਿ ਗਇਆ ਗਵਾਇ ॥੧॥ {ਪੰਨਾ 142}

ਪਦਅਰਥ:- ਰਾਜਿ—ਰਾਜ ਵਿਚ। ਰੰਗੁ—ਪਿਆਰ। ਨੰਗੁ—ਬੇ-ਸ਼ਰਮ, ਨਿਲੱਜ। ਮੁਠਾ—ਲੁੱਟਿਆ।

ਅਰਥ:- (ਅਸਲ ਵਿਚ) ਉਹ ਮਨੁੱਖ ਜੀਊਂਦਾ ਹੈ, ਜਿਸ ਦੇ ਮਨ ਵਿਚ ਪਰਮਾਤਮਾ ਵੱਸ ਰਿਹਾ ਹੈ। ਹੇ ਨਾਨਕ! (ਬੰਦਗੀ ਵਾਲੇ ਤੋਂ ਬਿਨਾ) ਕੋਈ ਹੋਰ ਜੀਊਂਦਾ ਨਹੀਂ ਹੈ। ਜੇ ਨਾਮ-ਵਿਹੂਣਾ (ਵੇਖਣ ਨੂੰ) ਜੀਊਂਦਾ (ਭੀ) ਹੈ ਤਾਂ ਉਹ ਇੱਜ਼ਤ ਗਵਾ ਕੇ (ਏਥੋਂ) ਜਾਂਦਾ ਹੈ, ਜੋ ਕੁਝ (ਏਥੇ) ਖਾਂਦਾ ਪੀਂਦਾ ਹੈ, ਹਰਾਮ ਹੀ ਖਾਂਦਾ ਹੈ। ਜਿਸ ਮਨੁੱਖ ਦਾ ਰਾਜ ਵਿਚ ਪਿਆਰ ਹੈ, ਮਾਲ ਵਿਚ ਮੋਹ ਹੈ, ਉਹ ਇਸ ਮੋਹ ਵਿਚ ਮਸਤਿਆ ਹੋਇਆ ਬੇ-ਸ਼ਰਮ ਹੋ ਕੇ ਨੱਚਦਾ ਹੈ (ਭਾਵ, ਮੱਚਦਾ ਹੈ, ਆਕੜਦਾ ਹੈ)। ਹੇ ਨਾਨਕ! ਪ੍ਰਭੂ ਦੇ ਨਾਮ ਤੋਂ ਸੱਖਣਾ ਮਨੁੱਖ ਠੱਗਿਆ ਜਾ ਰਿਹਾ ਹੈ, ਲੁੱਟਿਆ ਜਾ ਰਿਹਾ ਹੈ, ਇੱਜ਼ਤ ਗਵਾ ਕੇ (ਇਥੋਂ) ਜਾਂਦਾ ਹੈ।1।

ਮਃ ੧ ॥ ਕਿਆ ਖਾਧੈ ਕਿਆ ਪੈਧੈ ਹੋਇ ॥ ਜਾ ਮਨਿ ਨਾਹੀ ਸਚਾ ਸੋਇ ॥ ਕਿਆ ਮੇਵਾ ਕਿਆ ਘਿਉ ਗੁੜੁ ਮਿਠਾ ਕਿਆ ਮੈਦਾ ਕਿਆ ਮਾਸੁ ॥ ਕਿਆ ਕਪੜੁ ਕਿਆ ਸੇਜ ਸੁਖਾਲੀ ਕੀਜਹਿ ਭੋਗ ਬਿਲਾਸ ॥ ਕਿਆ ਲਸਕਰ ਕਿਆ ਨੇਬ ਖਵਾਸੀ ਆਵੈ ਮਹਲੀ ਵਾਸੁ ॥ ਨਾਨਕ ਸਚੇ ਨਾਮ ਵਿਣੁ ਸਭੇ ਟੋਲ ਵਿਣਾਸੁ ॥੨॥ {ਪੰਨਾ 142}

ਪਦਅਰਥ:- ਕੀਜਹਿ—ਕੀਤੇ ਜਾਣ। ਭੋਗ ਬਿਲਾਸ—ਰੰਗ-ਰਲੀਆਂ। ਨੇਬ—ਚੋਬਦਾਰ। ਖਵਾਸੀ—ਚੌਰੀ-ਬਰਦਾਰ। ਟੋਲ—ਪਦਾਰਥ।

ਅਰਥ:- (ਜਿਸ ਪ੍ਰਭੂ ਨੇ ਸਾਰੇ ਸੋਹਣੇ ਪਦਾਰਥ ਦਿੱਤੇ ਹਨ) ਜੇ ਉਹ ਸੱਚਾ ਪ੍ਰਭੂ ਹਿਰਦੇ ਵਿਚ ਨਹੀਂ ਵੱਸਦਾ, ਤਾਂ (ਸੋਹਣੇ ਭੋਜਨ) ਖਾਣ ਤੇ (ਸੋਹਣੇ ਕਪੜੇ) ਹੰਢਾਣ ਦਾ ਕੀਹ ਸੁਆਦ? ਕੀਹ ਹੋਇਆ ਜੇ ਮੇਵੇ, ਘਿਉ, ਮਿੱਠਾ ਗੁੜ ਮੈਦਾ ਤੇ ਮਾਸ ਆਦਿਕ ਪਦਾਰਥ ਵਰਤੇ? ਕੀ ਹੋਇਆ ਜੇ (ਸੋਹਣੇ) ਕੱਪੜੇ ਤੇ ਸੌਖੀ ਸੇਜ ਮਿਲ ਗਈ ਤੇ ਜੇ ਮੌਜਾਂ ਮਾਣ ਲਈਆਂ? ਤਾਂ ਕੀਹ ਬਣ ਗਿਆ ਜੇ ਫ਼ੌਜ, ਚੋਬਦਾਰ, ਚੌਰੀ-ਬਰਦਾਰ ਮਿਲ ਗਏ ਤੇ ਮਹਲਾਂ ਵਿਚ ਵੱਸਣਾ ਨਸੀਬ ਹੋਇਆ?

ਹੇ ਨਾਨਕ! ਪਰਮਾਤਮਾ ਦੇ ਨਾਮ ਤੋਂ ਬਿਨਾ ਸਾਰੇ ਪਦਾਰਥ ਨਾਸਵੰਤ ਹਨ।2।

ਪਵੜੀ ॥ ਜਾਤੀ ਦੈ ਕਿਆ ਹਥਿ ਸਚੁ ਪਰਖੀਐ ॥ ਮਹੁਰਾ ਹੋਵੈ ਹਥਿ ਮਰੀਐ ਚਖੀਐ ॥ ਸਚੇ ਕੀ ਸਿਰਕਾਰ ਜੁਗੁ ਜੁਗੁ ਜਾਣੀਐ ॥ ਹੁਕਮੁ ਮੰਨੇ ਸਿਰਦਾਰੁ ਦਰਿ ਦੀਬਾਣੀਐ ॥ ਫੁਰਮਾਨੀ ਹੈ ਕਾਰ ਖਸਮਿ ਪਠਾਇਆ ॥ ਤਬਲਬਾਜ ਬੀਚਾਰ ਸਬਦਿ ਸੁਣਾਇਆ ॥ ਇਕਿ ਹੋਏ ਅਸਵਾਰ ਇ ਕਨਾ ਸਾਖਤੀ ॥ ਇਕਨੀ ਬਧੇ ਭਾਰ ਇਕਨਾ ਤਾਖਤੀ ॥੧੦॥ {ਪੰਨਾ 142}

ਪਦਅਰਥ:- ਸਿਰਕਾਰ—ਰਾਜ, ਹਕੂਮਤ। ਜੁਗੁ ਜੁਗੁ—ਹਰੇਕ ਜੁਗ ਵਿਚ, ਸਦਾ ਹੀ। ਦੀਬਾਣੀਐ—ਦੀਵਾਨ ਵਿਚ, ਦਰਗਾਹ ਵਿਚ। ਫੁਰਮਾਨੀ—ਹੁਕਮ ਮੰਨਣਾ। ਖਸਮਿ—ਖਸਮ ਨੇ। ਪਠਾਇਆ—ਭੇਜਿਆ। ਤਬਲਬਾਜ—ਨਗਾਰਚੀ (ਗੁਰੂ)। ਸਾਖਤੀ—ਦੁਮਚੀ, (ਦੁਮਚੀਆਂ ਪਾ ਲਈਆਂ—ਤਿਆਰ ਹੋ ਗਏ)। ਤਾਖਤੀ—ਦੌੜ, (ਭਾਵ), ਦੌੜ ਪਈ।

ਅਰਥ:- (ਪ੍ਰਭੂ ਦੇ ਦਰ ਤੇ ਤਾਂ) ਸੱਚਾ ਨਾਮ (-ਰੂਪ ਸਉਦਾ) ਪਰਖਿਆ ਜਾਂਦਾ ਹੈ, ਜਾਤਿ ਦੇ ਹੱਥ ਵਿਚ ਕੁਝ ਨਹੀਂ ਹੈ (ਭਾਵ, ਕਿਸੇ ਜਾਤਿ ਵਰਣ ਦਾ ਕੋਈ ਲਿਹਾਜ਼ ਨਹੀਂ ਹੁੰਦਾ)। (ਜਾਤਿ ਦਾ ਅਹੰਕਾਰ ਮਹੁਰੇ ਸਮਾਨ ਹੈ) ਜੇ ਕਿਸੇ ਪਾਸ ਮਹੁਰਾ ਹੋਵੇ (ਭਾਵੇਂ ਕਿਸੇ ਜਾਤਿ ਦਾ ਹੋਵੇ) ਜੇ ਮਹੁਰਾ ਖਾਇਗਾ ਤਾਂ ਮਰੇਗਾ—ਅਕਾਲ ਪੁਰਖ ਦਾ ਇਹ ਨਿਆਂ ਹਰੇਕ ਜੁਗ ਵਿਚ ਵਰਤਦਾ ਸਮਝ ਲਵੋ (ਭਾਵ, ਕਿਸੇ ਭੀ ਜੁਗ ਵਿਚ ਜਾਤਿ ਦਾ ਲਿਹਾਜ਼ ਨਹੀਂ ਹੋਇਆ)।

ਪ੍ਰਭੂ ਦੇ ਦਰ ਤੇ, ਪ੍ਰਭੂ ਦੀ ਦਰਗਾਹ ਵਿਚ ਉਹੀ ਇੱਜ਼ਤ ਵਾਲਾ ਹੈ ਜੋ ਪ੍ਰਭੂ ਦਾ ਹੁਕਮ ਮੰਨਦਾ ਹੈ। ਖਸਮ (ਪ੍ਰਭੂ) ਨੇ (ਜੀਵ ਨੂੰ) ਹੁਕਮ ਮੰਨਣ-ਰੂਪ ਕਾਰ ਦੇ ਕੇ (ਜਗਤ ਵਿਚ) ਭੇਜਿਆ ਹੈ। ਨਗਾਚਰੀ ਗੁਰੂ ਨੇ ਸ਼ਬਦ ਦੀ ਰਾਹੀਂ ਇਹੀ ਗੱਲ ਸੁਣਾਈ ਹੈ (ਭਾਵ, ਗੁਰੂ ਨੇ ਸ਼ਬਦ ਦੀ ਰਾਹੀਂ ਇਸੇ ਗੱਲ ਦਾ ਢੰਡੋਰਾ ਦੇ ਦਿੱਤਾ ਹੈ)। (ਇਹ ਢੰਡੋਰਾ ਸੁਣ ਕੇ)

ਕਈ (ਗੁਰਮੁਖ) ਤਾਂ ਅਸਵਾਰ ਹੋ ਗਏ ਹਨ (ਭਾਵ, ਇਸ ਰਾਹ ਤੇ ਤੁਰ ਪਏ ਹਨ), ਕਈ ਬੰਦੇ ਤਿਆਰ ਹੋ ਪਏ ਹਨ, ਕਈਆਂ ਨੇ ਅਸਬਾਬ ਲੱਦ ਲਏ ਹਨ, ਤੇ ਕਈ ਛੇਤੀ ਦੌੜ ਪਏ ਹਨ।10।

ਸਲੋਕੁ ਮਃ ੧ ॥ ਜਾ ਪਕਾ ਤਾ ਕਟਿਆ ਰਹੀ ਸੁ ਪਲਰਿ ਵਾੜਿ ॥ ਸਣੁ ਕੀਸਾਰਾ ਚਿਥਿਆ ਕਣੁ ਲਇਆ ਤਨੁ ਝਾੜਿ ॥ ਦੁਇ ਪੁੜ ਚਕੀ ਜੋੜਿ ਕੈ ਪੀਸਣ ਆਇ ਬਹਿਠੁ ॥ ਜੋ ਦਰਿ ਰਹੇ ਸੁ ਉਬਰੇ ਨਾਨਕ ਅਜਬੁ ਡਿਠੁ ॥੧॥ ਮਃ ੧ ॥ {ਪੰਨਾ 142}

ਪਦਅਰਥ:- ਪਲਰਿ—ਨਾੜ, ਬੂਟੇ ਦੀ ਨਾਲੀ ਜਿਸ ਉੱਤੇ ਸਿੱਟਾ ਉਗਿਆ ਹੁੰਦਾ ਹੈ। ਸਣੁ—ਸਮੇਤ। ਕੀਸਾਰਾ—ਸਿੱਟੇ ਦੇ ਤਿੱਖੇ ਕੰਡੇ। ਕਣੁ—ਦਾਣੇ। ਤਨੁ ਝਾੜਿ—(ਬੂਟਿਆਂ ਦਾ) ਤਨ ਝਾੜ ਕੇ, ਬੋਹਲ ਉਡਾ ਕੇ। ਬਹਿਠੁ—ਬੈਠੇ। ਅਜਬੁ—ਅਚਰਜ ਤਮਾਸ਼ਾ।

ਅਰਥ:- ਜਦੋਂ (ਕਣਕ ਆਦਿਕ ਫ਼ਸਲ ਦਾ ਬੂਟਾ) ਪੱਕ ਜਾਂਦਾ ਹੈ ਤਾਂ (ਉਤੋਂ ਉਤੋਂ) ਵੱਢ ਲਈਦਾ ਹੈ, (ਕਣਕ ਦੀ) ਨਾੜ ਤੇ (ਪੈਲੀ ਦੀ) ਵਾੜ ਪਿੱਛੇ ਰਹਿ ਜਾਂਦੀ ਹੈ। ਇਸ ਨੂੰ ਸਿੱਟਿਆਂ ਸਮੇਤ ਗਾਹ ਲਈਦਾ ਹੈ, ਤੇ ਬੋਹਲ ਉਡਾ ਕੇ ਦਾਣੇ ਕੱਢ ਲਈਦੇ ਹਨ।

ਚੱਕੀ ਦੇ ਦੋਵੇਂ ਪੁੜ ਰੱਖ ਕੇ (ਇਹਨਾਂ ਦਾਣਿਆਂ ਨੂੰ) ਪੀਹਣ ਲਈ (ਪ੍ਰਾਣੀ) ਆ ਬੈਠਦਾ ਹੈ, (ਪਰ) ਹੇ ਨਾਨਕ! ਇਕ ਅਚਰਜ ਤਮਾਸ਼ਾ ਵੇਖਿਆ ਹੈ, ਜੋ ਦਾਣੇ (ਚੱਕੀ ਦੇ) ਦਰ ਤੇ (ਭਾਵ, ਕਿੱਲੀ ਦੇ ਨੇੜੇ) ਰਹਿੰਦੇ ਹਨ, ਉਹ ਪੀਸਣੋਂ ਬਚ ਜਾਂਦੇ ਹਨ (ਇਸੇ ਤਰ੍ਹਾਂ, ਜੋ ਮਨੁੱਖ ਪ੍ਰਭੂ ਦੇ ਦਰ ਤੇ ਰਹਿੰਦੇ ਹਨ ਉਹਨਾਂ ਨੂੰ ਜਗਤ ਦੇ ਵਿਕਾਰ ਪੋਹ ਨਹੀਂ ਸਕਦੇ)।1।

ਵੇਖੁ ਜਿ ਮਿਠਾ ਕਟਿਆ ਕਟਿ ਕੁਟਿ ਬਧਾ ਪਾਇ ॥ ਖੁੰਢਾ ਅੰਦਰਿ ਰਖਿ ਕੈ ਦੇਨਿ ਸੁ ਮਲ ਸਜਾਇ ॥ ਰਸੁ ਕਸੁ ਟਟਰਿ ਪਾਈਐ ਤਪੈ ਤੈ ਵਿਲਲਾਇ ॥ ਭੀ ਸੋ ਫੋਗੁ ਸਮਾਲੀਐ ਦਿਚੈ ਅਗਿ ਜਾਲਾਇ ॥ ਨਾਨਕ ਮਿਠੈ ਪਤਰੀਐ ਵੇਖਹੁ ਲੋਕਾ ਆਇ ॥੨॥ {ਪੰਨਾ 143}

ਪਦਅਰਥ:- ਮਿਠਾ—ਗੰਨਾ। ਕਟਿ ਕੁਟਿ—ਕੱਟ ਕੁੱਟ ਕੇ (ਭਾਵ,) ਵੱਢਣ ਤੋਂ ਪਿਛੋਂ ਬਾਕੀ ਦੀ ਤਿਆਰੀ ਕਰ ਕੇ, ਛਿੱਲ ਛਿੱਲ ਕੇ। ਪਾਇ—ਪਾ ਕੇ, ਰੱਸੀਆਂ ਪਾ ਕੇ। ਖੁੰਢਾ—ਵੇਲਣੇ ਦੀਆਂ ਲੱਠਾਂ। ਮਲ—ਮੱਲ, ਭਲਵਾਨ। ਰਸੁ ਕਸੁ—ਕੱਢੀ ਹੋਈ ਰਹੁ। ਟਟਰਿ—ਕੜਾਹੇ ਵਿਚ। ਸਮਾਲੀਐ—ਇਕੱਠਾ ਕਰ ਲਈਦਾ ਹੈ। ਮਿਠੈ—ਮਿੱਠੇ ਦੇ ਕਾਰਣ। ਪਤਰੀਐ—ਖ਼ੁਆਰ ਹੋਈਦਾ ਹੈ {ਸੰ: ਪ੍ਰ+ਤ੍ਰੀ, ਇਸ ਧਾਤੂ ਤੋਂ 'ਪ੍ਰੇਰਣਾਰਥਕ ਕ੍ਰਿਆ' ਦਾ ਰੂਪ ਹੈ 'ਪ੍ਰਤਾਰੀਯ' ਜਿਸ ਤੋਂ ਪੰਜਾਬੀ ਲਫ਼ਜ਼ ਹੈ 'ਪਤਾਰਨਾ'। ਇਸ ਦਾ ਅਰਥ ਹੈ 'ਖ਼ੁਆਰ ਕਰਨਾ, ਬਦਨਾਮ ਕਰਨਾ, ਧੋਖਾ ਦੇਣਾ। ' ਲਫ਼ਜ਼ 'ਪਤਾਰੀਐ' 'ਕ੍ਰਿਆ ਹੈ। 'ਮਿਠੈ ਪਤਰੀਐ' ਦਾ ਅਰਥ 'ਮਿੱਠੇ ਪਤਰਾਂ ਵਾਲੇ ਨੂੰ' ਗ਼ਲਤ ਹੈ, ਗੰਨੇ ਦੇ ਪਤਰਾਂ ਵਿਚ ਮਿਠਾਸ ਨਹੀਂ, ਮਿਠਾਸ ਤਾਂ ਗੰਨੇ ਵਿਚ ਹੈ, ਪੱਤਰ (ਛੋਈ) ਤਾਂ ਲਾਹ ਕੇ ਸੁੱਟ ਦੇਈਦੇ ਹਨ। ਵੇਖੋ 'ਕਉਨੁ ਕਉਨੁ ਨਹੀ ਪਤਰਿਆ'—ਬਿਲਾਵਲ ਮ: 5।

ਅਰਥ:- (ਹੇ ਭਾਈ!) ਵੇਖ ਕਿ ਗੰਨਾ ਵੱਢੀਦਾ ਹੈ, ਛਿੱਲ ਛਿੱਲ ਕੇ, ਰੱਸੀ ਪਾ ਕੇ ਬੰਨ੍ਹ ਲਈਦਾ ਹੈ (ਭਾਵ, ਭਰੀਆਂ ਬੰਨ੍ਹ ਲਈਦੀਆਂ ਹਨ)। ਫਿਰ ਵੇਲਣੇ ਦੀਆਂ ਲੱਠਾਂ ਵਿਚ ਰੱਖ ਕੇ ਭਲਵਾਨ (ਭਾਵ, ਜ਼ਿਮੀਦਾਰ) ਇਸ ਨੂੰ (ਮਾਨੋ) ਸਜ਼ਾ ਦੇਂਦੇ ਹਨ (ਭਾਵ, ਪੀੜਦੇ ਹਨ)। ਸਾਰੀ ਰਹੁ ਕੜਾਹੇ ਵਿਚ ਪਾ ਲਈਦੀ ਹੈ, (ਅੱਗ ਦੇ ਸੇਕ ਨਾਲ ਇਹ ਰਹੁ) ਕੜ੍ਹਦੀ ਹੈ ਤੇ (ਮਾਨੋ) ਵਿਲਕਦੀ ਹੈ। (ਗੰਨੇ ਦਾ) ਉਹ ਫੋਗ (ਚੂਰਾ) ਭੀ ਸਾਂਭ ਲਈਦਾ ਹੈ ਤੇ (ਸੁਕਾ ਕੇ ਕੜਾਹੇ ਹੇਠ) ਅੱਗ ਵਿਚ ਸਾੜ ਦੇਈਦਾ ਹੈ। ਹੇ ਨਾਨਕ! (ਆਖ—) ਹੇ ਲੋਕੋ! ਆ ਕੇ (ਗੰਨੇ ਦਾ ਹਾਲ) ਵੇਖੋ, ਮਿੱਠੇ ਦੇ ਕਾਰਣ (ਮਾਇਆ ਦੀ ਮਿਠਾਸ ਦੇ ਮੋਹ ਦੇ ਕਾਰਨ ਗੰਨੇ ਵਾਂਗ ਇਉਂ ਹੀ) ਖ਼ੁਆਰ ਹੋਈਦਾ ਹੈ।2।

{ਨੋਟ:- ਇਥੇ ਭਾਵ ਇਹ ਨਹੀਂ ਹੈ ਕਿ ਚੰਗਿਆਂ ਨੂੰ ਦੁੱਖ ਸਹਾਰਨੇ ਪੈਂਦੇ ਹਨ। ਸਲੋਕ ਦਾ ਭਾਵ "ਮਿਠੈ ਪਤਰੀਐ" ਵਿਚ ਆ ਗਿਆ ਹੈ, ਇਹੀ ਖ਼ਿਆਲ ਪਉੜੀ ਵਿਚ ਹੈ}।

ਪਵੜੀ ॥ ਇਕਨਾ ਮਰਣੁ ਨ ਚਿਤਿ ਆਸ ਘਣੇਰਿਆ ॥ ਮਰਿ ਮਰਿ ਜੰਮਹਿ ਨਿਤ ਕਿਸੈ ਨ ਕੇਰਿਆ ॥ ਆਪਨੜੈ ਮਨਿ ਚਿਤਿ ਕਹਨਿ ਚੰਗੇਰਿਆ ॥ ਜਮਰਾਜੈ ਨਿਤ ਨਿਤ ਮਨਮੁਖ ਹੇਰਿਆ ॥ ਮਨਮੁਖ ਲੂਣ ਹਾਰਾਮ ਕਿਆ ਨ ਜਾਣਿਆ ॥ ਬਧੇ ਕਰਨਿ ਸਲਾਮ ਖਸਮ ਨ ਭਾਣਿਆ ॥ ਸਚੁ ਮਿਲੈ ਮੁਖਿ ਨਾਮੁ ਸਾਹਿਬ ਭਾਵਸੀ ॥ ਕਰਸਨਿ ਤਖਤਿ ਸਲਾਮੁ ਲਿਖਿਆ ਪਾਵਸੀ॥੧੧॥ {ਪੰਨਾ 143}

ਅਰਥ:- ਕਈ ਬੰਦੇ (ਦੁਨੀਆ ਦੀਆਂ) ਬੜੀਆਂ ਆਸਾਂ (ਮਨ ਵਿਚ ਬਣਾਂਦੇ ਰਹਿੰਦੇ ਹਨ, ਮੌਤ ਦਾ ਖ਼ਿਆਲ ਉਹਨਾਂ ਦੇ) ਚਿੱਤ ਵਿਚ ਨਹੀਂ ਆਉਂਦਾ, ਉਹ ਨਿੱਤ ਜੰਮਦੇ ਮਰਦੇ ਹਨ, (ਭਾਵ, ਹਰ ਵੇਲੇ ਸਹਸਿਆਂ ਵਿਚ ਦੁਖੀ ਹੁੰਦੇ ਹਨ; ਕਦੇ ਘੜੀ ਸੁਖਾਲੇ ਤੇ ਫਿਰ ਦੁਖੀ ਦੇ ਦੁਖੀ)। ਕਿਸੇ ਦੇ ਭੀ ਉਹ (ਕਦੇ ਯਾਰ) ਨਹੀਂ ਬਣਦੇ। ਉਹ ਲੋਕ ਆਪਣੇ ਮਨ ਵਿਚ ਚਿੱਤ ਵਿਚ (ਆਪਣੇ ਆਪ ਨੂੰ) ਚੰਗੇ ਆਖਦੇ ਹਨ, (ਪਰ) ਉਹਨਾਂ ਮਨਮੁਖਾਂ ਨੂੰ ਸਦਾ ਹੀ ਜਮਰਾਜ ਵੇਖਦਾ ਰਹਿੰਦਾ ਹੈ (ਭਾਵ, ਸਮਝਦੇ ਤਾਂ ਆਪਣੇ ਆਪ ਨੂੰ ਨੇਕ ਹਨ, ਪਰ ਕਰਤੂਤਾਂ ਉਹ ਹਨ ਜਿਨ੍ਹਾਂ ਕਰਕੇ ਜਮਾਂ ਦੇ ਵੱਸ ਪੈਂਦੇ ਹਨ)। ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਲੂਣ-ਹਰਾਮੀ ਬੰਦੇ ਪਰਮਾਤਮਾ ਦੇ ਕੀਤੇ ਉਪਕਾਰ (ਦੀ ਸਾਰ) ਨਹੀਂ ਜਾਣਦੇ। ਬੱਧੇ-ਰੁੱਧੇ ਹੀ (ਉਸ ਨੂੰ) ਸਲਾਮਾਂ ਕਰਦੇ ਹਨ, (ਇਸ ਤਰ੍ਹਾਂ) ਉਸ ਖਸਮ ਨੂੰ ਪਿਆਰੇ ਨਹੀਂ ਲੱਗ ਸਕਦੇ।

(ਜਿਸ ਮਨੁੱਖ ਨੂੰ) ਰੱਬ ਮਿਲ ਪਿਆ ਹੈ, ਜਿਸ ਦੇ ਮੂੰਹ ਵਿਚ ਰੱਬ ਦਾ ਨਾਮ ਹੈ, ਉਹ ਖਸਮ (ਰੱਬ) ਨੂੰ ਪਿਆਰਾ ਲੱਗਦਾ ਹੈ। ਉਸ ਨੂੰ ਤਖਤ ਉਤੇ (ਬੈਠੇ ਨੂੰ) ਸਾਰੇ ਲੋਕ ਸਲਾਮ ਕਰਦੇ ਹਨ, (ਧੁਰੋਂ ਰੱਬ ਵਲੋਂ) ਲਿਖੇ ਇਸ ਲੇਖ (ਦੇ ਫਲ ਨੂੰ) ਉਹ ਪ੍ਰਾਪਤ ਕਰਦਾ ਹੈ।11।

ਮਃ ੧ ਸਲੋਕੁ ॥ ਮਛੀ ਤਾਰੂ ਕਿਆ ਕਰੇ ਪੰਖੀ ਕਿਆ ਆਕਾਸੁ ॥ ਪਥਰ ਪਾਲਾ ਕਿਆ ਕਰੇ ਖੁਸਰੇ ਕਿਆ ਘਰ ਵਾਸੁ ॥ ਕੁਤੇ ਚੰਦਨੁ ਲਾਈਐ ਭੀ ਸੋ ਕੁਤੀ ਧਾਤੁ ॥ ਬੋਲਾ ਜੇ ਸਮਝਾਈਐ ਪੜੀਅਹਿ ਸਿੰਮ੍ਰਿਤਿ ਪਾਠ ॥ ਅੰਧਾ ਚਾਨਣਿ ਰਖੀਐ ਦੀਵੇ ਬਲਹਿ ਪਚਾਸ ॥ ਚਉਣੇ ਸੁਇਨਾ ਪਾਈਐ ਚੁਣਿ ਚੁਣਿ ਖਾਵੈ ਘਾਸੁ ॥ ਲੋਹਾ ਮਾਰਣਿ ਪਾਈਐ ਢਹੈ ਨ ਹੋਇ ਕਪਾਸ ॥ ਨਾਨਕ ਮੂਰਖ ਏਹਿ ਗੁਣ ਬੋਲੇ ਸਦਾ ਵਿਣਾਸੁ ॥੧॥ {ਪੰਨਾ 143}

ਪਦਅਰਥ:- ਤਾਰੂ ਤਾਰੂ ਪਾਣੀ, ਬਹੁਤ ਡੂੰਘਾ ਪਾਣੀ ਜਿਸ ਵਿਚੋਂ ਤਰ ਕੇ ਹੀ ਲੰਘਿਆ ਜਾ ਸਕੇ। ਧਾਤੁ—ਅਸਲਾ, ਖਮੀਰ। ਪੜਿਅਹਿ—ਪੜ੍ਹੇ ਜਾਣ। ਚਉਣਾ—ਗਾਈਆਂ ਦਾ ਵੱਗ ਜੋ ਪਿੰਡੋਂ ਬਾਹਰ ਘਾਹ ਚੁਗਣ ਲਈ ਛੱਡਿਆ ਜਾਂਦਾ ਹੈ। ਮਾਰਣਿ—ਮਾਰਨ ਲਈ, ਕੁਸ਼ਤਾ ਕਰਨ ਲਈ। ਢਹੈ—ਢਹਿ, ਢਲ ਕੇ। ਗੁਣ—ਖੋਅ, ਵਾਦੀਆਂ। ਵਿਣਾਸੁ—ਨੁਕਸਾਨ।

ਅਰਥ:- ਤਾਰੂ ਪਾਣੀ ਮੱਛੀ ਨੂੰ ਕੀਹ ਕਰ ਸਕਦਾ ਹੈ? (ਭਾਵੇਂ ਕਿਤਨਾ ਹੀ ਡੂੰਘਾ ਹੋਵੇ ਮੱਛੀ ਨੂੰ ਪਰਵਾਹ ਨਹੀਂ)। ਆਕਾਸ਼ ਪੰਛੀ ਨੂੰ ਕੀਹ ਕਰ ਸਕਦਾ ਹੈ? (ਆਕਾਸ਼ ਕਿਤਨਾ ਹੀ ਖੁਲ੍ਹਾ ਹੋਵੇ ਪੰਛੀ ਨੂੰ ਪਰਵਾਹ ਨਹੀਂ) (ਪਾਣੀ ਆਪਣੀ ਡੂੰਘਾਈ ਦਾ ਤੇ ਆਕਾਸ਼ ਆਪਣੀ ਖੁਲ੍ਹਾ ਦਾ ਅਸਰ ਨਹੀਂ ਪਾ ਸਕਦਾ)। ਪਾਲਾ (ਕੱਕਰ) ਪੱਥਰ ਉਤੇ ਅਸਰ ਨਹੀਂ ਪਾ ਸਕਦਾ, ਘਰ ਦੇ ਵਸੇਬੇ ਦਾ ਅਸਰ ਖੁਸਰੇ (ਹੀਜੜੇ) ਉਤੇ ਨਹੀਂ ਪੈਂਦਾ। ਜੇ ਕੁੱਤੇ ਨੂੰ ਚੰਦਨ ਭੀ ਲਾ ਦੇਈਏ, ਤਾਂ ਭੀ ਉਸ ਦਾ ਅਸਲਾ ਕੁੱਤਿਆਂ ਵਾਲਾ ਹੀ ਰਹਿੰਦਾ ਹੈ। ਬੋਲੇ ਮਨੁੱਖ ਨੂੰ ਜੇ ਮੱਤਾਂ ਦੇਈਏ ਤੇ ਸਿੰਮ੍ਰਿਤੀਆਂ ਦੇ ਪਾਠ ਉਸ ਦੇ ਕੋਲ ਕਰੀਏ (ਉਹ ਤਾਂ ਸੁਣ ਹੀ ਨਹੀਂ ਸਕਦਾ)। ਅੰਨ੍ਹੇ ਮਨੁੱਖ ਨੂੰ ਚਾਨਣ ਵਿਚ ਰੱਖਿਆ ਜਾਏ, (ਉਸ ਦੇ ਪਾਸ ਭਾਵੇਂ) ਪੰਜਾਹ ਦੀਵੇ ਪਏ ਬਲਣ (ਉਸ ਨੂੰ ਕੁਝ ਨਹੀਂ ਦਿੱਸਣਾ)। ਚੁਗਣ ਗਏ ਪਸ਼ੂਆਂ ਦੇ ਵੱਗ ਅਗੇ

ਜੇ ਸੋਨਾ ਖਿਲਾਰ ਦੇਈਏ, ਤਾਂ ਭੀ ਉਹ ਘਾਹ ਚੁਗ ਚੁਗ ਕੇ ਹੀ ਖਾਏਗਾ (ਸੋਨੇ ਦੀ ਉਸ ਨੂੰ ਕਦਰ ਨਹੀਂ ਪੈ ਸਕਦੀ)। ਲੋਹੇ ਦਾ ਕੁਸ਼ਤਾ ਕਰ ਦੇਈਏ, ਤਾਂ ਭੀ ਢਲ ਕੇ ਉਹ ਕਪਾਹ (ਵਰਗਾ ਨਰਮ) ਨਹੀਂ ਬਣ ਸਕਦਾ।

ਹੇ ਨਾਨਕ! ਇਹੀ ਖ਼ੋਅ ਮੂਰਖ ਦੀਆਂ ਹਨ, ਕਿਤਨੀ ਮਤ ਦਿਓ, ਉਹ ਜਦੋਂ ਭੀ ਬੋਲਦਾ ਹੈ ਸਦਾ (ਉਹੀ ਬੋਲਦਾ ਹੈ ਜਿਸ ਨਾਲ ਕਿਸੇ ਦਾ) ਨੁਕਸਾਨ ਹੀ ਹੋਵੇ।6।

ਮਃ ੧ ॥ ਕੈਹਾ ਕੰਚਨੁ ਤੁਟੈ ਸਾਰੁ ॥ ਅਗਨੀ ਗੰਢੁ ਪਾਏ ਲੋਹਾਰੁ ॥ ਗੋਰੀ ਸੇਤੀ ਤੁਟੈ ਭਤਾਰੁ ॥ ਪੁਤੀ ਗੰਢੁ ਪਵੈ ਸੰਸਾਰਿ ॥ ਰਾਜਾ ਮੰਗੈ ਦਿਤੈ ਗੰਢੁ ਪਾਇ ॥ ਭੁਖਿਆ ਗੰਢੁ ਪਵੈ ਜਾ ਖਾਇ ॥ ਕਾਲਾ ਗੰਢੁ ਨਦੀਆ ਮੀਹ ਝੋਲ ॥ ਗੰਢੁ ਪਰੀਤੀ ਮਿਠੇ ਬੋਲ ॥ ਬੇਦਾ ਗੰਢੁ ਬੋਲੇ ਸਚੁ ਕੋਇ ॥ ਮੁਇਆ ਗੰਢੁ ਨੇਕੀ ਸਤੁ ਹੋਇ ॥ ਏਤੁ ਗੰਢਿ ਵਰਤੈ ਸੰਸਾਰੁ ॥ ਮੂਰਖ ਗੰਢੁ ਪਵੈ ਮੁਹਿ ਮਾਰ ॥ ਨਾਨਕੁ ਆਖੈ ਏਹੁ ਬੀਚਾਰੁ ॥ ਸਿਫਤੀ ਗੰਢੁ ਪਵੈ ਦਰਬਾਰਿ ॥੨॥ {ਪੰਨਾ 143}

ਪਦਅਰਥ:- ਕੰਚਨੁ—ਸੋਨਾ। ਸਾਰੁ—ਲੋਹਾ। ਗੰਢੁ—ਗਾਂਢਾ। ਗੋਰੀ—ਇਸਤ੍ਰੀ, ਵਹੁਟੀ। ਕਾਲ੍ਹਾ ਗੰਢੁ—ਕਾਲਾਂ ਦਾ ਖ਼ਾਤਮਾ। ਝੋਲ—ਬਹੁਤ ਮੀਂਹ। ਮੁਇਆ ਗੰਢੁ—ਮੋਏ ਮਨੁੱਖਾਂ ਦਾ ਦੁਨੀਆ ਨਾਲ ਸੰਬੰਧ। ਸਤੁ—ਦਾਨ। ਏਤੁ ਗੰਢਿ—ਇਸ ਗਾਂਢੇ ਨਾਲ, ਇਸ ਸੰਬੰਧ ਨਾਲ। ਮੁਹਿ—ਮੂੰਹ ਉਤੇ।

ਅਰਥ:- ਜੇ ਕੈਹਾਂ, ਸੋਨਾ ਜਾਂ ਲੋਹਾ ਟੁੱਟ ਜਾਏ, ਅੱਗ ਨਾਲ ਲੋਹਾਰ (ਆਦਿਕ) ਗਾਂਢਾ ਲਾ ਦੇਂਦਾ ਹੈ, ਜੇ ਵਹੁਟੀ ਨਾਲ ਖਸਮ ਨਾਰਾਜ਼ ਹੋ ਜਾਏ, ਤਾਂ ਜਗਤ ਵਿਚ (ਇਹਨਾਂ ਦਾ) ਜੋੜ ਪੁੱਤ੍ਰਾਂ ਦੀ ਰਾਹੀਂ ਬਣਦਾ ਹੈ। ਰਾਜਾ (ਪਰਜਾ ਪਾਸੋਂ ਮਾਮਲਾ) ਮੰਗਦਾ ਹੈ (ਨਾਹ ਦਿੱਤਾ ਜਾਏ ਤਾਂ ਰਾਜਾ ਪਰਜਾ ਦੀ ਵਿਗੜਦੀ ਹੈ, ਮਾਮਲਾ) ਦਿੱਤਿਆਂ (ਰਾਜਾ ਪਰਜਾ ਦਾ) ਮੇਲ ਬਣਦਾ ਹੈ। ਭੁੱਖ ਨਾਲ ਆਤੁਰ ਹੋਏ ਬੰਦੇ ਦਾ (ਆਪਣੇ ਸਰੀਰ ਨਾਲ ਤਾਂ ਹੀ) ਸੰਬੰਧ ਬਣਿਆ ਰਹਿੰਦਾ ਹੈ ਜੇ ਉਹ (ਰੋਟੀ) ਖਾਏ। ਕਾਲਾਂ ਨੂੰ ਗੰਢ ਪੈਂਦੀ ਹੈ (ਭਾਵ, ਕਾਲ ਮੁੱਕ ਜਾਂਦੇ ਹਨ) ਜੇ ਬਹੁਤੇ ਮੀਂਹ ਪੈ ਕੇ ਨਦੀਆਂ ਚੱਲਣ। ਮਿੱਠੇ ਬਚਨਾਂ ਨਾਲ ਪਿਆਰ ਦੀ ਗੰਢ ਪੈਂਦੀ ਹੈ (ਭਾਵ, ਪਿਆਰ ਪੱਕਾ ਹੁੰਦਾ ਹੈ। ਵੈਦ (ਆਦਿਕ ਧਰਮ ਪੁਸਤਕਾਂ) ਨਾਲ (ਮਨੁੱਖ ਦਾ ਤਦੋਂ) ਜੋੜ ਜੋੜਦਾ ਹੈ ਜੇ ਮਨੁੱਖ ਸੱਚ ਬੋਲੇ। ਮੁਏ ਬੰਦਿਆਂ ਦਾ (ਜਗਤ ਨਾਲ) ਸੰਬੰਧ ਬਣਿਆ ਰਹਿੰਦਾ ਹੈ (ਭਾਵ, ਪਿਛੋਂ ਲੋਕ ਯਾਦ ਕਰਦੇ ਹਨ) ਜੇ ਮਨੁੱਖ ਭਲਾਈ ਤੇ ਦਾਨ ਕਰਦਾ ਰਹੇ। (ਸੋ) ਇਸ ਤਰ੍ਹਾਂ ਦੇ ਸੰਬੰਧ ਨਾਲ ਜਗਤ (ਦਾ ਵਿਹਾਰ) ਚੱਲਦਾ ਹੈ। ਮੂੰਹ ਤੇ ਮਾਰ ਪਿਆਂ ਮੂਰਖ (ਦੇ ਮੂਰਖ-ਪੁਣੇ) ਨੂੰ ਰੋਕ ਪਾਂਦੀ ਹੈ।

ਨਾਨਕ ਇਹ ਵਿਚਾਰ (ਦੀ ਗੱਲ) ਦੱਸਦਾ ਹੈ, ਕਿ (ਪਰਮਾਤਮਾ ਦੀ) ਸਿਫ਼ਤਿ-ਸਾਲਾਹ ਦੀ ਰਾਹੀਂ (ਪ੍ਰਭੂ ਦੇ ਦਰਬਾਰ ਵਿਚ (ਆਦਰ-ਪਿਆਰ ਦਾ) ਜੋੜ ਜੁੜਦਾ ਹੈ।2।

ਪਉੜੀ ॥ ਆਪੇ ਕੁਦਰਤਿ ਸਾਜਿ ਕੈ ਆਪੇ ਕਰੇ ਬੀਚਾਰੁ ॥ ਇਕਿ ਖੋਟੇ ਇਕਿ ਖਰੇ ਆਪੇ ਪਰਖਣਹਾਰੁ ॥ ਖਰੇ ਖਜਾਨੈ ਪਾਈਅਹਿ ਖੋਟੇ ਸਟੀਅਹਿ ਬਾਹਰ ਵਾਰਿ ॥ ਖੋਟੇ ਸਚੀ ਦਰਗਹ ਸੁਟੀਅਹਿ ਕਿਸੁ ਆਗੈ ਕਰਹਿ ਪੁਕਾਰ ॥ ਸਤਿਗੁਰ ਪਿਛੈ ਭਜਿ ਪਵਹਿ ਏਹਾ ਕਰਣੀ ਸਾਰੁ ॥ ਸਤਿਗੁਰੁ ਖੋਟਿਅਹੁ ਖਰੇ ਕਰੇ ਸਬਦਿ ਸਵਾਰਣਹਾਰੁ ॥ ਸਚੀ ਦਰਗਹ ਮੰਨੀਅਨਿ ਗੁਰ ਕੈ ਪ੍ਰੇਮ ਪਿਆਰਿ ॥ ਗਣਤ ਤਿਨਾ ਦੀ ਕੋ ਕਿਆ ਕਰੇਜੋ ਆਪਿ ਬਖਸੇ ਕਰਤਾਰਿ ॥੧੨॥ {ਪੰਨਾ 143}

ਪਦਅਰਥ:- ਬਾਹਰਵਾਰਿ—ਬਾਹਰਲੇ ਪਾਸੇ। ਸਾਰੁ—ਸ੍ਰੇਸ਼ਟ। ਮੰਨੀਅਨਿ—ਮੰਨੇ ਜਾਂਦੇ ਹਨ, (ਭਾਵ,) ਆਦਰ ਪਾਂਦੇ ਹਨ। ਗਣਤ—ਦੰਦ ਕਥਾ, ਨਿੰਦਿਆ।

ਅਰਥ:- ਪਰਮਾਤਮਾ ਆਪ ਹੀ ਦੁਨੀਆ ਪੈਦਾ ਕਰ ਕੇ ਆਪ ਹੀ ਇਸ ਦਾ ਧਿਆਨ ਰੱਖਦਾ ਹੈ, (ਪਰ ਇਥੇ) ਕਈ ਜੀਵ ਖੋਟੇ ਹਨ (ਭਾਵ, ਮਨੁੱਖਤਾ ਦੇ ਮਾਪ ਤੋਂ ਹੌਲੇ ਹਨ) ਤੇ ਕਈ (ਸ਼ਾਹੀ ਸਿੱਕੇ ਵਾਂਗ ਖਰੇ ਹਨ, (ਇਹਨਾਂ ਸਭਨਾਂ ਦੀ) ਪਰਖ ਕਰਨ ਵਾਲਾ ਭੀ ਆਪ ਹੀ ਹੈ। (ਰੁਪਏ ਆਦਿਕ ਵਾਂਗ) ਖਰੇ ਬੰਦੇ (ਪ੍ਰਭੂ ਦੇ) ਖ਼ਜ਼ਾਨੇ ਵਿਚ ਪਾਏ ਜਾਂਦੇ ਹਨ (ਭਾਵ, ਉਹਨਾਂ ਦਾ ਜੀਵਨ ਪ੍ਰਵਾਨ ਹੁੰਦਾ ਹੈ ਤੇ) ਖੋਟੇ ਬਾਹਰਲੇ ਪਾਸੇ ਸੁੱਟੇ ਜਾਂਦੇ ਹਨ (ਭਾਵ, ਇਹ ਜੀਵ ਭਲਿਆਂ ਵਿਚ ਰਲ ਨਹੀਂ ਸਕਦੇ), ਸੱਚੀ ਦਰਗਾਹ ਵਿਚੋਂ ਇਹਨਾਂ ਨੂੰ ਧੱਕਾ ਮਿਲਦਾ ਹੈ। ਕੋਈ ਹੋਰ ਥਾਂ ਐਸਾ ਨਹੀਂ ਜਿਥੇ ਇਹ (ਸਹੈਤਾ ਲਈ) ਫ਼ਰਿਆਦ ਕਰ ਸਕਣ।

(ਇਹਨਾਂ ਹੌਲੇ ਜੀਵਨ ਵਾਲੇ ਜੀਵਾਂ ਲਈ) ਸਭ ਤੋਂ ਚੰਗੀ ਕਰਨ ਵਾਲੀ ਗੱਲ ਇਹੀ ਹੈ ਕਿ ਸਤਿਗੁਰੂ ਦੀ ਸਰਨੀ ਜਾ ਪੈਣ। ਗੁਰੂ ਖੋਟਿਆਂ ਤੋਂ ਖਰੇ ਬਣਾ ਦੇਂਦਾ ਹੈ (ਕਿਉਂਕਿ ਗੁਰੂ ਆਪਣੇ) ਸ਼ਬਦ ਦੀ ਰਾਹੀਂ ਖਰੇ ਬਣਾਣ ਦੇ ਸਮਰੱਥ ਹੈ, (ਫਿਰ ਉਹ) ਸਤਿਗੁਰ ਦੇ ਬਖ਼ਸ਼ੇ ਪ੍ਰੇਮ ਪਿਆਰ ਦੇ ਕਾਰਨ ਪਰਾਮਤਮਾ ਦੀ ਦਰਗਾਹ ਵਿਚ ਆਦਰ ਪਾਂਦੇ ਹਨ ਤੇ ਜਿਨ੍ਹਾਂ ਨੂੰ ਕਰਤਾਰ ਨੇ ਆਪ ਬਖ਼ਸ਼ ਲਿਆ ਉਹਨਾਂ ਦੀ ਐਬ-ਜੋਈ ਕਿਸੇ ਕੀਹ ਕਰਨੀ ਹੋਈ?।12।

ਸਲੋਕੁ ਮਃ ੧ ॥ ਹਮ ਜੇਰ ਜਿਮੀ ਦੁਨੀਆ ਪੀਰਾ ਮਸਾਇਕਾ ਰਾਇਆ ॥ ਮੇ ਰਵਦਿ ਬਾਦਿਸਾਹਾ ਅਫਜੂ ਖੁਦਾਇ ॥ ਏਕ ਤੂਹੀ ਏਕ ਤੁਹੀ ॥੧॥ {ਪੰਨਾ 143}

ਪਦਅਰਥ:- ਹਮ—ਹਮਹ (ਫ਼ਾਰਸੀ) ਸਾਰੀ। ਜੇਰ—ਜ਼ੇਰ, ਹੇਠਾਂ, ਥੱਲੇ। ਜਿਮੀ-ਜ਼ਿਮੀ, ਧਰਤੀ। ਮੇਰਵਦਿ—ਜਾਂਦਾ ਹੈ, (ਭਾਵ) ਨਾਸਵੰਤ ਹੈ। ਅਫਜੂ—ਬਾਕੀ ਰਹਿਣ ਵਾਲਾ।

ਅਰਥ:- ਪੀਰ, ਸ਼ੇਖ਼, ਰਾਇ (ਆਦਿਕ) ਸਾਰੀ ਦੁਨੀਆ ਧਰਤੀ ਦੇ ਥੱਲੇ (ਅੰਤ ਨੂੰ ਆ ਜਾਂਦੇ ਹਨ) (ਇਸ ਧਰਤੀ ਤੇ ਹੁਕਮ ਕਰਨ ਵਾਲੇ) ਬਾਦਸ਼ਾਹ ਭੀ ਨਾਸ ਹੋ ਜਾਂਦੇ ਹਨ, ਸਦਾ ਟਿਕੇ ਰਹਿਣ ਵਾਲਾ, ਹੇ ਖ਼ੁਦਾਇ! ਇਕ ਤੂੰ ਹੀ ਹੈਂ, ਇਕ ਤੂੰ ਹੀ ਹੈਂ।1।

ਮਃ ੧ ॥ ਨ ਦੇਵ ਦਾਨਵਾ ਨਰਾ ॥ ਨ ਸਿਧ ਸਾਧਿਕਾ ਧਰਾ ॥ ਅਸਤਿ ਏਕ ਦਿਗਰਿ ਕੁਈ ॥ ਏਕ ਤੁਈ ਏਕ ਤੁਈ ॥੨॥ {ਪੰਨਾ 143}

ਪਦਅਰਥ:- ਦਾਨਵ ਦੈਂਤ। ਸਿਧ—ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ। ਧਰਾ—ਧਰਤੀ। ਅਸਤਿ—ਹੈ, ਕਾਇਮ ਹੈ। ਦਿਗਰਿ—ਦੀਗਰੇ, ਦੂਜਾ। ਕੁਈ—ਕੌਣ?

ਅਰਥ:- ਨਾਹ ਦੇਵਤੇ, ਨਾਹ ਦੈਂਤ, ਨਾਹ ਮਨੁੱਖ, ਨਾਹ ਜੋਗ-ਸਾਧਨਾਂ ਵਿਚ ਪੁੱਗੇ ਜੋਗੀ, ਨਾਹ ਜੋਗ-ਸਾਧਨ ਕਰਨ ਵਾਲੇ, ਕੋਈ ਭੀ ਧਰਤੀ ਤੇ ਨਾਹ ਰਿਹਾ। ਸਦਾ-ਥਿਰ ਰਹਿਣ ਵਾਲਾ ਹੋਰ ਦੂਜਾ ਕੌਣ ਹੈ? ਸਦਾ ਕਾਇਮ ਰਹਿਣ ਵਾਲਾ, ਹੇ ਪ੍ਰਭੂ! ਇਕ ਤੂੰ ਹੀ ਹੈਂ, ਇਕ ਤੂੰ ਹੀ ਹੈਂ।2।

ਮਃ ੧ ॥ ਨ ਦਾਦੇ ਦਿਹੰਦ ਆਦਮੀ ॥ ਨ ਸਪਤ ਜੇਰ ਜਿਮੀ ॥ ਅਸਤਿ ਏਕ ਦਿਗਰਿ ਕੁਈ ॥ ਏਕ ਤੁਈ ਏਕ ਤੁਈ ॥੩॥ {ਪੰਨਾ 144}

ਪਦਅਰਥ:- ਦਾਦ—ਇਨਸਾਫ਼। ਦਿਹੰਦ—ਦੇਣ ਵਾਲੇ। ਦਾਦੇ ਦਿਹੰਦ—ਇਨਸਾਫ਼ ਕਰਨ ਵਾਲੇ। ਸਪਤ—ਸੱਤ।

ਅਰਥ:- ਨਾਹ ਹੀ ਇਨਸਾਫ਼ ਕਰਨ ਵਾਲੇ (ਭਾਵ, ਦੂਜਿਆਂ ਦੇ ਝਗੜੇ ਨਿਬੇੜਨ ਵਾਲੇ) ਆਦਮੀ ਸਦਾ ਟਿਕੇ ਰਹਿਣ ਵਾਲੇ ਹਨ, ਨਾਹ ਹੀ ਧਰਤੀ ਦੇ ਹੇਠਲੇ ਸੱਤ (ਪਤਾਲ ਹੀ) ਸਦਾ ਰਹਿ ਸਕਦੇ ਹਨ। ਸਦਾ ਰਹਿਣ ਵਾਲਾ ਹੋਰ ਦੂਜਾ ਕੌਣ ਹੈ? ਹੇ ਪ੍ਰਭੂ! ਸਦਾ ਕਾਇਮ ਰਹਿਣ ਵਾਲਾ ਇਕ ਤੂੰ ਹੀ ਹੈ।3।

ਮਃ ੧ ॥ ਨ ਸੂਰ ਸਸਿ ਮੰਡਲੋ ॥ ਨ ਸਪਤ ਦੀਪ ਨਹ ਜਲੋ ॥ ਅੰਨ ਪਉਣ ਥਿਰੁ ਨ ਕੁਈ ॥ ਏਕੁ ਤੁਈ ਏਕੁ ਤੁਈ ॥੪॥ {ਪੰਨਾ 144}

ਪਦਅਰਥ:- ਸੂਰ—ਸੂਰਜ। ਸਸਿ—ਚੰਦ੍ਰਮਾ। ਮੰਡਲ—ਦਿੱਸਦਾ ਆਕਾਸ਼। ਦੀਪ—ਦ੍ਵੀਪ, ਪੁਰਾਣੇ ਸਮੇਂ ਤੋਂ ਇਸ ਧਰਤੀ ਦੇ ਸੱਤ ਹਿੱਸੇ ਮਿੱਥੇ ਗਏ ਹਨ, ਹਰੇਕ ਨੂੰ 'ਦੀਪ' ਕਿਹਾ ਗਿਆ ਹੈ। ਕੇਂਦਰੀ ਦੀਪ ਦਾ ਨਾਮ 'ਜੰਬੂ ਦੀਪ' ਹੈ ਜਿਸ ਵਿਚ ਹਿੰਦੁਸਤਾਨ ਦੇਸ ਹੈ। ਪਉਣ-ਹਵਾ।

ਅਰਥ:- ਨਾ ਸੂਰਜ, ਨਾਹ ਚੰਦਰਮਾ, ਨਾਹ ਇਹ ਦਿੱਸਦਾ ਆਕਾਸ਼, ਨਾਹ ਧਰਤੀ ਦੇ ਸੱਤ ਦੀਪ, ਨਾਹ ਪਾਣੀ, ਨ ਅੰਨ, ਨਾਹ ਹਵਾ—ਕੋਈ ਭੀ ਥਿਰ ਰਹਿਣ ਵਾਲਾ ਨਹੀਂ। ਸਦਾ ਰਹਿਣ ਵਾਲਾ, ਹੇ ਪ੍ਰਭੂ! ਇਕ ਤੂੰ ਹੀ ਹੈਂ, ਇਕ ਤੂੰ ਹੀ ਹੈਂ।4।

ਮਃ ੧ ॥ ਨ ਰਿਜਕੁ ਦਸਤ ਆ ਕਸੇ ॥ ਹਮਾ ਰਾ ਏਕੁ ਆਸ ਵਸੇ ॥ ਅਸਤਿ ਏਕੁ ਦਿਗਰ ਕੁਈ ॥ ਏਕ ਤੁਈ ਏਕੁ ਤੁਈ ॥੫॥ {ਪੰਨਾ 144}

ਪਦਅਰਥ:- ਦਸਤ—ਹੱਥ। ਦਸਤ ਆ ਕਸੇ—ਕਿਸੇ ਹੋਰ ਸ਼ਖ਼ਸ ਦੇ ਹੱਥ ਵਿਚ। ਹਮਾ—(ਹਮਹ) ਸਭ। ਰਾ—(ਫ਼:) ਨੂੰ। ਵਸੇ—ਬੱਸ, ਕਾਫ਼ੀ।

ਅਰਥ:- (ਜੀਵਾਂ ਦਾ) ਰਿਜ਼ਕ (ਪਰਮਾਤਮਾ ਤੋਂ ਬਿਨਾ) ਕਿਸੇ ਹੋਰ ਦੇ ਹੱਥ ਵਿਚ ਨਹੀਂ ਹੈ। ਸਭ ਜੀਵਾਂ ਨੂੰ, ਬੱਸ, ਇਕ ਪ੍ਰਭੂ ਦੀ ਆਸ ਹੈ (ਕਿਉਂਕਿ ਸਦਾ-ਥਿਰ) ਹੋਰ ਹੈ ਹੀ ਕੋਈ ਨਹੀਂ। ਸਦਾ ਰਹਿਣ ਵਾਲਾ, ਹੇ ਪ੍ਰਭੂ! ਇਕ ਤੂੰ ਹੀ ਹੈਂ।5।

ਮਃ ੧ ॥ ਪਰੰਦਏ ਨ ਗਿਰਾਹ ਜਰ ॥ ਦਰਖਤ ਆਬ ਆਸ ਕਰ ॥ ਦਿਹੰਦ ਸੁਈ ॥ ਏਕ ਤੁਈ ਏਕ ਤੁਈ ॥੬॥ {ਪੰਨਾ 144}

ਪਦਅਰਥ:- ਪਰੰਦਏ ਗਿਰਾਹ—ਪੰਛੀਆਂ ਦੇ ਗੰਢ-ਪੱਲੇ। ਜਰ—ਜ਼ਰ, ਧਨ। ਆਬ—ਪਾਣੀ। ਦਿਹੰਦ—ਦੇਣ ਵਾਲਾ।

ਅਰਥ:- ਪੰਛੀਆਂ ਦੇ ਗੰਢੇ-ਪੱਲੇ ਧਨ ਨਹੀਂ ਹੈ, ਉਹ (ਪ੍ਰਭੂ ਦੇ ਬਣਾਏ ਹੋਏ) ਰੁੱਖਾਂ ਤੇ ਪਾਣੀ ਦਾ ਆਸਰਾ ਹੀ ਲੈਂਦੇ ਹਨ, ਉਹਨਾਂ ਨੂੰ ਰੋਜ਼ੀ ਦੇਣ ਵਾਲਾ ਉਹੀ ਪ੍ਰਭੂ ਹੈ।

(ਹੇ ਪ੍ਰਭੂ! ਇਹਨਾਂ ਦਾ ਰਿਜ਼ਕ-ਦਾਤਾ) ਇਕ ਤੂੰ ਹੀ ਹੈਂ ਇਕ ਤੂੰ ਹੀ ਹੈਂ।6।

ਮਃ ੧ ॥ ਨਾਨਕ ਲਿਲਾਰਿ ਲਿਖਿਆ ਸੋਇ ॥ ਮੇਟਿ ਨ ਸਾਕੈ ਕੋਇ ॥ ਕਲਾ ਧਰੈ ਹਿਰੈ ਸੁਈ ॥ ਏਕੁ ਤੁਈ ਏਕੁ ਤੁਈ ॥੭॥ {ਪੰਨਾ 144}

ਪਦਅਰਥ:- ਲਿਲਾਰਿ—ਲਿਲਾਟ, ਮੱਥੇ ਉਤੇ। ਕਲਾ—ਸੱਤਿਆ। ਹਿਰੈ—ਚੁਰਾ ਲੈਂਦਾ ਹੈ, ਲੈ ਜਾਂਦਾ ਹੈ।

ਅਰਥ:- ਹੇ ਨਾਨਕ! (ਜੀਵ ਦੇ) ਮੱਥੇ ਉਤੇ (ਜੋ ਕੁਝ ਕਰਤਾਰ ਵਲੋਂ) ਲਿਖਿਆ ਗਿਆ ਹੈ, ਉਸ ਨੂੰ ਕੋਈ ਮਿਟਾ ਨਹੀਂ ਸਕਦਾ। (ਜੀਵ ਦੇ ਅੰਦਰ) ਉਹੀ ਸੱਤਿਆ ਪਾਂਦਾ ਹੈ, ਉਹੀ ਖੋਹ ਲੈਂਦਾ ਹੈ।

(ਹੇ ਪ੍ਰਭੂ! ਜੀਵਾਂ ਨੂੰ ਸੱਤਿਆ ਦੇਣ ਤੇ ਖੋਹ ਲੈਣ ਵਾਲਾ) ਇਕ ਤੂੰ ਹੀ ਹੈਂ ਇਕ ਤੂੰ ਹੀ ਹੈਂ।7।

ਪਉੜੀ ॥ ਸਚਾ ਤੇਰਾ ਹੁਕਮੁ ਗੁਰਮੁਖਿ ਜਾਣਿਆ ॥ ਗੁਰਮ ਤੀ ਆਪੁ ਗਵਾਇ ਸਚੁ ਪਛਾਣਿਆ ॥ ਸਚੁ ਤੇਰਾ ਦਰਬਾਰੁ ਸਬਦੁ ਨੀਸਾਣਿਆ ॥ ਸਚਾ ਸਬਦੁ ਵੀਚਾਰਿ ਸਚਿ ਸਮਾਣਿਆ ॥ ਮਨਮੁਖ ਸਦਾ ਕੂੜਿਆਰ ਭਰਮਿ ਭੁਲਾਣਿਆ ॥ ਵਿਸਟਾ ਅੰਦਰਿ ਵਾਸੁ ਸਾਦੁ ਨ ਜਾਣਿਆ ॥ ਵਿਣੁ ਨਾਵੈ ਦੁਖੁ ਪਾਇ ਆਵਣ ਜਾਣਿਆ ॥ ਨਾਨਕ ਪਾਰਖੁ ਆਪਿ ਜਿਨਿ ਖੋਟਾ ਖਰਾ ਪਛਾਣਿਆ ॥੨॥ {ਪੰਨਾ 144}

ਪਦਅਰਥ:- ਆਪੁ—ਆਪਣੇ ਆਪ ਨੂੰ। ਆਪਿ—ਖ਼ੁਦ ਹੀ। {ਨੋਟ:- ਲਫ਼ਜ਼ 'ਆਪੁ' ਅਤੇ 'ਆਪਿ' ਦਾ ਫ਼ਰਕ ਸਮਝਣ-ਜੋਗ ਹੈ। } ਨੀਸਾਣਿਆ—ਨੀਸਾਣ, ਰਾਹਦਾਰੀ, ਪਰਵਾਨਾ। ਕੂੜਿਆਰ—ਕੂੜ ਦੇ ਵਪਾਰੀ (ਜਿਵੇਂ ਸੁਨਿਆਰ, ਲੋਹਾਰ)।

ਅਰਥ:- (ਹੇ ਪ੍ਰਭੂ!) ਤੇਰਾ ਹੁਕਮ ਸਦਾ-ਥਿਰ ਰਹਿਣ ਵਾਲਾ ਹੈ, ਗੁਰੂ ਦੇ ਸਨਮੁਖ ਹੋਇਆਂ ਇਸ ਦੀ ਸਮਝ ਪੈਂਦੀ ਹੈ। ਜਿਸ ਨੇ ਗੁਰੂ ਦੀ ਮਤਿ ਲੈ ਕੇ ਆਪਾ-ਭਾਵ ਦੂਰ ਕੀਤਾ ਹੈ, ਉਸ ਨੇ ਤੈਨੂੰ ਸਦਾ ਕਾਇਮ ਰਹਿਣ ਵਾਲੇ ਨੂੰ ਪਛਾਣ ਲਿਆ ਹੈ। ਹੇ ਪ੍ਰਭੂ! ਤੇਰਾ ਦਰਬਾਰ ਸਦਾ-ਥਿਰ ਹੈ, (ਇਸ ਤਕ ਅੱਪੜਨ ਲਈ ਗੁਰੂ ਦਾ) ਸ਼ਬਦ ਰਾਹਦਾਰੀ ਹੈ। ਜਿਨ੍ਹਾਂ ਨੇ ਸੱਚੇ ਸ਼ਬਦ ਨੂੰ ਵਿਚਾਰਿਆ ਹੈ, ਉਹ ਸੱਚ ਵਿਚ ਲੀਨ ਹੋ ਜਾਂਦੇ ਹਨ।

(ਪਰ) ਮਨ ਦੇ ਪਿੱਛੇ ਤੁਰਨ ਵਾਲੇ ਕੂੜ (ਹੀ) ਵਿਹਾਝਦੇ ਹਨ, ਭਟਕਣਾ ਵਿਚ ਖੁੰਝੇ ਫਿਰਦੇ ਹਨ। ਉਹਨਾਂ ਦਾ ਵਸੇਬਾ ਗੰਦ ਵਿਚ ਹੀ ਰਹਿੰਦਾ ਹੈ, (ਸ਼ਬਦ ਦਾ) ਆਨੰਦ ਉਹ ਨਹੀਂ ਸਮਝ ਸਕੇ; ਪਰਮਾਤਮਾ ਦੇ ਨਾਮ ਤੋਂ ਬਿਨਾ ਦੁੱਖ ਪਾ ਕੇ ਜਨਮ ਮਰਨ (ਦੇ ਚੱਕਰ ਵਿਚ ਪਏ ਰਹਿੰਦੇ ਹਨ)।

ਹੇ ਨਾਨਕ! ਪਰਖਣ ਵਾਲਾ ਪ੍ਰਭੂ ਆਪ ਹੀ ਹੈ, ਜਿਸ ਨੇ ਖੋਟੇ ਖਰੇ ਨੂੰ ਪਛਾਣਿਆ ਹੈ (ਭਾਵ, ਪ੍ਰਭੂ ਆਪ ਹੀ ਜਾਣਦਾ ਹੈ ਕਿ ਖੋਟਾ ਕੌਣ ਹੈ ਤੇ ਖਰਾ ਕੌਣ ਹੈ)।13।

ਸਲੋਕੁ ਮਃ ੧ ॥ ਸੀਹਾ ਬਾਜਾ ਚਰਗਾ ਕੁਹੀਆ ਏਨਾ ਖਵਾਲੇ ਘਾਹ ॥ ਘਾਹੁ ਖਾਨਿ ਤਿਨਾ ਮਾਸੁ ਖਵਾਲੇ ਏਹਿ ਚਲਾਏ ਰਾਹ ॥ ਨਦੀਆ ਵਿਚਿ ਟਿਬੇ ਦੇਖਾਲੇ ਥਲੀ ਕਰੇ ਅਸਗਾਹ ॥ ਕੀੜਾ ਥਾਪਿ ਦੇਇ ਪਾਤਿਸਾਹੀ ਲਸਕਰ ਕਰੇ ਸੁਆਹ ॥ ਜੇਤੇ ਜੀਅ ਜੀਵਹਿ ਲੈ ਸਾਹਾ ਜੀਵਾਲੇ ਤਾ ਕਿ ਅਸਾਹ ॥ ਨਾਨਕ ਜਿਉ ਜਿਉ ਸਚੇ ਭਾਵੈ ਤਿਉ ਤਿਉ ਦੇਇ ਗਿਰਾਹ ॥੧॥ {ਪੰਨਾ 144}

ਪਦਅਰਥ:- ਅਸਗਾਹ—ਡੂੰਘੇ ਪਾਣੀ। ਗਿਰਾਹ—ਗਿਰਾਹੀ, ਰੋਟੀ। ਕਿਅ ਸਾਹ—ਕਿਆ ਸਾਹ? ਸਾਹ ਦੀ ਕੀਹ ਲੋੜ ਪੈਂਦੀ ਹੈ? ਲਫ਼ਜ਼ 'ਕਿਆ' ਦੇ ਥਾਂ 'ਕਿਆ ਵਰਤਿਆ ਗਿਆ ਹੈ। ਇਸ 'ਵਾਰ' ਵਿਚ ਲਫ਼ਜ਼ 'ਕਿਆ' ਬਹੁਤ ਵਾਰੀ ਆਇਆ ਹੈ; ਜਿਵੇਂ "ਕਿਆ ਮੈਦਾ.....", "ਮਛੀ ਤਾਰੂ ਕਿਆ ਕਰੇ", ਇਸ ਲਫ਼ਜ਼ 'ਕਿਅ' ਤੇ 'ਕਿਆ ਦਾ ਭਾਵ ਮਿਲਦਾ ਹੈ। ਪਰ ਲਫ਼ਜ਼ 'ਕਿ' ਨੂੰ ਤੇ 'ਅਸਾਹ' ਨੂੰ ਵੱਖ ਕਰਕੇ 'ਕਿ' ਦਾ ਅਰਥ "ਕੀ ਅਚਰਜ" "ਕੀ ਵੱਡੀ ਗੱਲ" ਕਰਨਾ ਅਸ਼ੁੱਧ ਹੈ। 'ਗੁਰਬਾਣੀ' ਵਿਚੋਂ ਹੋਰਥੈ ਕਿਤੇ ਭੀ ਐਸਾ ਪ੍ਰਮਾਣ ਮਿਲਣਾ ਚਾਹੀਦਾ ਹੈ। , ਸੋ, ਪਦ-ਛੇਦ 'ਕਿਅ ਸਾਹ' ਚਾਹੀਦਾ ਹੈ।

ਅਰਥ:- ਇਹਨਾਂ ਸ਼ੇਰਾਂ, ਬਾਜਾਂ, ਚਰਗਾਂ, ਕੁਹੀਆ (ਆਦਿਕ ਮਾਸਾਹਾਰੀਆਂ ਨੂੰ ਜੇ ਚਾਹੇ ਤਾਂ) ਘਾਹ ਖਵਾ ਦੇਂਦਾ ਹੈ (ਭਾਵ, ਉਹਨਾਂ ਦੀ ਮਾਸ ਖਾਣ ਦੀ ਵਾਦੀ ਤਬਦੀਲ ਕਰ ਦੇਂਦਾ ਹੈ)। ਜੋ ਘਾਹ ਖਾਂਦੇ ਹਨ ਉਹਨਾਂ ਨੂੰ ਮਾਸ ਖਵਾ ਦੇਂਦਾ ਹੈ—ਸੋ, ਪ੍ਰਭੂ ਇਹੋ ਜਿਹੇ ਰਾਹ ਤੋਰ ਦੇਂਦਾ ਹੈ। ਪ੍ਰਭੂ (ਵਗਦੀਆਂ) ਨਦੀਆਂ ਵਿਚ ਟਿੱਬੇ ਵਿਖਾਲ ਦੇਂਦਾ ਹੈ, ਰੇਤਲੇ ਥਾਵਾਂ ਨੂੰ ਡੂੰਘੇ ਪਾਣੀ ਬਣਾ ਦੇਂਦਾ ਹੈ। ਕੀੜੇ ਨੂੰ ਬਾਦਸ਼ਾਹੀ (ਤਖ਼ਤ) ਉੱਤੇ ਥਾਪ ਦੇਂਦਾ ਹੈ (ਬਿਠਾ ਦੇਂਦਾ ਹੈ), (ਤੇ ਬਾਦਸ਼ਾਹਾਂ ਦੇ) ਲਸ਼ਕਰਾਂ ਨੂੰ ਸੁਆਹ ਕਰ ਦੇਂਦਾ ਹੈ। ਜਿਤਨੇ ਭੀ ਜੀਵ (ਜਗਤ ਵਿਚ) ਜੀਊਂਦੇ ਹਨ, ਸਾਹ ਲੈ ਕੇ ਜੀਊਂਦੇ ਹਨ, (ਭਾਵ, ਤਦ ਤਕ ਜੀਊਂਦੇ ਹਨ ਜਦ ਤਕ ਸਾਹ ਲੈਂਦੇ ਹਨ, (ਪਰ ਜੇ ਪ੍ਰਭੂ) ਜੀਊਂਦੇ ਰੱਖਣੇ ਚਾਹੇ, ਤਾਂ 'ਸਾਹ' ਦੀ ਭੀ ਕੀਹ ਮੁਥਾਜੀ ਹੈ?

ਹੇ ਨਾਨਕ! ਜਿਵੇਂ ਜਿਵੇਂ ਪ੍ਰਭੂ ਦੀ ਰਜ਼ਾ ਹੈ, ਤਿਵੇਂ ਤਿਵੇਂ (ਜੀਵਾਂ) ਨੂੰ ਰੋਜ਼ੀ ਦੇਂਦਾ ਹੈ।1।

ਮਃ ੧ ॥ ਇਕਿ ਮਾਸਹਾਰੀ ਇਕਿ ਤ੍ਰਿਣੁ ਖਾਹਿ ॥ ਇਕਨਾ ਛਤੀਹ ਅੰਮ੍ਰਿਤ ਪਾਹਿ ॥ ਇਕਿ ਮਿਟੀਆ ਮਹਿ ਮਿਟੀਆ ਖਾਹਿ ॥ ਇਕਿ ਪਉਣ ਸੁਮਾਰੀ ਪਉਣ ਸੁਮਾਰਿ ॥ ਇਕਿ ਨਿਰੰਕਾਰੀ ਨਾਮ ਆਧਾਰਿ ॥ ਜੀਵੈ ਦਾਤਾ ਮਰੈ ਨ ਕੋਇ ॥ ਨਾਨਕ ਮੁਠੇ ਜਾਹਿ ਨਾਹੀ ਮਨਿ ਸੋਇ ॥੨॥ {ਪੰਨਾ 144}

ਪਦਅਰਥ:- ਪਾਹਿ—ਮਿਲਦੇ ਹਨ। ਪਉਣ—ਹਵਾ, ਸੁਆਸ। ਪਉਣ ਸੁਮਾਰੀ—ਸੁਆਸਾਂ ਨੂੰ ਗਿਣਨ ਵਾਲੇ, ਪ੍ਰਾਣਾਯਾਮ ਕਰਨ ਵਾਲੇ। ਪਉਣ ਸੁਮਾਰਿ—ਸੁਆਸਾਂ ਦੇ ਗਿਣਨ ਵਿਚ, ਪ੍ਰਾਣਾਯਾਮ ਵਿਚ। ਆਧਾਰਿ—ਆਸਰੇ ਹੇਠ। ਜੀਵੈ—ਜੀਉਂਦਾ ਹੈ, (ਭਾਵ,) ਰਾਖਾ ਹੈ। ਮੁਠੇ ਜਾਹਿ—ਠੱਗੇ ਜਾਂਦੇ ਹਨ। ਕੋਇ—ਜੋ ਕੋਈ, ਜੋ ਮਨੁੱਖ।

ਅਰਥ:- ਕਈ ਜੀਵ ਮਾਸ ਖਾਣ ਵਾਲੇ ਹਨ, ਕਈ ਘਾਹ ਖਾਂਦੇ ਹਨ। ਕਈ ਪ੍ਰਾਣੀਆਂ ਨੂੰ ਕਈ ਕਿਸਮਾਂ ਦੇ ਸੁਆਦਲੇ ਭੋਜਨ ਮਿਲਦੇ ਹਨ, ਤੇ ਕਈ ਮਿੱਟੀ ਵਿਚ (ਰਹਿ ਕੇ) ਮਿੱਟੀ ਖਾਂਦੇ ਹਨ।

ਕਈ ਪ੍ਰਾਣਾਯਾਮ ਦੇ ਅੱਭਿਆਸੀ ਪ੍ਰਾਣਾਯਾਮ ਵਿਚ ਲੱਗੇ ਰਹਿੰਦੇ ਹਨ, ਕਈ ਨਿਰੰਕਾਰ ਦੇ ਉਪਾਸ਼ਕ (ਉਸ ਦੇ) ਨਾਮ ਦੇ ਆਸਰੇ ਜੀਉਂਦੇ ਹਨ।

ਜੋ ਮਨੁੱਖ (ਇਹ ਮੰਨਦਾ ਹੈ ਕਿ) ਸਿਰ ਤੇ ਦਾਤਾ ਰਾਖਾ ਹੈ ਉਹ (ਪ੍ਰਭੂ ਨੂੰ ਵਿਸਾਰ ਕੇ ਆਤਮਕ ਮੌਤ) ਨਹੀਂ ਮਰਦਾ। ਹੇ ਨਾਨਕ! ਉਹ ਜੀਵ ਠੱਗੇ ਜਾਂਦੇ ਹਨ, ਜਿਨ੍ਹਾਂ ਦੇ ਮਨ ਵਿਚ ਉਹ ਪ੍ਰਭੂ ਨਹੀਂ ਹੈ।2।

ਪਉੜੀ ॥ ਪੂਰੇ ਗੁਰ ਕੀ ਕਾਰ ਕਰਮਿ ਕਮਾਈਐ ॥ ਗੁਰਮਤੀ ਆਪੁ ਗਵਾਇ ਨਾਮੁ ਧਿਆਈਐ ॥ ਦੂਜੀ ਕਾਰੈ ਲਗਿ ਜਨਮੁ ਗਵਾਈਐ ॥ ਵਿਣੁ ਨਾਵੈ ਸਭ ਵਿਸੁ ਪੈਝੈ ਖਾਈਐ ॥ ਸਚਾ ਸਬਦੁ ਸਾਲਾਹਿ ਸਚਿ ਸਮਾਈਐ ॥ ਵਿਣੁ ਸਤਿਗੁਰੁ ਸੇਵੇ ਨਾਹੀ ਸੁਖਿ ਨਿਵਾਸੁ ਫਿਰਿ ਫਿਰਿ ਆਈਐ ॥ ਦੁਨੀਆ ਖੋਟੀ ਰਾਸਿ ਕੂੜੁ ਕਮਾਈਐ ॥ ਨਾਨਕ ਸਚੁ ਖਰਾ ਸਾਲਾਹਿ ਪਤਿ ਸਿਉ ਜਾਈਐ ॥ ੧੪॥ {ਪੰਨਾ 144} {ਪੰਨਾ 144}

ਪਦਅਰਥ:- ਕਰਮਿ—ਮਿਹਰ ਨਾਲ। ਵਿਸੁ—ਵਿਹੁ, ਜ਼ਹਿਰ। ਪੈਝੈ ਖਾਈਐ—ਜੋ ਕੁਝ ਪਹਿਨੀਦਾ ਤੇ ਖਾਈਦਾ ਹੈ। ਸੁਖਿ—ਸੁਖ ਵਿਚ। ਰਾਸਿ—ਪੂੰਜੀ।

ਅਰਥ:- ਪੂਰੇ ਸਤਿਗੁਰੂ ਦੀ ਦੱਸੀ ਹੋਈ ਕਾਰ (ਪ੍ਰਭੂ ਦੀ) ਮਿਹਰ ਨਾਲ ਹੀ ਕੀਤੀ ਜਾ ਸਕਦੀ ਹੈ, ਗੁਰੂ ਦੀ ਮਤਿ ਨਾਲ ਆਪਾ-ਭਾਵ ਗਵਾ ਕੇ ਪ੍ਰਭੂ ਦਾ ਨਾਮ ਸਿਮਰਿਆ ਜਾ ਸਕਦਾ ਹੈ।

(ਪ੍ਰਭੂ ਦੀ ਬੰਦਗੀ ਵਿਸਾਰ ਕੇ) ਹੋਰ ਕੰਮ ਵਿਚ ਰੁੱਝਿਆਂ ਮਨੁੱਖਾ-ਜਨਮ ਵਿਅਰਥ ਜਾਂਦਾ ਹੈ, (ਕਿਉਂਕਿ) ਨਾਮ ਨੂੰ ਵਿਸਾਰ ਕੇ ਜੋ ਕੁਝ ਪਹਿਨੀ ਖਾਈਦਾ ਹੈ, ਉਹ (ਆਤਮਕ ਜੀਵਨ ਵਾਸਤੇ) ਜ਼ਹਿਰ (ਸਮਾਨ) ਹੋ ਜਾਂਦਾ ਹੈ।

ਸਤਿਗੁਰੂ ਦਾ ਸੱਚਾ ਸ਼ਬਦ ਗਾਵਿਆਂ ਸੱਚੇ ਪ੍ਰਭੂ ਵਿਚ ਜੁੜੀਦਾ ਹੈ। ਗੁਰੂ ਦੀ ਦੱਸੀ ਕਾਰ ਕਰਨ ਤੋਂ ਬਿਨਾ ਸੁਖ ਵਿਚ (ਮਨ ਦਾ) ਟਿਕਾਉ ਨਹੀਂ ਹੋ ਸਕਦਾ, ਮੁੜ ਮੁੜ ਜਨਮ (ਮਰਨ) ਵਿਚ ਆਈਦਾ ਹੈ। ਦੁਨੀਆ (ਦਾ ਪਿਆਰ) ਖੋਟੀ ਪੂੰਜੀ ਹੈ, ਇਹ ਕਮਾਈ ਕੂੜ (ਦਾ ਵਪਾਰ ਹੈ)।

ਹੇ ਨਾਨਕ! ਨਿਰੋਲ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰ ਕੇ (ਏਥੋਂ) ਇੱਜ਼ਤ ਨਾਲ ਜਾਈਦਾ ਹੈ।14।

ਸਲੋਕੁ ਮਃ ੧ ॥ ਤੁਧੁ ਭਾਵੈ ਤਾ ਵਾਵਹਿ ਗਾਵਹਿ ਤੁਧੁ ਭਾਵੈ ਜਲਿ ਨਾਵਹਿ ॥ ਜਾ ਤੁਧੁ ਭਾਵਹਿ ਤਾ ਕਰਹਿ ਬਿਭੂਤਾ ਸਿੰਙੀ ਨਾਦੁ ਵਜਾਵਹਿ ॥ ਜਾ ਤੁਧੁ ਭਾਵੈ ਤਾ ਪੜਹਿ ਕਤੇਬਾ ਮੁਲਾ ਸੇਖ ਕਹਾਵਹਿ ॥ ਜਾ ਤੁਧੁ ਭਾਵੈ ਤਾ ਹੋਵਹਿ ਰਾਜੇ ਰਸ ਕਸ ਬਹੁਤੁ ਕਮਾਵਹਿ ॥ ਜਾ ਤੁਧੁ ਭਾਵੈ ਤੇਗ ਵਗਾਵਹਿ ਸਿਰ ਮੁੰਡੀ ਕਟਿ ਜਾਵਹਿ ॥ ਜਾ ਤੁਧੁ ਭਾਵੈ ਜਾਹਿ ਦਿਸੰ ਤਰਿ ਸੁਣਿ ਗਲਾ ਘਰਿ ਆਵਹਿ ॥ ਜਾ ਤੁਧੁ ਭਾਵੈ ਨਾਇ ਰਚਾਵਹਿ ਤੁਧੁ ਭਾਣੇ ਤੂੰ ਭਾਵਹਿ ॥ ਨਾਨਕੁ ਏਕ ਕਹੈ ਬੇਨੰਤੀ ਹੋਰਿ ਸਗਲੇ ਕੂੜੁ ਕਮਾਵਹਿ ॥੧॥ {ਪੰਨਾ 145}

ਪਦਅਰਥ:- ਤੁਧੁ ਭਾਵੈ—ਜੇ ਤੇਰੀ ਰਜ਼ਾ ਹੋਵੇ। ਵਾਵਹਿ—(ਸਾਜ਼) ਵਜਾਂਦੇ ਹਨ। ਜਲਿ—ਪਾਣੀ ਵਿਚ। ਬਿਭੂਤਾ—ਸੁਆਹ। ਰਸ ਕਸ—ਕਈ ਕਿਸਮ ਦੇ ਸੁਆਦਲੇ ਭੋਜਨ। ਮੁੰਡੀ—ਧੌਣ। ਦਿਸੰਤਰਿ—ਹੋਰ ਦੇਸ਼ ਵਿਚ। ਸੁਣਿ—ਸੁਣ ਕੇ। ਨਾਇ—ਨਾਮ ਵਿਚ। ਤੁਧੁ ਭਾਣੇ—ਜੋ ਤੇਰੇ ਭਾਣੇ (ਰਜ਼ਾ) ਵਿਚ ਹਨ। ਤੂੰ—ਤੈਨੂੰ। ਨਾਵਹਿ—ਪਿਆਰੇ ਲੱਗਦੇ ਹਨ।

ਅਰਥ:- ਜਦੋਂ ਤੇਰੀ ਰਜ਼ਾ ਹੁੰਦੀ ਹੈ (ਭਾਵ, ਇਹ ਤੇਰੀ ਰਜ਼ਾ ਹੈ ਕਿ ਕਈ ਜੀਵ ਸਾਜ਼) ਵਜਾਂਦੇ ਹਨ ਤੇ ਗਾਉਂਦੇ ਹਨ, (ਤੀਰਥਾਂ ਦੇ) ਜਲ ਵਿਚ ਇਸ਼ਨਾਨ ਕਰਦੇ ਹਨ, ਕਈ (ਪਿੰਡੇ ਉਤੇ) ਸੁਆਹ ਮਲਦੇ ਹਨ ਤੇ ਸਿੰਙੀ ਦਾ ਨਾਦ ਵਜਾਂਦੇ ਹਨ ਕਈ ਜੀਵ ਕੁਰਾਨ ਆਦਿਕ ਧਰਮ ਪੁਸਤਕਾਂ ਪੜ੍ਹਦੇ ਹਨ ਤੇ ਆਪਣੇ ਆਪ ਨੂੰ ਮੁੱਲਾਂ ਤੇ ਸ਼ੇਖ਼ ਅਖਵਾਂਦੇ ਹਨ, ਕੋਈ ਰਾਜੇ ਬਣ ਜਾਂਦੇ ਹਨ ਤੇ ਕਈ ਸੁਆਦਾਂ ਦੇ ਭੋਜਨ ਵਰਤਦੇ ਹਨ, ਕੋਈ ਤਲਵਾਰ ਚਲਾਂਦੇ ਹਨ ਤੇ ਧੌਣ ਨਾਲੋਂ ਸਿਰ ਵੱਢੇ ਜਾਂਦੇ ਹਨ, ਕੋਈ ਪਰਦੇਸ ਜਾਂਦੇ ਹਨ (ਉਧਰ ਦੀਆਂ) ਗੱਲਾਂ ਸੁਣ ਕੇ (ਮੁੜ ਆਪਣੇ) ਘਰ ਆਉਂਦੇ ਹਨ। (ਹੇ ਪ੍ਰਭੂ! ਇਹ ਭੀ ਤੇਰੀ ਹੀ ਰਜ਼ਾ ਹੈ ਕਿ ਕਈ ਜੀਵ) ਤੇਰੇ ਨਾਮ ਵਿਚ ਜੁੜਦੇ ਹਨ, ਜੋ ਤੇਰੀ ਰਜ਼ਾ ਵਿਚ ਤੁਰਦੇ ਹਨ ਤੈਨੂੰ ਪਿਆਰੇ ਲੱਗਦੇ ਹਨ। ਨਾਨਕ ਇਕ ਅਰਜ਼ ਕਰਦਾ ਹੈ (ਕਿ ਰਜ਼ਾ ਵਿਚ ਤੁਰਨ ਤੋਂ ਬਿਨਾ) ਹੋਰ ਸਾਰੇ (ਜਿਨ੍ਹਾਂ ਦਾ ਉਪਰ ਜ਼ਿਕਰ ਕੀਤਾ ਹੈ) ਕੂੜ ਕਮਾ ਰਹੇ ਹਨ (ਭਾਵ, ਉਹ ਸਉਦਾ ਕਰਦੇ ਹਨ ਜੋ ਵਿਅਰਥ ਜਾਂਦਾ ਹੈ)।1।

ਮਃ ੧ ॥ ਜਾ ਤੂੰ ਵਡਾ ਸਭਿ ਵਡਿਆਂਈਆ ਚੰਗੈ ਚੰਗਾ ਹੋਈ ॥ ਜਾ ਤੂੰ ਸਚਾ ਤਾ ਸਭੁ ਕੋ ਸਚਾ ਕੂੜਾ ਕੋਇ ਨ ਕੋਈ ॥ ਆਖਣੁ ਵੇਖਣੁ ਬੋਲਣੁ ਚਲਣੁ ਜੀਵਣੁ ਮਰਣਾ ਧਾਤੁ ॥ ਹੁਕਮੁ ਸਾਜਿ ਹੁਕਮੈ ਵਿਚਿ ਰਖੈ ਨਾਨਕ ਸਚਾ ਆਪਿ ॥੨॥ {ਪੰਨਾ 145}

ਪਦਅਰਥ:- ਧਾਤੁ—ਮਾਇਆ। ਜਾ—ਜਦੋਂ।

ਅਰਥ:- ਜਦੋਂ (ਇਹ ਗੱਲ ਠੀਕ ਹੈ ਕਿ) ਤੂੰ ਵੱਡਾ (ਪ੍ਰਭੂ ਜਗਤ ਦਾ ਕਰਤਾਰ ਹੈਂ ਤਾਂ ਜਗਤ ਵਿਚ ਜੋ ਕੁਝ ਹੋ ਰਿਹਾ ਹੈ) ਸਭ ਤੇਰੀਆਂ ਹੀ ਵਡਿਆਈਆਂ ਹਨ (ਕਿਉਂਕਿ) ਚੰਗੇ ਤੋਂ ਚੰਗਿਆਈ ਹੀ ਉਤਪੰਨ ਹੁੰਦੀ ਹੈ। (ਜਦੋਂ ਇਹ ਯਕੀਨ ਬੱਝ ਜਾਏ ਕਿ) ਤੂੰ ਸੱਚਾ ਪ੍ਰਭੂ ਸਿਰਜਣਹਾਰ ਹੈਂ (ਤਾਂ) ਹਰੇਕ ਜੀਵ ਸੱਚਾ (ਦਿੱਸਦਾ ਹੈ ਕਿਉਂਕਿ ਹਰੇਕ ਜੀਵ ਵਿਚ ਤੂੰ ਆਪ ਮੌਜੂਦ ਹੈਂ ਤਾਂ ਫਿਰ ਇਸ ਜਗਤ ਵਿਚ) ਕੋਈ ਕੂੜਾ ਨਹੀਂ ਹੋ ਸਕਦਾ।

(ਜੋ ਕੁਝ ਬਾਹਰ ਵਿਖਾਵੇ ਮਾਤ੍ਰ ਦਿੱਸ ਰਿਹਾ ਹੈ ਇਹ) ਆਖਣਾ-ਵੇਖਣਾ, ਇਹ ਬੋਲ-ਚਾਲ, ਇਹ ਜੀਉਂਣਾ ਤੇ ਮਰਨਾ (ਇਹ ਸਭ ਕੁਝ) ਮਾਇਆ-ਰੂਪ ਹੈ (ਅਸਲੀਅਤ ਨਹੀਂ ਹੈ, ਅਸਲੀਅਤ ਪ੍ਰਭੂ ਆਪ ਹੀ ਹੈ)। ਹੇ ਨਾਨਕ! ਉਹ ਸਦਾ ਕਾਇਮ ਰਹਿਣ ਵਾਲਾ ਪ੍ਰਭੂ ਆਪ (ਆਪਣੀ) ਹੁਕਮ (-ਰੂਪ ਸੱਤਿਆ) ਰਚ ਕੇ ਸਭ ਜੀਵਾਂ ਨੂੰ ਉਸ ਹੁਕਮ ਵਿਚ ਤੋਰ ਰਿਹਾ ਹੈ।2।

ਪਉੜੀ ॥ ਸਤਿਗੁਰੁ ਸੇਵਿ ਨਿਸੰਗੁ ਭਰਮੁ ਚੁਕਾਈਐ ॥ ਸਤਿਗੁਰੁ ਆਖੈ ਕਾਰ ਸੁ ਕਾਰ ਕਮਾਈਐ ॥ ਸਤਿਗੁਰੁ ਹੋਇ ਦਇਆਲੁ ਤ ਨਾਮੁ ਧਿਆਈਐ ॥ ਲਾਹਾ ਭਗਤਿ ਸੁ ਸਾਰੁ ਗੁਰਮੁਖਿ ਪਾਈਐ ॥ ਮਨਮੁਖਿ ਕੂੜੁ ਗੁਬਾਰੁ ਕੂੜੁ ਕਮਾਈਐ ॥ ਸਚੇ ਦੈ ਦਰਿ ਜਾਇ ਸਚੁ ਚਵਾਂਈਐ ॥ ਸਚੈ ਅੰਦਰਿ ਮਹਲਿ ਸਚਿ ਬੁਲਾਈਐ ॥ ਨਾਨਕ ਸਚੁ ਸਦਾ ਸਚਿਆਰੁ ਸਚਿ ਸਮਾਈਐ ॥੫॥ {ਪੰਨਾ 145}

ਪਦਅਰਥ:- ਨਿਸੰਗੁ—ਝਾਕਾ ਉਤਾਰ ਕੇ, ਸੱਚੇ ਦਿਲੋਂ। ਸਾਰੁ—ਸ੍ਰੇਸ਼ਟ। ਲਾਹਾ—ਲਾਭ, ਨਫ਼ਾ। ਚਵਾਂਈਐ—ਬੋਲੀਐ। ਸਚਿ—ਸਚੇ ਦੀ ਰਾਹੀਂ। ਸਚਿਆਰੁ—ਸੱਚ ਦਾ ਵਪਾਰੀ।

ਅਰਥ:- ਜੇ ਸੱਚੇ ਦਿਲੋਂ ਗੁਰੂ ਦਾ ਹੁਕਮ ਮੰਨੀਏ, ਤਾਂ ਭਟਕਣਾ ਦੂਰ ਹੋ ਜਾਂਦੀ ਹੈ। ਉਹੀ ਕੰਮ ਕਰਨਾ ਚਾਹੀਦਾ ਹੈ, ਜੋ ਗੁਰੂ ਕਰਨ ਲਈ ਆਖੇ। ਜੇ ਸਤਿਗੁਰੂ ਮਿਹਰ ਕਰੇ, ਤਾਂ ਪ੍ਰਭੂ ਦਾ ਨਾਮ ਸਿਮਰਿਆ ਜਾ ਸਕਦਾ ਹੈ। ਗੁਰੂ ਦੇ ਸਨਮੁਖ

ਹੋਇਆਂ ਪ੍ਰਭੂ ਦੀ ਬੰਦਗੀ-ਰੂਪ ਸਭ ਤੋਂ ਚੰਗਾ ਲਾਭ ਮਿਲਦਾ ਹੈ। ਪਰ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਨਿਰਾ ਕੂੜ ਨਿਰਾ ਹਨੇਰਾ ਹੀ ਖੱਟਦਾ ਹੈ।

ਜੇ ਸੱਚੇ ਪ੍ਰਭੂ ਦੇ ਚਰਨਾਂ ਵਿਚ ਜੁੜ ਕੇ ਸੱਚੇ ਦਾ ਨਾਮ ਜਪੀਏ, ਤਾਂ ਇਸ ਸੱਚੇ ਨਾਮ ਦੀ ਰਾਹੀਂ ਸੱਚੇ ਪ੍ਰਭੂ ਦੀ ਹਜ਼ੂਰੀ ਵਿਚ ਥਾਂ ਮਿਲਦਾ ਹੈ। ਹੇ ਨਾਨਕ! (ਜਿਸ ਦੇ ਪੱਲੇ) ਸਦਾ ਸੱਚ ਹੈ ਉਹ ਸੱਚ ਦਾ ਵਪਾਰੀ ਹੈ ਉਹ ਸੱਚ ਵਿਚ ਲੀਨ ਰਹਿੰਦਾ ਹੈ।15।

ਸਲੋਕੁ ਮਃ ੧ ॥ ਕਲਿ ਕਾਤੀ ਰਾਜੇ ਕਾਸਾਈ ਧਰਮੁ ਪੰਖ ਕਰਿ ਉਡਰਿਆ ॥ ਕੂੜੁ ਅ ਮਾਵਸ ਸਚੁ ਚੰਦ੍ਰਮਾ ਦੀਸੈ ਨਾਹੀ ਕਹ ਚੜਿਆ ॥ ਹਉ ਭਾਲਿ ਵਿਕੁੰਨੀ ਹੋਈ ॥ ਆਧੇਰੈ ਰਾਹੁ ਨ ਕੋਈ ॥ ਵਿਚਿ ਹਉਮੈ ਕਰਿ ਦੁਖੁ ਰੋਈ ॥ ਕਹੁ ਨਾਨਕ ਕਿਨਿ ਬਿਧਿ ਗਤਿ ਹੋਈ ॥੧॥ {ਪੰਨਾ 145}

ਪਦਅਰਥ:- ਕਲਿ—ਕਲਜੁਗੀ ਸੁਭਾਉ। ਕਾਤੀ—ਛੁਰੀ। ਕਾਸਾਈ—ਕਸਾਈ, ਕੁਹਣ ਵਾਲੇ, ਜ਼ਾਲਮ। ਪੰਖ—ਖੰਭ। ਅਮਾਵਸ—ਹਨੇਰੀ ਰਾਤ। ਕਹ—ਕਿਥੇ? ਹਉ—ਮੈ। ਵਿਕੁੰਨੀ—ਵਿਆਕੁਲ। ਦੁਖੁ ਰੋਈ—ਦੁੱਖ ਰੋ ਰਹੀ ਹੈ। ਕਿਨਿ ਬਿਧਿ—ਕਿਸ ਤਰ੍ਹਾਂ? ਗਤਿ—ਮੁਕਤਿ, ਖ਼ਲਾਸੀ।

ਅਰਥ:- ਇਹ ਘੋਰ ਕਲ-ਜੁਗੀ ਸੁਭਾਉ (ਮਾਨੋਂ) ਛੁਰੀ ਹੈ (ਜਿਸ ਦੇ ਕਾਰਨ) ਰਾਜੇ ਜ਼ਾਲਮ ਹੋ ਰਹੇ ਹਨ, (ਇਸ ਵਾਸਤੇ) ਧਰਮ ਖੰਭ ਲਾ ਕੇ ਉੱਡ ਗਿਆ ਹੈ। ਕੂੜ (ਮਾਨੋ) ਮੱਸਿਆ ਦੀ ਰਾਤ ਹੈ, (ਇਸ ਵਿਚ) ਸੱਚ-ਰੂਪ ਚੰਦ੍ਰਮਾ ਕਿਤੇ ਚੜ੍ਹਿਆ ਦਿੱਸਦਾ ਨਹੀਂ ਹੈ। ਮੈਂ ਇਸ ਚੰਦ੍ਰਮਾ ਨੂੰ ਲੱਭ ਲੱਭ ਕੇ ਵਿਆਕੁਲ ਹੋ ਗਈ ਹਾਂ, ਹਨੇਰੇ ਵਿਚ ਕੋਈ ਰਾਹ ਦਿੱਸਦਾ ਨਹੀਂ।

(ਇਸ ਹਨੇਰੇ) ਵਿਚ (ਸ੍ਰਿਸ਼ਟੀ) ਹਉਮੈ ਦੇ ਕਾਰਨ ਦੁਖੀ ਹੋ ਰਹੀ ਹੈ, ਹੇ ਨਾਨਕ! ਕਿਵੇਂ ਇਸ ਤੋਂ ਖਲਾਸੀ ਹੋਵੇ?।1।

ਮਃ ੩ ॥ ਕਲਿ ਕੀਰਤਿ ਪਰਗਟੁ ਚਾਨਣੁ ਸੰਸਾਰਿ ॥ ਗੁਰਮੁਖਿ ਕੋਈ ਉਤਰੈ ਪਾਰਿ ॥ ਜਿਸ ਨੋ ਨਦਰਿ ਕਰੇ ਤਿਸੁ ਦੇਵੈ ॥ ਨਾਨਕ ਗੁਰਮੁਖਿ ਰਤਨੁ ਸੋ ਲੇਵੈ ॥੨॥ {ਪੰਨਾ 145}

ਪਦਅਰਥ:- ਸੰਸਾਰਿ—ਸੰਸਾਰ ਵਿਚ। ਗੁਰਮੁਖਿ—ਜੋ ਮਨੁੱਖ ਗੁਰੂ ਦੇ ਸਨਮੁਖ ਹੈ।

ਅਰਥ:- ਇਸ ਕਲਜੁਗੀ ਸੁਭਾਵ (-ਰੂਪ ਹਨੇਰੇ ਨੂੰ ਦੂਰ ਕਰਨ) ਲਈ (ਪ੍ਰਭੂ ਦੀ) ਸਿਫ਼ਤਿ-ਸਾਲਾਹ (ਸਮਰੱਥ) ਹੈ, (ਇਹ ਸਿਫ਼ਤਿ-ਸਾਲਾਹ) ਜਗਤ ਵਿਚ ਉੱਘਾ ਚਾਨਣ ਹੈ, (ਪਰ) ਕੋਈ (ਵਿਰਲਾ) ਜੋ ਗੁਰੂ ਦੇ ਸਨਮੁਖ ਹੁੰਦਾ ਹੈ (ਇਸ ਚਾਨਣ ਦਾ ਆਸਰਾ ਲੈ ਕੇ ਇਸ ਹਨੇਰੇ ਵਿਚੋਂ) ਪਾਰ ਲੰਘਦਾ ਹੈ।

ਹੇ ਨਾਨਕ! ਪ੍ਰਭੂ ਜਿਸ ਉਤੇ ਮਿਹਰ ਦੀ ਨਜ਼ਰ ਕਰਦਾ ਹੈ, ਉਸ ਨੂੰ (ਇਹ ਕੀਰਤਿ-ਰੂਪ ਚਾਨਣ) ਦੇਂਦਾ ਹੈ, ਉਹ ਮਨੁੱਖ ਗੁਰੂ ਦੇ ਸਨਮੁਖ ਹੋ ਕੇ (ਨਾਮ-ਰੂਪ) ਰਤਨ ਲੱਭ ਲੈਂਦਾ ਹੈ।2।

ਨੋਟ:- ਪਹਿਲਾ ਸਲੋਕ ਗੁਰੂ ਨਾਨਕ ਦੇਵ ਜੀ ਦਾ ਹੈ, ਜਿਸ ਵਿਚ ਉਹਨਾਂ ਸਿਰਫ਼ ਪੁੱਛ ਕਰ ਦਿੱਤੀ ਹੈ ਕਿ ਇਸ ਕਲਜੁਗੀ ਸੁਭਾਵ ਵਿਚੋਂ ਜੀਵ ਦੀ ਖਲਾਸੀ ਕਿਵੇਂ ਹੋਵੇ। ਇਸ ਦੂਜੇ ਸਲੋਕ ਵਿਚ ਗੁਰੂ ਅਮਰਦਾਸ ਜੀ ਨੇ ਉੱਤਰ ਦਿੱਤਾ ਹੈ, ਕਿ ਪ੍ਰਭੂ ਦੀ ਸਿਫ਼ਤਿ-ਸਾਲਾਹ ਇਸ ਤੋਂ ਬਚਾਉਂਦੀ ਹੈ। ਸੋ ਇਹ ਸਲੋਕ ਉਚਾਰਨ ਵਾਲੇ ਗੁਰੂ ਅਮਰਦਾਸ ਜੀ ਦੇ ਪਾਸ ਗੁਰੂ ਨਾਨਕ ਸਾਹਿਬ ਦਾ ਉਪਰਲਾ ਸ਼ਲੋਕ ਮੌਜੂਦ ਸੀ। ਇਹ ਗੱਲ ਅਣਹੋਣੀ ਜਿਹੀ ਹੈ, ਕਿ ਇਕੱਲਾ ਇਹੀ ਸਲੋਕ ਗੁਰੂ ਅਮਰਦਾਸ ਜੀ ਨੂੰ ਕਿਤੋਂ ਸਬੱਬ ਨਾਲ ਮਿਲ ਗਿਆ ਹੋਵੇਗਾ। ਅਸਲ ਗੱਲ ਇਹ ਹੈ ਕਿ ਗੁਰੂ ਨਾਨਕ ਦੇਵ ਜੀ ਨੇ ਆਪਣੀ ਸਾਰੀ ਬਾਣੀ ਆਪਣੀ ਹੱਥੀਂ ਲਿਖੀ ਤੇ ਸਾਂਭੀ ਹੋਈ ਗੁਰੂ ਅੰਗਦ ਸਾਹਿਬ ਨੂੰ ਦਿੱਤੀ, ਤੇ ਉਹਨਾਂ ਗੁਰੂ ਅਮਰਦਾਸ ਜੀ ਨੂੰ {ਵੇਖੋ, ਮੇਰੀ ਪੁਸਤਕ 'ਗੁਰਬਾਣੀ ਅਤੇ ਇਤਿਹਾਸ ਬਾਰੇ'}

ਪਉੜੀ ॥ ਭਗਤਾ ਤੈ ਸੈਸਾਰੀਆ ਜੋੜੁ ਕਦੇ ਨ ਆਇਆ ॥ ਕਰਤਾ ਆਪਿ ਅਭੁਲੁ ਹੈ ਨ ਭੁਲੈ ਕਿਸੈ ਦਾ ਭੁਲਾਇਆ ॥ ਭਗਤ ਆਪੇ ਮੇਲਿਅਨੁ ਜਿਨੀ ਸਚੋ ਸਚੁ ਕਮਾਇਆ ॥ ਸੈਸਾਰੀ ਆਪਿ ਖੁਆਇਅਨੁ ਜਿਨੀ ਕੂੜੁ ਬੋਲਿ ਬੋਲਿ ਬਿਖੁ ਖਾਇਆ ॥ ਚਲਣ ਸਾਰ ਨ ਜਾਣਨੀ ਕਾਮੁ ਕਰੋਧੁ ਵਿਸੁ ਵਧਾਇਆ ॥ ਭਗਤ ਕਰਨਿ ਹਰਿ ਚਾਕਰੀ ਜਿਨੀ ਅਨਦਿਨੁ ਨਾਮੁ ਧਿਆਇਆ ॥ ਦਾਸਨਿ ਦਾਸ ਹੋਇ ਕੈ ਜਿਨੀ ਵਿਚਹੁ ਆਪੁ ਗਵਾਇਆ ॥ ਓਨਾ ਖਸਮੈ ਕੈ ਦਰਿ ਮੁਖ ਉਜਲੇ ਸਚੈ ਸਬਦਿ ਸੁਹਾਇਆ ॥੧੬॥ {ਪੰਨਾ 145}

ਪਦਅਰਥ:- ਮੇਲਿਅਨੁ—ਮੇਲੇ ਹਨ ਉਸ (ਪ੍ਰਭੂ) ਨੇ। ਖੁਆਇਅਨੁ—ਖੁੰਝਾਏ ਹਨ ਉਸ ਨੇ। ਬਿਖੁ—ਵਿਹੁ। ਸਾਰ—ਸਮਝ। ਵਿਸੁ—ਵਿਹੁ। ਅਨਦਿਨੁ—ਹਰ ਰੋਜ਼, ਹਰ ਵੇਲੇ। ਦਾਸਨਿਦਾਸ—ਦਾਸਾਂ ਦੇ ਦਾਸ। ਸੁਹਾਇਆ—ਸੋਹਣੇ ਲੱਗਦੇ ਹਨ।

ਅਰਥ:- (ਜਗਤ ਵਿਚ ਇਹ ਨਿੱਤ ਵੇਖ ਰਹੇ ਹਾਂ ਕਿ) ਭਗਤਾਂ ਤੇ ਦੁਨੀਆਦਾਰਾਂ ਦਾ ਕਦੇ ਜੋੜ ਨਹੀਂ ਬਣਦਾ (ਪਰ, ਜਗਤ-ਰਚਨਾ ਵਿਚ ਪ੍ਰਭੂ ਵਲੋਂ ਇਹ ਕੋਈ ਉਕਾਈ ਨਹੀਂ ਹੈ)। ਕਰਤਾਰ ਆਪ ਤਾਂ ਉਕਾਈ ਖਾਣ ਵਾਲਾ ਨਹੀਂ ਹੈ, ਤੇ ਕਿਸੇ ਦਾ ਖੁੰਝਾਇਆ (ਭੀ) ਖੁੰਝਦਾ ਨਹੀਂ (ਇਹ ਉਸ ਦੀ ਆਪਣੀ ਰਜ਼ਾ ਹੈ ਕਿ) ਉਸ ਨੇ ਆਪ ਹੀ ਭਗਤ (ਆਪਣੇ ਚਰਨਾਂ ਵਿਚ) ਜੋੜੇ ਹੋਏ ਹਨ, ਉਹ ਨਿਰੋਲ ਬੰਦਗੀ-ਰੂਪ ਕਾਰ ਕਰਦੇ ਹਨ, ਦੁਨੀਆਦਾਰ ਭੀ ਉਸ ਨੇ ਆਪ ਹੀ ਖੁੰਝਾਏ ਹਨ, ਉਹ ਝੂਠ ਬੋਲ ਬੋਲ ਕੇ (ਆਤਮਕ ਮੌਤ ਦਾ ਮੂਲ) ਵਿਹੁ ਖਾ ਰਹੇ ਹਨ। ਉਹਨਾਂ ਨੂੰ ਇਹ ਸਮਝ ਹੀ ਨਹੀਂ ਆਈ, ਕਿ ਇਥੋਂ ਤੁਰ ਭੀ ਜਾਣਾ ਹੈ। ਸੋ, ਉਹ ਕਾਮ ਕਰੋਧ-ਰੂਪ ਜ਼ਹਿਰ (ਜ਼ਗਤ ਵਿਚ) ਵਧਾ ਰਹੇ ਹਨ। (ਉਸ ਦੀ ਆਪਣੀ ਰਜ਼ਾ ਵਿਚ) ਭਗਤ ਉਸ ਪ੍ਰਭੂ ਦੀ ਬੰਦਗੀ ਕਰ ਰਹੇ ਹਨ, ਉਹ ਹਰ ਵੇਲੇ ਨਾਮ ਸਿਮਰ ਰਹੇ ਹਨ।

ਜਿਨ੍ਹਾਂ ਮਨੁੱਖਾਂ ਨੇ ਪ੍ਰਭੂ ਦੇ ਸੇਵਕਾਂ ਦਾ ਸੇਵਕ ਬਣ ਕੇ ਆਪਣੇ ਅੰਦਰੋਂ ਹਉਮੈ ਦੂਰ ਕੀਤੀ ਹੈ, ਪ੍ਰਭੂ ਦੇ ਦਰ ਤੇ ਉਹਨਾਂ ਦੇ ਮੂੰਹ ਉਜਲੇ ਹੁੰਦੇ ਹਨ, ਸੱਚੇ ਸ਼ਬਦ ਦੇ ਕਾਰਨ ਉਹ ਪ੍ਰਭੂ-ਦਰ ਤੇ ਸੋਭਾ ਪਾਂਦੇ ਹਨ।16।

ਸਲੋਕੁ ਮਃ ੧ ॥ ਸਬਾਹੀ ਸਾਲਾਹ ਜਿਨੀ ਧਿਆਇਆ ਇਕ ਮਨਿ ॥ ਸੇਈ ਪੂਰੇ ਸਾਹ ਵਖਤੈ ਉਪਰਿ ਲੜਿ ਮੁਏ ॥ ਦੂਜੈ ਬਹੁਤੇ ਰਾਹ ਮਨ ਕੀਆ ਮਤੀ ਖਿੰਡੀਆ ॥ ਬਹੁਤੁ ਪਏ ਅਸਗਾਹ ਗੋਤੇ ਖਾਹਿ ਨ ਨਿਕਲਹਿ ॥ ਤੀਜੈ ਮੁਹੀ ਗਿਰਾਹ ਭੁਖ ਤਿਖਾ ਦੁਇ ਭਉਕੀਆ ॥ ਖਾਧਾ ਹੋਇ ਸੁਆਹ ਭੀ ਖਾਣੇ ਸਿਉ ਦੋਸਤੀ ॥ ਚਉਥੈ ਆਈ ਊਂਘ ਅਖੀ ਮੀਟਿ ਪਵਾਰਿ ਗਇਆ ॥ ਭੀ ਉਠਿ ਰਚਿਓਨੁ ਵਾਦੁ ਸੈ ਵਰ੍ਹਿਆ ਕੀ ਪਿੜ ਬਧੀ ॥ ਸਭੇ ਵੇਲਾ ਵਖਤ ਸਭਿ ਜੇ ਅਠੀ ਭਉ ਹੋਇ ॥ ਨਾਨਕ ਸਾਹਿਬੁ ਮਨਿ ਵਸੈ ਸਚਾ ਨਾਵਣੁ ਹੋਇ ॥੧॥ {ਪੰਨਾ 145-146}

ਪਦਅਰਥ:- ਸਬਾਹੀ—ਸੁਬਹ ਵੇਲੇ, ਅੰਮ੍ਰਿਤ ਵੇਲੇ। ਇਕਿ ਮਨਿ—ਇਕ-ਮਨ ਹੋ ਕੇ। ਵਖਤੈ ਉਪਰਿ-ਵੇਲੇ ਸਿਰ। ਦੂਜੈ—ਦੂਜੇ ਪਹਰ (ਭਾਵ, ਦਿਨ ਚੜ੍ਹੇ)। ਅਸਗਾਹ—ਜਗਤ ਦੇ ਝੰਬੇਲੇ (-ਰੂਪ) ਅਥਾਹ ਸਮੁੰਦਰ। ਤੀਜੈ—ਤੀਜੇ ਪਹਿਰ। ਮੁਹਿ-ਮੂੰਹ ਵਿਚ। ਗਿਰਾਹ—ਗਾਹੀਆਂ, ਰੋਟੀ। ਭਉਕੀਆ—ਚਮਕੀਆਂ। ਊਂਘ—ਨੀਂਦਰ। ਪਵਾਰਿ—ਪਰਲੋਕ ਵਿਚ, (ਭਾਵ,) ਡੂੰਘੀ ਨੀਂਦਰ ਵਿਚ। {ਇਹ ਆਮ ਪ੍ਰਚਲਤ ਹੈ ਕਿ ਕਈ ਵਾਰੀ ਕਿਸੇ ਬੰਦੇ ਦੇ ਪ੍ਰਾਣ ਜਮ ਭੁਲੇਖੇ ਨਾਲ ਲੈ ਜਾਂਦੇ ਹਨ ਤੇ ਫਿਰ ਮੋੜ ਜਾਂਦੇ ਹਨ। ਇਤਨਾਂ ਸਮਾਂ ਉਸ ਬੰਦੇ ਨੂੰ 'ਪਵਾਰਿ ਗਿਆ' ਆਖੀਦਾ ਹੈ}। ਵਾਦੁ—ਝਗੜਾ। ਪਿੜ—ਅਖਾੜਾ।

ਅਰਥ:- ਜੋ ਮਨੁੱਖ ਸਵੇਰੇ ਹੀ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦੇ ਹਨ, ਇਕ-ਮਨ ਹੋ ਕੇ ਪ੍ਰਭੂ ਨੂੰ ਸਿਮਰਦੇ ਹਨ, ਵੇਲੇ-ਸਿਰ (ਭਾਵ, ਅੰਮ੍ਰਿਤ ਵੇਲੇ) ਮਨ ਨਾਲ ਜੰਗ ਕਰਦੇ ਹਨ (ਭਾਵ, ਆਲਸ ਵਿਚੋਂ ਨਿਕਲ ਕੇ ਬੰਦਗੀ ਦਾ ਆਹਰ ਕਰਦੇ ਹਨ), ਉਹੀ ਪੂਰੇ ਸ਼ਾਹ ਹਨ।

ਦਿਨ-ਚੜ੍ਹੇ ਮਨ ਦੀਆਂ ਵਾਸਨਾਂ ਖਿੱਲਰ ਜਾਂਦੀਆਂ ਹਨ, ਮਨ ਕਈ ਰਾਹੀਂ ਦੌੜਦਾ ਹੈ; ਮਨੁੱਖ ਦੁਨੀਆ ਦੇ ਧੰਧਿਆਂ ਦੇ ਡੂੰਘੇ ਸਮੁੰਦਰ ਵਿਚ ਪੈ ਜਾਂਦੇ ਹਨ, ਇਥੇ ਹੀ ਅਜੇਹੇ ਗੋਤੇ ਖਾਂਦੇ ਹਨ (ਭਾਵ, ਫਸਦੇ ਹਨ) ਕਿ ਨਿਕਲ ਨਹੀਂ ਸਕਦੇ।

ਤੀਜੇ ਪਹਰ ਭੁੱਖ ਤੇ ਤ੍ਰਿਹ ਦੋਵੇਂ ਚਮਕ ਪੈਂਦੀਆਂ ਹਨ, ਰੋਟੀ ਖਾਣ ਦੇ ਆਹਰੇ (ਜੀਵ) ਲੱਗ ਜਾਂਦੇ ਹਨ, (ਜਦੋਂ) ਜੋ ਕੁੱਝ ਖਾਧਾ ਹੁੰਦਾ ਹੈ ਭਸਮ ਹੋ ਜਾਂਦਾ ਹੈ, ਤਾਂ ਹੋਰ ਖਾਣ ਦੀ ਤਾਂਘ ਪੈਦਾ ਹੁੰਦੀ ਹੈ।

ਚਉਥੇ ਪਹਰ ਨੀਂਦ ਆ ਦਬਾਂਦੀ ਹੈ, ਅੱਖਾਂ ਮੀਟ ਕੇ ਘੂਕ ਨੀਂਦਰ ਵਿਚ ਸਉਂ ਜਾਂਦਾ ਹੈ; ਨੀਂਦਰੋਂ ਉਠ ਕੇ ਮੁੜ ਜਗਤ ਦੇ ਧੰਧਿਆਂ ਦਾ ਉਹੀ ਝਮੇਲਾ, ਮਾਨੋ, ਮਨੁੱਖ ਨੇ (ਇਥੇ) ਸੈਂਕੜੇ ਵਰ੍ਹਿਆਂ ਦੇ ਜੀਊਣ ਦਾ ਘੋਲ ਮਚਾਇਆ ਹੋਇਆ ਹੈ।

(ਸੋ, ਅੰਮ੍ਰਿਤ ਵੇਲਾ ਹੀ ਸਿਮਰਨ ਲਈ ਜ਼ਰੂਰੀ ਹੈ, ਪਰ) ਜਦੋਂ (ਅੰਮ੍ਰਿਤ ਵੇਲੇ ਦੇ ਅੱਭਿਆਸ ਨਾਲ) ਅੱਠੇ ਪਹਰ ਪਰਮਾਤਮਾ ਦਾ ਡਰ-ਅਦਬ (ਮਨ ਵਿਚ) ਟਿਕ ਜਾਏ ਤਾਂ ਸਾਰੇ ਵੇਲੇ ਵਕਤਾਂ ਵਿਚ (ਮਨ ਪ੍ਰਭੂ-ਚਰਨਾਂ ਵਿਚ ਜੁੜ ਸਕਦਾ ਹੈ)। (ਇਸ ਤਰ੍ਹਾਂ) ਹੇ ਨਾਨਕ! (ਜੇ ਅੱਠੇ ਪਹਰ) ਮਾਲਕ ਮਨ ਵਿਚ ਵੱਸਿਆ ਰਹੇ, ਤਾਂ ਸਦਾ ਟਿਕੇ ਰਹਿਣ ਵਾਲਾ (ਆਤਮਕ) ਇਸ਼ਨਾਨ ਪ੍ਰਾਪਤ ਹੁੰਦਾ ਹੈ।1।

ਮਃ ੨ ॥ ਸੇਈ ਪੂਰੇ ਸਾਹ ਜਿਨੀ ਪੂਰਾ ਪਾਇਆ ॥ ਅਠੀ ਵੇਪਰਵਾਹ ਰਹਨਿ ਇਕਤੈ ਰੰਗਿ ॥ ਦਰਸਨਿ ਰੂਪਿ ਅਥਾਹ ਵਿਰਲੇ ਪਾਈਅਹਿ ॥ ਕਰਮਿ ਪੂਰੈ ਪੂਰਾ ਗੁਰੂ ਪੂਰਾ ਜਾ ਕਾ ਬੋਲੁ ॥ ਨਾਨਕ ਪੂਰਾ ਜੇ ਕਰੇ ਘਟੈ ਨਾਹੀ ਤੋਲੁ ॥੨॥ {ਪੰਨਾ 146}

ਪਦਅਰਥ:- ਅਠੀ—ਅੱਠੇ ਪਹਰ। ਪਾਈਅਹਿ—ਲੱਭਦੇ ਹਨ। ਅਥਾਹ ਦਰਸਨਿ ਰੂਪਿ—ਅੱਤ ਡੂੰਘੇ ਪ੍ਰਭੂ ਦੇ ਦਰਸਨ ਵਿਚ ਤੇ ਸਰੂਪ ਵਿਚ (ਜੁੜੇ ਹੋਏ)। ਕਰਮਿ—ਬਖ਼ਸ਼ਸ਼ ਨਾਲ।

ਅਰਥ:- ਜਿਨ੍ਹਾਂ ਮਨੁੱਖਾਂ ਨੂੰ ਪ੍ਰਭੂ ਮਿਲ ਪੈਂਦਾ ਹੈ ਉਹੀ ਪੂਰੇ ਸ਼ਾਹ ਹਨ, ਉਹ ਇੱਕ ਪਰਮਾਤਮਾ ਦੇ ਰੰਗ (ਪਿਆਰ) ਵਿਚ ਅੱਠੇ ਪਹਰ (ਦੁਨੀਆ ਵਲੋਂ) ਬੇ-ਪਰਵਾਹ ਰਹਿੰਦੇ ਹਨ (ਭਾਵ, ਕਿਸੇ ਦੇ ਮੁਥਾਜ ਨਹੀਂ ਹੁੰਦੇ)। (ਪਰ ਅਜੇਹੇ ਬੰਦੇ) ਬੜੇ ਘੱਟ ਮਿਲਦੇ ਹਨ, ਜੋ ਅਥਾਹ ਪ੍ਰਭੂ ਦੇ ਦੀਦਾਰ ਵਿਚ ਤੇ ਸਰੂਪ ਵਿਚ (ਹਰ ਵੇਲੇ ਜੁੜੇ ਰਹਿਣ)।

ਪੂਰੇ ਬੋਲ ਵਾਲਾ ਪੂਰਨ ਗੁਰੂ ਪੂਰੇ ਭਾਗਾਂ ਨਾਲ, ਹੇ ਨਾਨਕ! ਜਿਸ ਮਨੁੱਖ ਨੂੰ ਪੂਰਨ ਬਣਾ ਦੇਂਦਾ ਹੈ, ਉਸ ਦਾ ਤੋਲ ਘਟਦਾ ਨਹੀਂ, (ਭਾਵ, ਰੱਬ ਨਾਲ ਉਸ ਦਾ ਅੱਠੇ ਪਹਰ ਦਾ ਸੰਬੰਧ ਘਟਦਾ ਨਹੀਂ)।2।

ਨੋਟ:- ਇਸ ਸਲੋਕ ਦੇ ਲਫ਼ਜ਼ ਗਹੁ ਨਾਲ ਪਹਿਲੇ ਸਲੋਕ ਦੇ ਲਫ਼ਜ਼ਾਂ ਨਾਲ ਰਲਾ ਕੇ ਵੇਖੋ। ਸਾਫ਼ ਪਿਆ ਦਿੱਸਦਾ ਹੈ ਕਿ ਇਹ ਸਲੋਕ ਉਚਾਰਨ ਵੇਲੇ ਗੁਰੂ ਅੰਗਦ ਸਾਹਿਬ ਦੇ ਸਾਹਮਣੇ ਗੁਰੂ ਨਾਨਕ ਦੇਵ ਜੀ ਦਾ ਸ਼ਲੋਕ ਮੌਜੂਦ ਸੀ। ਤੇ ਇਹ ਇਕੱਲਾ ਸਲੋਕ ਕਿਉਂ ਹੋਵੇਗਾ? ਗੁਰੂ ਨਾਨਕ ਸਾਹਿਬ ਦੀ ਸਾਰੀ ਬਾਣੀ ਉਹਨਾਂ ਪਾਸ ਹੋਵੇਗੀ। ਸੋ, ਗੁਰੂ ਅਰਜਨ ਸਾਹਿਬ ਤੋਂ ਪਹਿਲਾਂ ਹੀ ਹਰੇਕ ਗੁਰੂ ਦੇ ਪਾਸ ਆਪਣੇ ਤੋਂ ਪਹਿਲੇ ਗੁਰ-ਵਿਅਕਤੀਆਂ ਦੀ ਸਾਰੀ ਬਾਣੀ ਗੁਰਿਆਈ ਦੇ ਵਿਰਸੇ ਵਿਚ ਚਲੀ ਆ ਰਹੀ ਸੀ। (ਵੇਖੋ, ਪੁਸਤਕ 'ਗੁਰਬਾਣੀ ਅਤੇ ਇਤਿਹਾਸ ਬਾਰੇ')।

ਪਉੜੀ ॥ ਜਾ ਤੂੰ ਤਾ ਕਿਆ ਹੋਰਿ ਮੈ ਸਚੁ ਸੁਣਾਈਐ ॥ ਮੁਠੀ ਧੰਧੈ ਚੋਰਿ ਮਹਲੁ ਨ ਪਾਈਐ ॥ ਏਨੈ ਚਿਤਿ ਕਠੋਰਿ ਸੇਵ ਗਵਾਈਐ ॥ ਜਿਤੁ ਘਟਿ ਸਚੁ ਨ ਪਾਇ ਸੁ ਭੰਨਿ ਘੜਾਈਐ ॥ ਕਿਉ ਕਰਿ ਪੂਰੈ

ਵਟਿ ਤੋਲਿ ਤੁਲਾਈਐ ॥ ਕੋਇ ਨ ਆਖੈ ਘਟਿ ਹਉਮੈ ਜਾਈਐ ॥ ਲਈਅਨਿ ਖਰੇ ਪਰਖਿ ਦਰਿ ਬੀਨਾਈਐ ॥ ਸਉਦਾ ਇਕਤੁ ਹਟਿ ਪੂਰੈ ਗੁਰਿ ਪਾਈਐ ॥੧੭॥ {ਪੰਨਾ 146}

ਪਦਅਰਥ:- ਕਿਆ ਹੋਰਿ—ਹੋਰ ਜੀਵ ਕੀਹ ਹਨ? ਮੈਨੂੰ ਕਿਸੇ ਦੀ ਮੁਥਾਜੀ ਨਹੀਂ। ਧੰਧੈ ਚੋਰਿ—ਧੰਧੇ-ਰੂਪ ਚੋਰ ਨੇ। ਏਨੇ—ਏਸ ਨੇ। ਚਿਤਿ ਕਠੋਰਿ—ਕਠੋਰ ਚਿੱਤ ਦੇ ਕਾਰਨ। ਜਿਤੁ ਘਟਿ—ਜਿਸ ਸਰੀਰ ਵਿਚ। ਭੰਨਿ ਘੜਾਈਐ—ਭੱਜਦਾ ਘੜੀਦਾ ਰਹਿੰਦਾ ਹੈ। ਪੂਰੈ ਵਟਿ—ਪੂਰੇ ਵੱਟੇ ਨਾਲ। ਤੁਲਾਈਐ—ਤੁਲ ਸਕੇ, ਪੂਰਾ ਉਤਰ ਸਕੇ। ਜਾਈਐ—ਜੇ ਚਲੀ ਜਾਏ। ਲਈਅਨਿ ਪਰਖਿ—ਪਰਖ ਲਏ ਜਾਂਦੇ ਹਨ। ਦਰਿ ਬੀਨਾਈਐ—ਬੀਨਾਈ ਵਾਲੇ ਦੇ ਦਰ ਤੇ, ਸਿਆਣੇ ਪ੍ਰਭੂ ਦੇ ਦਰ ਤੇ।

ਅਰਥ:- (ਹੇ ਪ੍ਰਭੂ!) ਮੈਂ ਸੱਚ ਕਹਿੰਦਾ ਹਾਂ ਕਿ ਜਦੋਂ ਤੂੰ (ਮੇਰਾ ਰਾਖਾ) ਹੈਂ ਤਾਂ ਮੈਨੂੰ ਕਿਸੇ ਹੋਰ ਦੀ ਮੁਥਾਜੀ ਨਹੀਂ। ਪਰ ਜਿਸ (ਜੀਵ-ਇਸਤ੍ਰੀ) ਨੂੰ ਜਗਤ ਦੇ ਧੰਧੇ-ਰੂਪ ਚੋਰ ਨੇ ਮੋਹ ਲਿਆ ਹੈ, ਉਸ ਨੂੰ ਤੇਰਾ ਦਰ (ਮਹਲ) ਲੱਭਦਾ ਨਹੀਂ, ਉਸ ਨੇ ਕਠੋਰ ਚਿੱਤ ਦੇ ਕਾਰਨ (ਆਪਣੀ ਸਾਰੀ) ਮਿਹਨਤ ਵਿਅਰਥ ਗਵਾ ਲਈ ਹੈ।

ਜਿਸ ਹਿਰਦੇ ਵਿਚ ਸੱਚ ਨਹੀਂ ਵੱਸਿਆ, ਉਹ ਹਿਰਦਾ ਸਦਾ ਭੱਜਦਾ ਘੜੀਂਦਾ ਰਹਿੰਦਾ ਹੈ (ਭਾਵ, ਉਸ ਦਾ ਜਨਮ ਮਰਨ ਦਾ ਚੱਕਰ ਬਣਿਆ ਰਹਿੰਦਾ ਹੈ), (ਜਦੋਂ) ਉਸ ਦੇ ਕੀਤੇ ਕਰਮਾਂ ਦਾ ਲੇਖਾ ਹੋਵੇ) ਪੂਰੇ ਵੱਟੇ ਨਾਲ ਤੋਲ ਵਿਚ ਕਿਵੇਂ ਪੂਰਾ ਉਤਰੇ? ਹਾਂ, ਜੇ ਜੀਵ ਦੀ ਹਉਮੈ ਦੂਰ ਹੋ ਜਾਏ, ਤਾਂ ਕੋਈ ਇਸ ਨੂੰ (ਤੋਲੋਂ) ਘੱਟ ਨਹੀਂ ਆਖਦਾ।

ਖਰੇ ਜੀਵ ਸਿਆਣੇ ਪ੍ਰਭੂ ਦੇ ਦਰ ਤੇ ਪਰਖ ਲਏ ਜਾਂਦੇ ਹਨ, (ਇਹ) ਸਉਦਾ (ਜਿਸ ਨਾਲ ਪ੍ਰਭੂ ਦੇ ਦਰ ਤੇ ਕਬੂਲ ਹੋ ਸਕੀਦਾ ਹੈ) ਇੱਕੋ ਹੀ ਹੱਟੀ ਤੋਂ ਪੂਰੇ ਗੁਰੂ ਤੋਂ ਹੀ ਮਿਲਦਾ ਹੈ।17।

ਸਲੋਕ ਮਃ ੨ ॥ ਅਠੀ ਪਹਰੀ ਅਠ ਖੰਡ ਨਾਵਾ ਖੰਡੁ ਸਰੀਰੁ ॥ ਤਿਸੁ ਵਿਚਿ ਨਉ ਨਿਧਿ ਨਾਮੁ ਏਕੁ ਭਾਲਹਿ ਗੁਣੀ ਗਹੀਰੁ ॥ ਕਰਮਵੰਤੀ ਸਾਲਾਹਿਆ ਨਾਨਕ ਕਰਿ ਗੁਰੁ ਪੀਰੁ ॥ ਚਉਥੈ ਪਹਰਿ ਸਬਾਹ ਕੈ ਸੁਰਤਿਆ ਉਪਜੈ ਚਾਉ ॥ ਤਿਨਾ ਦਰੀਆਵਾ ਸਿਉ ਦੋਸਤੀ ਮਨਿ ਮੁਖਿ ਸਚਾ ਨਾਉ ॥ ਓਥੈ ਅੰਮ੍ਰਿਤੁ ਵੰਡੀਐ ਕਰਮੀ ਹੋਇ ਪਸਾਉ ॥ ਕੰਚਨ ਕਾਇਆ ਕਸੀਐ ਵੰਨੀ ਚੜੈ ਚੜਾ ਉ ॥ ਜੇ ਹੋਵੈ ਨਦਰਿ ਸਰਾਫ ਕੀ ਬਹੁੜਿ ਨ ਪਾਈ ਤਾਉ ॥ ਸਤੀ ਪਹਰੀ ਸਤੁ ਭਲਾ ਬਹੀਐ ਪੜਿਆ ਪਾਸਿ ॥ ਓਥੈ ਪਾਪੁ ਪੁੰਨੁ ਬੀਚਾਰੀਐ ਕੂੜੈ ਘਟੈ ਰਾਸਿ ॥ ਓਥੈ ਖੋਟੇ ਸਟੀਅਹਿ ਖਰੇ ਕੀਚਹਿ ਸਾਬਾਸਿ ॥ ਬੋਲਣੁ ਫਾਦਲੁ ਨਾਨਕਾ ਦੁਖੁ ਸੁਖੁ ਖਸਮੈ ਪਾਸਿ ॥੧॥ {ਪੰਨਾ 146}

ਪਦਅਰਥ:- ਅਠੀ ਪਹਰੀ—ਦਿਨ ਦੇ ਅੱਠੇ ਪਹਰਾਂ ਵਿਚ। ਅਠ ਖੰਡ—ਧਰਤੀ ਦੇ ਅੱਠ ਹਿੱਸਿਆਂ ਦੇ ਪਦਾਰਥਾਂ ਵਿਚ (ਭਾਵ, ਜੇ ਧਰਤੀ ਨੂੰ 9 ਖੰਡਾਂ ਵਿਚ ਵੰਡਣ ਦੇ ਥਾਂ 1 ਖੰਡ ਮਨੁੱਖਾ-ਸਰੀਰ ਨੂੰ ਮੰਨ ਲਿਆ ਜਾਏ, ਤਾਂ ਬਾਕੀ 8 ਖੰਡ ਧਰਤੀ ਦੇ ਸਾਰੇ ਪਦਾਰਥਾਂ ਵਿਚ)। ਗੁਣੀ ਗਹੀਰੁ—ਗੁਣਾਂ ਕਰਕੇ ਗਹੀਰ ਪ੍ਰਭੂ ਨੂੰ, ਅਥਾਹ ਗੁਣਾਂ ਵਾਲੇ ਪ੍ਰਭੂ ਨੂੰ ਕਰਮਵੰਤੀ—ਭਾਗਾਂ ਵਾਲਿਆਂ ਨੇ। ਕਰਿ—ਕਰ ਕੇ, ਧਾਰ ਕੇ। ਸੁਰਤਿਆ—ਉੱਕੀ ਸੁਰਤਿ ਵਾਲਿਆਂ ਨੂੰ। ਮਨਿ—ਮਨ ਵਿਚ। ਦਰਿਆਵਾ ਸਿਉ—ਦਰਿਆਵਾਂ ਨਾਲ, ਉਹਨਾਂ ਗੁਰਮੁਖਾਂ ਨਾਲ ਜਿਨ੍ਹਾਂ ਦੇ ਅੰਦਰ ਨਾਮ ਦਾ ਪ੍ਰਵਾਹ ਚੱਲ ਰਿਹਾ ਹੈ। ਪਸਾਉ—ਬਖਸ਼ਸ਼। ਕੰਚਨ—ਸੋਨਾ। ਕਸੀਐ—ਕੱਸ ਲਾਈ ਜਾਂਦੀ ਹੈ। , ਪਰਖ ਕੀਤੀ ਜਾਂਦੀ ਹੈ, ਵੰਨੀ ਚੜਾਉ ਚੜੈ—ਸੋਹਣਾ ਰੰਗ ਚੜ੍ਹਦਾ ਹੈ। ਸਤੁ—ਉੱਚਾ ਆਚਰਨ। ਫਾਦਲੁ—ਫਜ਼ੂਲ।

{ਨੋਟ:- ਅਰਬੀ ਦੇ ਅੱਖਰ 'ਜ਼' ਦਾ ਉਚਾਰਨ 'ਦ' ਭੀ ਹੋ ਸਕਦਾ ਹੈ; ਜਿਵੇਂ 'ਮ਼ਗ਼ਜ਼ੂਬ' ਅਤੇ 'ਮ਼ਗ਼ਦੂਬ'। ਸਤਿਗੁਰੂ ਜੀ ਨੇ ਭੀ ਇਸ 'ਜ਼' ਨੂੰ ਕਈ ਥਾਈਂ 'ਦ' ਕਰ ਕੇ ਉਚਾਰਿਆ ਹੈ, ਜਿਵੇਂ 'ਕਾ਼ਗ਼ਜ਼' ਤੇ 'ਕਾ਼ਗ਼ਦ', 'ਕਾ਼ਜ਼ੀਆ' ਤੇ 'ਕਾ਼ਦੀਆਂ' ਤੇ ਇਸੇ ਤਰ੍ਹਾਂ 'ਫ਼ਜ਼ੂਲ' ਤੇ 'ਫ਼ਾਦਲ'}।

ਅਰਥ:- ਜੇ (ਧਰਤੀ ਦੇ 9 ਖੰਡਾਂ ਵਿਚੋਂ) ਨਾਵਾਂ ਖੰਡ ਮਨੁੱਖ-ਸਰੀਰ ਨੂੰ ਮੰਨ ਲਿਆ ਜਾਏ, ਤਾਂ ਅੱਠੇ ਪਹਰ (ਮਨੁੱਖ ਦੇ ਮਨ ਧਰਤੀ ਦੇ) ਸਾਰੇ ਅੱਠ ਖੰਡੀ ਪਦਾਰਥਾਂ ਵਿਚ ਲੱਗਾ ਰਹਿੰਦਾ ਹੈ। ਹੇ ਨਾਨਕ! (ਕੋਈ ਵਿਰਲੇ) ਭਾਗਾਂ ਵਾਲੇ ਬੰਦੇ ਗੁਰੂ ਪੀਰ ਧਾਰ ਕੇ ਇਸ (ਨਾਵੇਂ ਖੰਡ ਸਰੀਰ) ਵਿਚ ਨਉ ਨਿਧਿ ਨਾਮ ਲੱਭਦੇ ਹਨ, ਅਥਾਹ ਗੁਣਾਂ ਵਾਲੇ ਪ੍ਰਭੂ ਨੂੰ ਭਾਲਦੇ ਹਨ।

ਸਵੇਰ ਦੇ ਚਉਥੇ ਪਹਰ (ਭਾਵ, ਅੰਮ੍ਰਿਤ ਵੇਲੇ) ਉੱਚੀ ਸੁਰਤਿ ਵਾਲੇ ਬੰਦਿਆਂ ਦੇ ਮਨ ਵਿਚ (ਇਸ ਨਉਨਿਧਿ ਨਾਮ ਲਈ) ਚਾਉ ਪੈਦਾ ਹੁੰਦਾ ਹੈ, (ਉਸ ਵੇਲੇ) ਉਹਨਾਂ ਦੀ ਸਾਂਝ ਉਹਨਾਂ ਗੁਰਮੁਖਾਂ ਨਾਲ ਬਣਦੀ ਹੈ (ਜਿਨ੍ਹਾਂ ਦੇ ਅੰਦਰ ਨਾਮ ਦਾ ਪ੍ਰਵਾਹ ਚੱਲ ਰਿਹਾ ਹੈ) ਅਤੇ ਉਹਨਾਂ ਦੇ ਮਨ ਵਿਚ ਤੇ ਮੂੰਹ ਵਿਚ ਸੱਚਾ ਨਾਮ ਵੱਸਦਾ ਹੈ। ਓਥੇ (ਸਤ-ਸੰਗ ਵਿਚ) ਨਾਮ-ਅੰਮ੍ਰਿਤ ਵੰਡਿਆ ਜਾਂਦਾ ਹੈ, ਪ੍ਰਭੂ ਦੀ ਮਿਹਰ ਨਾਲ ਉਹਨਾਂ ਨੂੰ ਨਾਮ ਦੀ ਦਾਤਿ ਮਿਲਦੀ ਹੈ। (ਜਿਵੇਂ ਤਾਉ ਦੇ ਦੇ ਕੇ) ਸੋਨੇ (ਨੂੰ ਕੱਸ ਲਾਈਦੀ ਹੈ, ਤਿਵੇਂ ਅੰਮ੍ਰਿਤ ਵੇਲੇ ਦੀ ਘਾਲ-ਕਮਾਈ ਦੀ ਉਹਨਾਂ ਦੇ) ਸਰੀਰ ਨੂੰ ਕੱਸ ਲਾਈਦੀ ਤੇ (ਭਗਤੀ ਦਾ) ਸੋਹਣਾ ਰੰਗ ਚੜ੍ਹਦਾ ਹੈ। ਜਦੋਂ ਸਰਾਫ਼ (-ਪ੍ਰਭੂ) ਦੀ ਮਿਹਰ ਦੀ ਨਜ਼ਰ ਹੁੰਦੀ ਹੈ, ਤਾਂ ਫੇਰ ਤਪਾਣ (ਭਾਵ ਹੋਰ ਘਾਲਾਂ) ਦੀ ਲੋੜ ਨਹੀਂ ਰਹਿੰਦੀ।

(ਅਠਵਾਂ ਪਹਰ ਅੰਮ੍ਰਿਤ ਵੇਲਾ ਪ੍ਰਭੂ-ਚਰਨਾਂ ਵਿਚ ਵਰਤ ਕੇ ਬਾਕੀ ਦੇ) ਸੱਤ ਪਹਰ ਭੀ ਭਲਾ ਆਚਰਨ (ਬਨਾਣ ਦੀ ਲੋੜ ਹੈ) ਗੁਰਮੁਖਾਂ ਪਾਸ ਬੈਠਣਾ ਚਾਹੀਦਾ ਹੈ, ਉਹਨਾਂ ਦੀ ਸੰਗਤਿ ਵਿਚ (ਬੈਠਿਆਂ) ਚੰਗੇ ਮੰਦੇ ਕੰਮ ਦੀ ਵਿਚਾਰ ਹੁੰਦੀ ਹੈ, ਝੂਠ ਦੀ ਪੂੰਜੀ ਘਟਦੀ ਹੈ, ਕਿਉਂਕਿ ਉਸ ਸੰਗਤਿ ਵਿਚ ਖੋਟੇ ਕੰਮਾਂ ਨੂੰ ਸੁੱਟ ਦੇਈਦਾ ਹੈ ਤੇ ਖਰੇ ਕੰਮਾਂ ਦੀ ਸ਼ਲਾਘਾ ਕੀਤੀ ਜਾਂਦੀ ਹੈ। ਅਤੇ, ਹੇ ਨਾਨਕ! ਓਥੇ ਇਹ ਭੀ ਸਮਝ ਪੈ ਜਾਂਦੀ ਹੈ ਕਿ ਕਿਸੇ ਵਾਪਰੇ ਦੁੱਖ ਦਾ ਗਿਲਾ ਕਰਨਾ ਵਿਅਰਥ ਹੈ, ਦੁੱਖ ਸੁਖ ਉਹ ਖਸਮ ਪ੍ਰਭੂ ਆਪ ਹੀ ਦੇਂਦਾ ਹੈ।1।

ਮਃ ੨ ॥ ਪਉਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ ॥ ਦਿਨਸੁ ਰਾਤਿ ਦੁਇ ਦਾਈ ਦਾਇਆ ਖੇਲੈ ਸਗਲ ਜਗਤੁ ॥ ਚੰਗਿਆਈਆ ਬੁਰਿਆਈਆ ਵਾਚੇ ਧਰਮੁ ਹਦੂਰਿ ॥ ਕਰਮੀ ਆਪੋ ਆਪਣੀ ਕੇ ਨੇੜੈ ਕੇ ਦੂਰਿ ॥ ਜਿਨੀ ਨਾਮੁ ਧਿਆਇਆ ਗਏ ਮਸਕਤਿ ਘਾਲਿ ॥ ਨਾਨਕ ਤੇ ਮੁਖ ਉਜਲੇ ਹੋਰ ਕੇਤੀ ਛੁਟੀ ਨਾਲਿ ॥੨॥ {ਪੰਨਾ 146}

{ਨੋਟ:- ਇਹ ਸਲੋਕ 'ਜਪੁ ਜੀ' ਦੇ ਅਖ਼ੀਰ ਵਿਚ ਆ ਚੁਕਿਆ ਹੈ}।

ਪਦਅਰਥ:- ਹਦੂਰਿ—ਆਪਣੇ ਸਾਹਮਣੇ, (ਭਾਵ, ਬੜੇ ਗਹੁ ਨਾਲ)।

ਅਰਥ:- ਹਵਾ (ਜੀਵਾਂ ਦਾ, ਮਾਨੋ) ਗੁਰੂ ਹੈ (ਭਾਵ, ਹਵਾ ਸਰੀਰਾਂ ਲਈ ਇਉਂ ਹੈ, ਜਿਵੇਂ ਗੁਰੂ ਜੀਵਾਂ ਦੇ ਆਤਮਾ ਲਈ ਹੈ), ਪਾਣੀ (ਸਭ ਜੀਵਾਂ ਦਾ) ਪਿਉ ਹੈ, ਅਤੇ ਧਰਤੀ (ਸਭ ਦੀ) ਵੱਡੀ ਮਾਂ ਹੈ। ਦਿਨ ਅਤੇ ਰਾਤ ਖਿਡਾਵਾ ਤੇ ਖਿਡਾਵੀ ਹਨ, (ਇਹਨਾਂ ਨਾਲ) ਸਾਰਾ ਸੰਸਾਰ ਖੇਡ ਰਿਹਾ ਹੈ (ਭਾਵ, ਸੰਸਾਰ ਦੇ ਸਾਰੇ ਜੀਵ ਰਾਤ ਨੂੰ ਸਉਣ ਵਿਚ ਤੇ ਦਿਨੇ ਕਾਰ-ਵਿਹਾਰ ਵਿਚ ਪਰਚੇ ਪਏ ਹਨ)।

ਧਰਮਰਾਜ ਬੜੇ ਗਹੁ ਨਾਲ (ਇਹਨਾਂ ਦੇ) ਕੀਤੇ ਹੋਏ ਚੰਗੇ ਤੇ ਮੰਦੇ ਕੰਮ (ਨਿੱਤ) ਵਿਚਾਰਦਾ ਹੈ। ਤੇ, ਆਪੋ ਆਪਣੇ (ਇਹਨਾਂ ਕੀਤੇ ਹੋਏ) ਕਰਮਾਂ ਦੇ ਅਨੁਸਾਰ ਕਈ ਜੀਵ ਅਕਾਲ ਪੁਰਖ ਦੇ ਨੇੜੇ ਹੁੰਦੇ ਜਾ ਰਹੇ ਹਨ, ਤੇ ਕਈ ਉਸ ਤੋਂ ਦੂਰ ਹੁੰਦੇ ਜਾ ਰਹੇ ਹਨ।

ਹੇ ਨਾਨਕ! ਜਿਨ੍ਹਾਂ ਮਨੁੱਖਾਂ ਨੇ ਅਕਾਲ ਪੁਰਖ ਦਾ ਨਾਮ ਸਿਮਰਿਆ ਹੈ, ਉਹ ਆਪਣੀ ਮਿਹਨਤ ਸਫਲੀ ਕਰ ਗਏ ਹਨ, (ਪ੍ਰਭੂ ਦੇ ਦਰ ਤੇ) ਉਹ ਸੁਰਖ਼ਰੂ ਹਨ, ਹੋਰ ਬਥੇਰੀ ਲੁਕਾਈ ਭੀ ਉਹਨਾਂ ਦੀ ਸੰਗਤਿ ਵਿਚ ਰਹਿ ਕੇ ਮੁਕਤ ਹੋ ਜਾਂਦੀ ਹੈ।2।

ਪਉੜੀ ॥ ਸਚਾ ਭੋਜਨੁ ਭਾਉ ਸਤਿਗੁਰਿ ਦਸਿਆ ॥ ਸਚੇ ਹੀ ਪਤੀਆਇ ਸਚਿ ਵਿਗਸਿਆ ॥ ਸਚੈ ਕੋਟਿ ਗਿਰਾਂਇ ਨਿਜ ਘਰਿ ਵਸਿਆ ॥ ਸਤਿਗੁਰਿ ਤੁਠੈ ਨਾਉ ਪ੍ਰੇਮਿ ਰਹਸਿਆ ॥ ਸਚੈ ਦੈ ਦੀਬਾਣਿ ਕੂੜਿ ਨ ਜਾਈਐ ॥ ਝੂਠੋ ਝੂਠੁ ਵਖਾਣਿ ਸੁ ਮਹਲੁ ਖੁਆਈਐ ॥ ਸਚੈ ਸਬਦਿ ਨੀਸਾਣਿ ਠਾਕ ਨ ਪਾਈਐ ॥ ਸਚੁ ਸੁਣਿ ਬੁਝਿ ਵਖਾਣਿ ਮਹਲਿ ਬੁਲਾਈਐ ॥੧੮॥ {ਪੰਨਾ 146}

ਪਦਅਰਥ:- ਸਤਿਗੁਰਿ—ਸਤਿਗੁਰੂ ਨੇ। ਪਾਤਿਆਇ—ਪਤੀਜ ਕੇ, ਪਰਚ ਕੇ। ਵਿਗਸਿਆ—ਖਿੜਿਆ, ਪ੍ਰਸੰਨ ਹੋਇਆ। ਕੋਟਿ—ਕੋਟ ਵਿਚ, ਕਿਲ੍ਹੇ ਵਿਚ। ਗਿਰਾਂਇ—ਗਿਰਾਂ ਵਿਚ, ਪਿੰਡ ਵਿਚ। ਰਹਸਿਆ—ਖਿੜ ਪਿਆ, ਖ਼ੁਸ਼ ਹੋਇਆ। ਦੀਬਾਣਿ—ਦਰਬਾਰ ਵਿਚ। ਕੂੜਿ—ਕੂੜ ਦੀ ਰਾਹੀਂ। ਖੁਆਇਐ—ਖੁੰਝਾ ਲਈਦਾ ਹੈ, ਗਵਾ ਲਈਦਾ ਹੈ। ਠਾਕ—ਰੋਕ। ਭਾਉ—ਪ੍ਰੇਮ।

ਅਰਥ:- (ਜਿਸ ਭਾਗਾਂ ਵਾਲੇ ਨੂੰ) ਸਤਿਗੁਰੂ ਨੇ (ਆਤਮਾ ਲਈ) ਪ੍ਰਭੂ-ਪ੍ਰੇਮ-ਰੂਪ ਸੱਚਾ ਭੋਜਨ ਦੱਸਿਆ ਹੈ, ਉਹ ਮਨੁੱਖ ਸੱਚੇ ਪ੍ਰਭੂ ਵਿਚ ਹੀ ਪਰਚ ਜਾਂਦਾ ਹੈ, ਸੱਚੇ ਪ੍ਰਭੂ ਵਿਚ (ਟਿਕ ਕੇ) ਪ੍ਰਸੰਨ ਰਹਿੰਦਾ ਹੈ, ਉਹ (ਪ੍ਰਭੂ ਦੇ ਚਰਨਾਂ-ਰੂਪ) ਸ੍ਵੈ-ਸਰੂਪ ਵਿਚ ਵੱਸਦਾ ਹੈ (ਮਾਨੋ) ਸਦਾ-ਥਿਰ ਰਹਿਣ ਵਾਲੇ ਕਿਲ੍ਹੇ ਵਿਚ ਪਿੰਡ ਵਿਚ ਵੱਸਦਾ ਹੈ। ਗੁਰੂ ਦੇ ਤਰੁੱਠਿਆਂ ਹੀ ਪ੍ਰਭੂ ਦਾ ਨਾਮ ਮਿਲਦਾ ਹੈ, ਤੇ ਪ੍ਰਭੂ ਦੇ ਪ੍ਰੇਮ ਵਿਚ ਰਹਿ ਕੇ ਖਿੜੇ ਰਹਿ ਸਕੀਦਾ ਹੈ।

ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਦਰਬਾਰ ਵਿਚ ਕੂੜ ਦੇ (ਸਉਦੇ) ਦੀ ਰਾਹੀਂ ਨਹੀਂ ਅੱਪੜ ਸਕੀਦਾ, ਝੂਠ ਬੋਲ ਬੋਲ ਕੇ ਪ੍ਰਭੂ ਦਾ ਨਿਵਾਸ-ਥਾਂ ਗਵਾ ਬੈਠੀਦਾ ਹੈ।

ਸੱਚੇ ਸ਼ਬਦ-ਰੂਪ ਰਾਹਦਾਰੀ ਦੀ ਰਾਹੀਂ (ਪ੍ਰਭੂ ਨੂੰ ਮਿਲਣ ਦੇ ਰਾਹ ਵਿਚ) ਕੋਈ ਹੋਰ ਰੋਕ ਨਹੀਂ ਪੈਂਦੀ। ਪ੍ਰਭੂ ਦਾ ਨਾਮ ਸੁਣ ਕੇ ਸਮਝ ਕੇ ਤੇ ਸਿਮਰ ਕੇ ਪ੍ਰਭੂ ਦੇ ਮਹਲ ਵਿਚ ਸੱਦਾ ਪੈਂਦਾ ਹੈ।18।

ਸਲੋਕੁ ਮਃ ੧ ॥ ਪਹਿਰਾ ਅਗਨਿ ਹਿਵੈ ਘਰੁ ਬਾਧਾ ਭੋਜਨੁ ਸਾਰੁ ਕਰਾਈ ॥ ਸਗਲੇ ਦੂਖ ਪਾਣੀ ਕਰਿ ਪੀਵਾ ਧਰਤੀ ਹਾਕ ਚਲਾਈ ॥ ਧਰਿ ਤਾਰਾਜੀ ਅੰਬਰੁ ਤੋਲੀ ਪਿਛੈ ਟੰਕੁ ਚੜਾਈ ॥ ਏਵਡੁ ਵਧਾ ਮਾਵਾ ਨਾਹੀ ਸਭਸੈ ਨਥਿ ਚਲਾਈ ॥ ਏਤਾ ਤਾਣੁ ਹੋਵੈ ਮਨ ਅੰਦਰਿ ਕਰੀ ਭਿ ਆਖਿ ਕਰਾਈ ॥ ਜੇਵਡੁ ਸਾਹਿਬੁ ਤੇਵਡ ਦਾਤੀ ਦੇ ਦੇ ਕਰੇ ਰਜਾਈ ॥ ਨਾਨਕ ਨਦਰਿ ਕਰੇ ਜਿਸੁ ਉਪਰਿ ਸਚਿ ਨਾਮਿ ਵਡਿਆਈ ॥੧॥ {ਪੰਨਾ 147}

ਪਦਅਰਥ:- ਹਿਵੈ—ਹਿਮ, ਬਰਫ਼ ਵਿਚ। ਬਾਧਾ—ਬਾਧਾਂ, ਬੰਨ੍ਹ ਲਵਾਂ, ਬਣਾ ਲਵਾਂ। ਸਾਰੁ—ਲੋਹਾ। ਪਾਣੀ ਕਰਿ—ਪਾਣੀ ਕਰ ਕੇ, ਪਾਣੀ ਵਾਂਗ, (ਭਾਵ,) ਬੜੇ ਸੌਖ ਨਾਲ। ਹਾਕ—ਆਵਾਜ਼, (ਭਾਵ, ਹੁਕਮ)। {ਲਫ਼ਜ਼ 'ਹਾਕ' ਦਾ ਅਰਥ 'ਹਿੱਕ ਕੇ' ਕਰਨਾ ਗ਼ਲਤ ਹੈ, ਇਸ ਹਾਲਤ ਵਿਚ ਇਸ ਦਾ ਜੋੜ 'ਹਾਕਿ' ਚਾਹੀਦਾ ਹੈ, ਜਿਵੇਂ 'ਕਰਿ' ਕਰ ਕੇ, ਨਥਿ-ਨੱਥ ਕੇ, ਆਖਿ—ਆਖ ਕੇ} ਤਾਰਾਜੀ—ਤਰਾਜੂ। ਅੰਬਰੁ—ਆਕਾਸ਼। ਟੰਕੁ—ਚਾਰ ਮਾਸੇ ਦਾ ਤੋਲ। ਮਾਵਾ—ਮਾਵਾਂ, ਸਮਾ ਸਕਾਂ। ਰਜਾਈ—ਰਜ਼ਾ ਦਾ ਮਾਲਕ ਪ੍ਰਭੂ। ਦੇ ਦੇ ਕਰੇ—ਦਾਤਾਂ ਦੇ ਦੇ ਕੇ ਹੋਰ ਦਾਤਾਂ ਦੇਵੇ।

ਅਰਥ:- ਜੇ ਮੈਂ ਅੱਗ (ਭੀ) ਪਹਿਨ ਲਵਾਂ, (ਜਾਂ) ਬਰਫ਼ ਵਿਚ ਘਰ ਬਣਾ ਲਵਾਂ (ਭਾਵ, ਜੇ ਮੇਰੇ ਮਨ ਵਿਚ ਇਤਨੀ ਤਾਕਤ ਆ ਜਾਏ ਕਿ ਅੱਗ ਵਿਚ ਤੇ ਬਰਫ਼ ਵਿਚ ਬੈਠ ਸਕਾਂ) ਲੋਹੇ ਨੂੰ ਭੋਜਨ ਬਣਾ ਲਵਾਂ (ਲੋਹਾ ਖਾ ਸਕਾਂ), ਜੇ ਮੈਂ ਸਾਰੇ ਹੀ ਦੁੱਖ ਬੜੇ ਸੌਖ ਨਾਲ ਸਹਾਰ ਸਕਾਂ, ਸਾਰੀ ਧਰਤੀ ਨੂੰ ਆਪਣੇ ਹੁਕਮ ਵਿਚ ਤੋਰ ਸਕਾਂ, ਜੇ ਮੈਂ ਸਾਰੇ ਅਸਮਾਨ ਨੂੰ ਤੱਕੜੀ ਵਿਚ ਰੱਖ ਕੇ ਤੇ ਪਿਛਲੇ ਛਾਬੇ ਵਿਚ ਚਾਰ ਮਾਸੇ ਦਾ ਵੱਟਾ ਪਾ ਕੇ ਤੋਲ ਸਕਾਂ, ਜੇ ਮੈਂ ਆਪਣੇ ਸਰੀਰ ਨੂੰ ਇਤਨਾ ਵਧਾ ਸਕਾਂ ਕਿ ਕਿਤੇ ਸਮਾ ਹੀ ਨ ਸਕਾਂ, ਸਾਰੇ ਜੀਵਾਂ ਨੂੰ ਨੱਥ ਕੇ ਤੋਰਾਂ (ਭਾਵ, ਆਪਣੇ ਹੁਕਮ ਵਿਚ ਚਲਾਵਾਂ) ਜੇ ਮੇਰੇ ਮਨ ਵਿਚ ਇਤਨਾ ਬਲ ਹੋ ਜਾਏ, ਕਿ ਜੋ ਚਾਹੇ ਕਰਾਂ ਤੇ ਆਖ ਕੇ ਹੋਰਨਾਂ ਪਾਸੋਂ ਕਰਾਵਾਂ (ਤਾਂ ਭੀ

ਇਹ ਸਭ ਕੁਝ ਤੁੱਛ ਹੈ), ਖਸਮ ਪ੍ਰਭੂ ਜੇਡਾ ਵੱਡਾ ਆਪ ਹੈ ਉਤਨੀਆਂ ਹੀ ਉਸ ਦੀਆਂ ਬਖ਼ਸ਼ਸ਼ਾਂ ਹਨ, ਜੇ ਰਜ਼ਾ ਦਾ ਮਾਲਕ ਸਾਈਂ ਹੋਰ ਭੀ ਬੇਅੰਤ (ਤਾਕਤਾਂ ਦੀਆਂ) ਦਾਤਾਂ ਮੈਨੂੰ ਦੇ ਦੇਵੇ, (ਤਾਂ ਭੀ ਇਹ ਤੁੱਛ ਹਨ)।

(ਅਸਲ ਗੱਲ) ਹੇ ਨਾਨਕ! (ਇਹ ਹੈ ਕਿ) ਜਿਸ ਬੰਦੇ ਉਤੇ ਮਿਹਰ ਦੀ ਨਜ਼ਰ ਕਰਦਾ ਹੈ, ਉਸ ਨੂੰ (ਆਪਣੇ) ਸੱਚੇ ਨਾਮ ਦੀ ਰਾਹੀਂ ਵਡਿਆਈ ਬਖ਼ਸ਼ਦਾ ਹੈ (ਭਾਵ, ਇਹਨਾਂ ਮਾਨਸਕ ਤਾਕਤਾਂ ਨਾਲੋਂ ਵਧ ਕੇ ਨਾਮ ਦੀ ਬਰਕਤਿ ਹੈ)।1।

ਮਃ ੨ ॥ ਆਖਣੁ ਆਖਿ ਨ ਰਜਿਆ ਸੁਨਣਿ ਨ ਰਜੇ ਕੰਨ ॥ ਅਖੀ ਦੇਖਿ ਨ ਰਜੀਆ ਗੁਣ ਗਾਹਕ ਇਕ ਵੰਨ ॥ ਭੁਖਿਆ ਭੁਖ ਨ ਉਤਰੈ ਗਲੀ ਭੁਖ ਨ ਜਾਇ ॥ ਨਾਨਕ ਭੁਖਾ ਤਾ ਰਜੈ ਜਾ ਗੁਣ ਕਹਿ ਗੁਣੀ ਸਮਾਇ ॥੨॥ {ਪੰਨਾ 147}

ਪਦਅਰਥ:- ਆਖਣੁ—ਮੂੰਹ। ਇਕ ਵੰਨ—ਇਕ ਰੰਗ ਦੇ, ਇਕ ਇਕ ਕਿਸਮ ਦੇ। ਗੁਣੀ—ਗੁਣਾਂ ਦੇ ਮਾਲਕ-ਪ੍ਰਭੂ ਵਿਚ। ਭੁਖਿਆ—ਭੁੱਖ ਦੇ ਅਧੀਨ ਹੋਇਆਂ ਦੀ। ਗਲੀ—ਗੱਲਾਂ ਕੀਤਿਆਂ (ਭਾਵ) ਸਮਝਾਇਆਂ, ਗੱਲੀਂ।

ਅਰਥ:- ਮੂੰਹ ਬੋਲ ਬੋਲ ਕੇ ਰੱਜਦਾ ਨਹੀਂ (ਭਾਵ, ਗੱਲਾਂ ਕਰਨ ਦਾ ਚਸਕਾ ਮੁੱਕਦਾ ਨਹੀਂ), ਕੰਨ (ਗੱਲਾਂ) ਸੁਣਨ ਨਾਲ ਨਹੀਂ ਰੱਜਦੇ, ਅੱਖਾਂ (ਰੂਪ ਰੰਗ) ਵੇਖ ਵੇਖ ਕੇ ਨਹੀਂ ਰੱਜਦੀਆਂ, (ਇਹ ਸਾਰੇ ਇੰਦਰੇ) ਇਕ ਇਕ ਕਿਸਮ ਦੇ ਗੁਣਾਂ (ਰਸਾਂ) ਦੇ ਗਾਹਕ ਹਨ (ਆਪੋ ਆਪਣੇ ਰਸਾਂ ਦੀ ਗਾਹਕੀ ਵਿਚ ਰੱਜਦੇ ਨਹੀਂ, ਰਸਾਂ ਦੇ ਅਧੀਨ ਹੋਏ ਇਹਨਾਂ ਇੰਦ੍ਰਿਆਂ ਦਾ ਚਸਕਾ ਹਟਦਾ ਨਹੀਂ)। ਸਮਝਾਇਆਂ ਭੀ ਭੁੱਖ ਮਿਟ ਨਹੀਂ ਸਕਦੀ।

ਹੇ ਨਾਨਕ! ਤ੍ਰਿਸ਼ਨਾ ਦਾ ਮਾਰਿਆ ਮਨੁੱਖ ਤਦੋਂ ਹੀ ਤ੍ਰਿਪਤ ਹੋ ਸਕਦਾ ਹੈ, ਜੇ ਗੁਣਾਂ ਦੇ ਮਾਲਕ ਪਰਮਾਤਮਾ ਦੇ ਗੁਣ ਉਚਾਰ ਕੇ ਉਸ ਵਿਚ ਲੀਨ ਹੋ ਜਾਏ।2।

ਪਉੜੀ ॥ ਵਿਣੁ ਸਚੇ ਸਭੁ ਕੂੜੁ ਕੂੜੁ ਕਮਾਈਐ ॥ ਵਿਣੁ ਸਚੇ ਕੂੜਿਆਰੁ ਬੰਨਿ ਚਲਾਈਐ ॥ ਵਿਣੁ ਸਚੇ ਤਨੁ ਛਾਰੁ ਛਾਰੁ ਰਲਾਈਐ ॥ ਵਿਣੁ ਸਚੇ ਸਭ ਭੁਖ ਜਿ ਪੈਝੈ ਖਾਈਐ ॥ ਵਿਣੁ ਸਚੇ ਦਰਬਾਰੁ ਕੂੜਿ ਨ ਪਾਈਐ ॥ ਕੂੜੈ ਲਾਲਚਿ ਲਗਿ ਮਹਲੁ ਖੁਆਈਐ ॥ ਸਭੁ ਜਗੁ ਠਗਿਓ ਠਗਿ ਆਈਐ ਜਾਈਐ ॥ ਤਨ ਮਹਿ ਤ੍ਰਿਸਨਾ ਅਗਿ ਸਬਦਿ ਬੁਝਾਈਐ ॥੧੯॥ {ਪੰਨਾ 147}

ਪਦਅਰਥ:- ਵਿਣੁ ਸਚੇ—ਸਦਾ-ਥਿਰ ਰਹਿਣ ਵਾਲੇ ਤੋਂ ਬਿਨਾ, ਜੇ ਪ੍ਰਭੂ ਨੂੰ ਵਿਸਾਰ ਦੇਈਏ, ਪ੍ਰਭੂ ਨੂੰ ਵਿਸਾਰਿਆਂ। ਕੂੜਿਆਰ—ਕੂੜ ਦਾ ਵਪਾਰੀ। ਬੰਨਿ—ਬੰਨ੍ਹ ਕੇ, ਜਕੜ ਕੇ। ਛਾਰੁ—ਮਿੱਟੀ, ਸੁਆਹ। ਛਾਰੁ ਰਲਾਈਐ—ਮਿੱਟੀ ਵਿਚ ਰਲ ਜਾਂਦਾ ਹੈ, {ਲਫ਼ਜ਼ 'ਛਾਰੁ' ਸਦਾ ੁ -ਅੰਤ ਹੁੰਦਾ ਹੈ, ਅਧਿਕਰਣ ਆਦਿਕ ਕਾਰਕਾਂ ਵਿਚ ਭੀ ਇਹੀ ਰੂਪ ਰਹਿੰਦਾ ਹੈ, ਵੇਖੋ 'ਗੁਰਬਾਣੀ ਵਿਆਕਰਣ'}। ਮਹਲੁ—ਪ੍ਰਭੂ ਦੇ ਰਹਿਣ ਦੀ ਥਾਂ। ਖੁਆਈਐ—ਖੁੰਝਾ ਲਈਦਾ ਹੈ, ਗਵਾ ਲਈਦਾ ਹੈ। ਠਗਿ—ਠੱਗ ਨੇ, ਕੂੜ-ਰੂਪ ਠੱਗ ਨੇ। ਅਗਿ—ਅੱਗ {ਇਸ ਲਫ਼ਜ਼ ਦਾ ਜੋੜ ਸਦਾ ਿ-ਅੰਤ ਹੈ}।

ਅਰਥ:- ਜੇ ਪ੍ਰਭੂ ਦਾ ਨਾਮ ਵਿਸਾਰ ਦੇਈਏ, ਤਾਂ ਬਾਕੀ ਸਭ ਕੁਝ ਕੂੜ ਹੀ ਕਮਾਈਦਾ ਹੈ, (ਇਸ ਕੂੜ ਵਿਚ ਮਨ ਇਤਨਾ ਗੱਡਿਆ ਜਾਂਦਾ ਹੈ ਕਿ) ਨਾਮ ਤੋਂ ਖੁੰਝੇ ਹੋਏ ਕੂੜ ਦੇ ਵਪਾਰੀ ਨੂੰ ਮਾਇਆ ਦੇ ਬੰਧਨ ਜਕੜ ਕੇ ਭਟਕਾਉਂਦੇ ਫਿਰਦੇ ਹਨ। (ਇਸ ਦਾ) ਇਹ ਨਕਾਰਾ ਸਰੀਰ ਮਿੱਟੀ ਵਿਚ ਹੀ ਰੁਲ ਜਾਂਦਾ ਹੈ (ਭਾਵ, ਐਵੇਂ ਅਜ਼ਾਈਂ ਚਲਾ ਜਾਂਦਾ ਹੈ), ਜੋ ਕੁਝ ਖਾਂਦਾ ਪਹਿਨਦਾ ਹੈ ਉਹ ਸਗੋਂ ਹੋਰ ਤ੍ਰਿਸ਼ਨਾ ਵਧਾਂਦਾ ਹੈ।

ਪ੍ਰਭੂ ਦਾ ਨਾਮ ਵਿਸਾਰ ਕੇ ਝੂਠ ਵਿਚ ਲੱਗਿਆਂ ਪ੍ਰਭੂ ਦਾ ਦਰਬਾਰ ਪ੍ਰਾਪਤ ਨਹੀਂ ਹੁੰਦਾ। ਕੂੜੇ ਲਾਲਚ ਵਿਚ ਫਸ ਕੇ ਪ੍ਰਭੂ ਦਾ ਦਰ ਗਵਾ ਲਈਦਾ ਹੈ (ਤੇ ਇਸ ਕਰ ਕੇ ਇਹ ਜਗਤ) ਜਨਮ ਮਰਨ ਦੇ ਗੇੜ ਵਿਚ ਪਿਆ ਹੋਇਆ ਹੈ। (ਮਨੁੱਖਾ) ਸਰੀਰ ਵਿਚ ਇਹ (ਜੋ) ਤ੍ਰਿਸ਼ਨਾ ਦੀ ਅੱਗ ਹੈ, ਇਹ ਕੇਵਲ ਗੁਰੂ ਦੇ ਸ਼ਬਦ ਦੀ ਰਾਹੀਂ ਹੀ ਬੁੱਝ ਸਕਦੀ ਹੈ।19।

ਸਲੋਕ ਮਃ ੧ ॥ ਨਾਨਕ ਗੁਰੁ ਸੰਤੋਖੁ ਰੁਖੁ ਧਰਮੁ ਫੁਲੁ ਫਲ ਗਿਆਨੁ ॥ ਰਸਿ ਰਸਿਆ ਹਰਿਆ ਸਦਾ ਪਕੈ ਕਰਮਿ ਧਿਆਨਿ ॥ ਪਤਿ ਕੇ ਸਾਦ ਖਾਦਾ ਲਹੈ ਦਾਨਾ ਕੈ ਸਿਰਿ ਦਾਨੁ ॥੧॥ {ਪੰਨਾ 147}

ਪਦਅਰਥ:- ਗੁਰੁ ਸੰਤੋਖੁ—ਸੰਤੋਖ-ਸਰੂਪ ਗੁਰੂ। ਰਸਿ—(ਪ੍ਰੇਮ-ਰੂਪ) ਰਸ ਨਾਲ। ਰਸਿਆ—ਪੂਰਨ ਤੌਰ ਤੇ ਭਰਿਆ ਹੋਇਆ। ਪਕੈ—ਪੱਕਦਾ ਹੈ, (ਗਿਆਨ-ਫਲ) ਪੱਕਦਾ ਹੈ। ਕਰਮਿ—(ਪ੍ਰਭੂ ਦੀ) ਬਖ਼ਸ਼ਿਸ਼ ਨਾਲ। ਧਿਆਨਿ—ਧਿਆਨ ਦੀ ਰਾਹੀਂ, ਧਿਆਨ ਜੋੜਿਆਂ। ਖਾਦਾ—ਖਾਣ ਵਾਲਾ, ਗਿਆਨ-ਫਲ ਨੂੰ ਖਾਣ ਵਾਲਾ। ਪਤਿ ਕੇ ਸਾਦ ਲਹੈ—(ਪ੍ਰਭੂ) ਪਤੀ ਦੇ (ਮੇਲ ਦੇ) ਆਨੰਦ ਮਾਣਦਾ ਹੈ। ਲਹੈ—ਲੈਂਦਾ ਹੈ, ਮਾਣਦਾ ਹੈ,। ਦਾਨਾ ਕੈ ਸਿਰਿ—ਦਾਨੁ ਸਭ ਤੋਂ ਸ੍ਰੇਸ਼ਟ ਬਖ਼ਸ਼ਿਸ਼।

ਅਰਥ:- ਹੇ ਨਾਨਕ! (ਪੂਰਨ) ਸੰਤੋਖ (-ਸਰੂਪ) ਗੁਰੂ (ਮਾਨੋ, ਇਕ) ਰੁੱਖ ਹੈ (ਜਿਸ ਨੂੰ) ਧਰਮ (-ਰੂਪ) ਫੁੱਲ (ਲੱਗਦਾ) ਹੈ ਤੇ ਗਿਆਨ (-ਰੂਪ) ਫਲ (ਲੱਗਦੇ) ਹਨ, ਪ੍ਰੇਮ-ਜਲ ਨਾਲ ਰਸਿਆ ਹੋਇਆ (ਇਹ ਰੁੱਖ) ਸਦਾ ਹਰਾ ਰਹਿੰਦਾ ਹੈ। (ਪਰਮਾਤਮਾ ਦੀ) ਬਖ਼ਸ਼ਿਸ਼ ਨਾਲ (ਪ੍ਰਭੂ-ਚਰਨਾਂ ਵਿਚ) ਧਿਆਨ ਜੋੜਿਆਂ ਇਹ (ਗਿਆਨ-ਫਲ) ਪੱਕਦਾ ਹੈ (ਭਾਵ, ਜੋ ਮਨੁੱਖ ਪ੍ਰਭੂ ਦੀ ਮਿਹਰ ਨਾਲ ਪ੍ਰਭੂ-ਚਰਨਾਂ ਵਿਚ ਸੁਰਤਿ ਜੋੜਦਾ ਹੈ ਉਸ ਨੂੰ ਪੂਰਨ ਗਿਆਨ ਪ੍ਰਾਪਤ ਹੁੰਦਾ ਹੈ)। (ਇਸ ਗਿਆਨ-ਫਲ ਨੂੰ) ਖਾਣ ਵਾਲਾ ਮਨੁੱਖ ਪ੍ਰਭੂ-ਮੇਲ ਦੇ ਆਨੰਦ ਮਾਣਦਾ ਹੈ, (ਮਨੁੱਖ ਲਈ ਪ੍ਰਭੂ-ਦਰ ਤੋਂ) ਇਹ ਸਭ ਤੋਂ ਵੱਡੀ ਬਖ਼ਸ਼ਿਸ਼ ਹੈ।1।

ਮਃ ੧ ॥ ਸੁਇਨੇ ਕਾ ਬਿਰਖੁ ਪਤ ਪਰਵਾਲਾ ਫੁਲ ਜਵੇਹਰ ਲਾਲ ॥ ਤਿਤੁ ਫਲ ਰਤਨ ਲਗਹਿ ਮੁਖਿ ਭਾਖਿਤ ਹਿਰਦੈ ਰਿਦੈ ਨਿਹਾਲੁ ॥ ਨਾਨਕ ਕਰਮੁ ਹੋਵੈ ਮੁਖਿ ਮਸਤਕਿ ਲਿਖਿਆ ਹੋਵੈ ਲੇਖੁ ॥ ਅਠਿਸਠਿ ਤੀਰਥ ਗੁਰ ਕੀ ਚਰਣੀ ਪੂਜੈ ਸਦਾ ਵਿਸੇਖੁ ॥ ਹੰਸੁ ਹੇਤੁ ਲੋਭੁ ਕੋਪੁ ਚਾਰੇਨਦੀਆ ਅਗਿ ॥ ਪਵਹਿ ਦਝਹਿ ਨਾਨਕਾ ਤਰੀਐ ਕਰਮੀ ਲਗਿ ॥੨॥ {ਪੰਨਾ 147}

ਪਦਅਰਥ:- ਬਿਰਖੁ—ਰੁੱਖ। ਪਤ—ਪੱਤਰ। ਪਰਵਾਲਾ—ਮੂੰਗਾ (ਗੁਰੂ ਦੇ ਬਚਨ)। ਤਿਤੁ—ਉਸ (ਗੁਰੂ-ਰੂਪ) ਰੁੱਖ ਨੂੰ। ਮੁਖਿ ਭਾਖਿਤ—ਮੂੰਹੋਂ ਉਚਾਰੇ ਹੋਏ ਬਚਨ। ਨਿਹਾਲੁ—ਪ੍ਰਸੰਨ। ਕਰਮੁ—ਬਖ਼ਸ਼ਿਸ਼। ਮੁਖਿ—ਮੂੰਹ ਤੇ। ਮਸਤਕਿ—ਮੱਥੇ ਤੇ। ਅਠਸਠਿ—ਅਠਾਹਠ। ਵਿਸੇਖੁ—ਵਿਸ਼ੇਸ਼, ਵਧੀਆ। ਹੰਸੁ—ਨਿਰਦਇਤਾ। ਹੇਤੁ—ਮੋਹੁ। ਕੋਪੁ—ਗੁੱਸਾ। ਦਝਹਿ—ਸੜਦੇ ਹਨ। ਕਰਮੀ—ਬਖ਼ਸ਼ਿਸ਼ ਦੁਆਰਾ। ਲਗਿ—(ਚਰਨੀਂ) ਲੱਗ ਕੇ।

ਅਰਥ:- (ਗੁਰੂ, ਮਾਨੋ,) ਸੋਨੇ ਦਾ ਰੁੱਖ ਹੈ; ਮੋਂਗਾ (ਸ੍ਰੇਸ਼ਟ ਬਚਨ) ਉਸ ਦੇ ਪੱਤਰ ਹਨ, ਲਾਲ ਜਵਾਹਰ (ਗੁਰੂ-ਵਾਕ) ਉਸ ਦੇ ਫੁੱਲ ਹਨ, ਉਸ (ਗੁਰੂ) ਰੁੱਖ ਨੂੰ ਮੂੰਹੋਂ ਉਚਾਰੇ ਹੋਏ (ਸ੍ਰੇਸ਼ਟ ਬਚਨ-ਰੂਪ) ਫਲ ਲੱਗਦੇ ਹਨ, (ਗੁਰੂ) ਆਪਣੇ ਹਿਰਦੇ ਵਿਚ ਸਦਾ ਖਿੜਿਆ ਰਹਿੰਦਾ ਹੈ। ਹੇ ਨਾਨਕ! ਜਿਸ ਮਨੁੱਖ ਉੱਤੇ ਪ੍ਰਭੂ ਦੀ ਮਿਹਰ ਹੋਵੇ, ਜਿਸ ਦੇ ਮੂੰਹ ਮੱਥੇ ਤੇ ਭਾਗ ਹੋਵੇ, ਉਹ ਗੁਰੂ ਦੀ ਚਰਨੀਂ ਲੱਗ ਕੇ (ਗੁਰੂ ਦੇ ਚਰਨਾਂ ਨੂੰ) ਅਠਾਹਠ ਤੀਰਥਾਂ ਨਾਲੋਂ ਵਿਸ਼ੇਸ਼ ਜਾਣ ਕੇ (ਗੁਰੂ-ਚਰਨਾਂ ਨੂੰ) ਪੂਜਦਾ ਹੈ। ਨਿਰਦਇਤਾ, ਮੋਹ, ਲੋਭ ਤੇ ਕ੍ਰੋਧ—ਇਹ ਚਾਰੇ ਅੱਗ ਦੀਆਂ ਨਦੀਆਂ (ਜਗਤ ਵਿਚ ਚੱਲ ਰਹੀਆਂ) ਹਨ, ਜੋ ਜੋ ਮਨੁੱਖ ਇਹਨਾਂ ਨਦੀਆਂ ਵਿਚ ਵੜਦੇ ਹਨ ਸੜ ਜਾਂਦੇ ਹਨ, ਹੇ ਨਾਨਕ! ਪ੍ਰਭੂ ਦੀ ਮਿਹਰ ਨਾਲ (ਗੁਰੂ ਦੇ ਚਰਨੀਂ) ਲੱਗ ਕੇ (ਇਹਨਾਂ ਨਦੀਆਂ ਤੋਂ) ਪਾਰ ਲੰਘੀਦਾ ਹੈ।2।

ਪਉੜੀ ॥ ਜੀਵਦਿਆ ਮਰੁ ਮਾਰਿ ਨ ਪਛੋਤਾਈਐ ॥ ਝੂਠਾ ਇਹੁ ਸੰਸਾਰੁ ਕਿਨਿ ਸਮਝਾਈਐ ॥ ਸਚਿ ਨ ਧਰੇ ਪਿਆਰੁ ਧੰਧੈ ਧਾਈਐ ॥ ਕਾਲੁ ਬੁਰਾ ਖੈ ਕਾਲੁ ਸਿਰਿ ਦੁਨੀਆਈਐ ॥ ਹੁਕਮੀ ਸਿਰਿ ਜੰਦਾਰੁ ਮਾਰੇ ਦਾਈਐ ॥ ਆਪੇ ਦੇਇ ਪਿਆਰੁ ਮੰਨਿ ਵਸਾਈਐ ॥ ਮੁਹਤੁ ਨ ਚਸਾ ਵਿਲੰਮੁ ਭਰੀਐ ਪਾਈਐ ॥ ਗੁਰ ਪਰਸਾਦੀ ਬੁਝਿ ਸਚਿ ਸਮਾਈਐ ॥੨੦॥ {ਪੰਨਾ 147}

ਪਦਅਰਥ:- ਮਾਰਿ—ਮਾਰ ਕੇ, (ਤ੍ਰਿਸ਼ਨਾ ਨੂੰ) ਮਾਰ ਕੇ {ਨੋਟ:- ਇਸੇ ਤ੍ਰਿਸ਼ਨਾ ਦਾ ਜ਼ਿਕਰ ਪਉੜੀ ਨੰ: 18 ਤੇ 19 ਵਿਚ ਹੈ}। ਕਿਨਿ—ਕਿਸ ਨੇ? ਕਿਸੇ ਵਿਰਲੇ ਨੇ। ਧਾਈਐ—ਧਾਉਂਦਾ ਹੈ, ਭਟਕਦਾ ਹੈ। ਬੁਰਾ—ਭੈੜਾ। ਖੈ—ਨਾਸ ਕਰਨ ਵਾਲਾ। ਜੰਦਾਰੁ-{ਫ਼ਾਰਸੀ—ਜੰਦਾਲ, ਗਵਾਰ, ਅਵੈੜਾ। ਇਹ ਲਫ਼ਜ਼ ਆਮ ਤੌਰ ਤੇ ਲਫ਼ਜ਼ 'ਜਮ' ਦੇ ਨਾਲ ਵਰਤਿਆ ਜਾਣ ਕਰ ਕੇ ਇਕੱਲਾ ਭੀ 'ਜਮ' ਦੇ ਅਰਥ ਵਿਚ ਵਰਤਿਆ ਜਾਂਦਾ ਹੈ} ਜਮ। ਦਾਈਐ—ਦਾਉ ਲਾ ਕੇ। ਮੰਨਿ—ਮਨ ਵਿਚ। ਮੁਹਤੁ—ਮੁਹੂਰਤ, ਪਲ-ਮਾਤ੍ਰ। ਚਸਾ—ਨਿਮਖ-ਮਾਤ੍ਰ। ਵਿਲੰਮੁ—ਢਿੱਲ। ਭਰੀਐ ਪਾਈਐ—ਜਦੋਂ ਪਾਈ ਭਰ ਜਾਂਦੀ ਹੈ। ਪਾਈ—ਚਾਰ ਟੋਪੇ ਦਾ ਮਾਪ; (ਭਾਵ,) ਜੀਵ ਨੂੰ ਮਿਲੇ ਹੋਏ ਸਾਰੇ ਸੁਆਸਾਂ ਦਾ ਅੰਦਾਜ਼ਾ।

ਅਰਥ:- (ਹੇ ਬੰਦੇ!) (ਇਸ ਤ੍ਰਿਸ਼ਨਾ ਨੂੰ) ਮਾਰ ਕੇ ਜੀਊਂਦਿਆਂ ਹੀ ਮਰ (ਤਾਕਿ ਅੰਤ ਨੂੰ) ਪਛੁਤਾਣਾ ਨਾ ਪਏ। ਕਿਸੇ ਵਿਰਲੇ ਨੂੰ ਸਮਝ ਆਈ ਹੈ, ਕਿ ਇਹ ਸੰਸਾਰ ਝੂਠਾ ਹੈ, (ਆਮ ਤੌਰ ਤੇ ਜੀਵ ਤ੍ਰਿਸ਼ਨਾ ਅਧੀਨ ਹੋ ਕੇ) ਜਗਤ ਦੇ ਧੰਧੇ ਵਿਚ ਭਟਕਦਾ ਫਿਰਦਾ ਹੈ ਤੇ ਸੱਚ ਵਿਚ ਪਿਆਰ ਨਹੀਂ ਪਾਂਦਾ, (ਇਹ ਗੱਲ ਚੇਤੇ ਨਹੀਂ ਰੱਖਦਾ ਕਿ) ਭੈੜਾ ਕਾਲ, ਨਾਸ ਕਰਨ ਵਾਲਾ ਕਾਲ ਦੁਨੀਆ ਦੇ ਸਿਰ ਤੇ (ਹਰ ਵੇਲੇ ਖੜਾ) ਹੈ, ਇਹ ਜਮ ਪ੍ਰਭੂ ਦੇ ਹੁਕਮ ਵਿਚ (ਹਰੇਕ ਦੇ) ਸਿਰ ਤੇ (ਮੌਜੂਦ) ਹੈ ਤੇ ਦਾਉ ਲਾ ਕੇ ਮਾਰਦਾ ਹੈ।

(ਜੀਵ ਦੇ ਕੀਹ ਵੱਸ?) ਪ੍ਰਭੂ ਆਪ ਹੀ ਆਪਣਾ ਪਿਆਰ ਬਖ਼ਸ਼ਦਾ ਹੈ (ਤੇ ਜੀਵ ਦੇ) ਮਨ ਵਿਚ (ਆਪਣਾ ਆਪ) ਵਸਾਂਦਾ ਹੈ। ਜਦੋਂ ਸੁਆਸ ਪੂਰੇ ਹੋ ਜਾਂਦੇ ਹਨ, ਪਲਕ-ਮਾਤ੍ਰ (ਇਥੇ) ਢਿੱਲ ਨਹੀਂ ਲਾਈ ਜਾ ਸਕਦੀ, (ਇਹ ਗੱਲ) ਸਤਿਗੁਰੂ ਦੀ ਮਿਹਰ ਨਾਲ (ਕੋਈ ਵਿਰਲਾ ਬੰਦਾ) ਸਮਝ ਕੇ ਸੱਚ ਵਿਚ ਜੁੜਦਾ ਹੈ। 20।

ਸਲੋਕੁ ਮਃ ੧ ॥ ਤੁਮੀ ਤੁਮਾ ਵਿਸੁ ਅਕੁ ਧਤੂਰਾ ਨਿਮੁ ਫਲੁ ॥ ਮਨਿ ਮੁਖਿ ਵਸਹਿ ਤਿਸੁ ਜਿਸੁ ਤੂੰ ਚਿਤਿ ਨ ਆਵਹੀ ॥ ਨਾਨਕ ਕਹੀਐ ਕਿਸੁ ਹੰਢਨਿ ਕਰਮਾ ਬਾਹਰੇ ॥੧॥ {ਪੰਨਾ 147}

ਪਦਅਰਥ:- ਤਿਸੁ—ਉਸ ਮਨੁੱਖ ਦੇ। ਚਿਤਿ—ਚਿੱਤ ਵਿਚ। ਹੰਢਨਿ—ਭਟਕਦੇ ਹਨ। ਕਰਮਾ ਬਾਹਰੇ—ਕਰਮ-ਹੀਨ।

ਅਰਥ:- (ਹੇ ਪ੍ਰਭੂ!) ਜਿਸ ਮਨੁੱਖ ਦੇ ਚਿੱਤ ਵਿਚ ਤੂੰ ਨਹੀਂ ਵੱਸਦਾ, ਉਸ ਦੇ ਮਨ ਵਿਚ ਤੇ ਮੂੰਹ ਵਿਚ ਤੁੰਮੀ ਤੁੰਮਾ, ਜ਼ਹਿਰ, ਅੱਕ ਧਤੂਰਾ ਤੇ ਨਿੰਮਰੂਪ ਫਲ ਵੱਸ ਰਹੇ ਹਨ (ਭਾਵ, ਉਸ ਦੇ ਮਨ ਵਿਚ ਭੀ ਕੁੜੱਤਣ ਹੈ ਤੇ ਮੂੰਹੋਂ ਭੀ ਕੌੜੇ ਬਚਨ ਬੋਲਦਾ ਹੈ)।

ਹੇ ਨਾਨਕ! ਐਸੇ ਬਦਨਸੀਬ ਬੰਦੇ ਭਟਕਦੇ ਫਿਰਦੇ ਹਨ, (ਪ੍ਰਭੂ ਤੋਂ ਬਿਨਾ ਹੋਰ) ਕਿਸ ਦੇ ਅੱਗੇ (ਇਹਨਾਂ ਦੀ ਵਿਥਿਆ) ਦੱਸੀਏ? (ਭਾਵ, ਪ੍ਰਭੂ ਆਪ ਹੀ ਇਹਨਾਂ ਦਾ ਇਹ ਰੋਗ ਦੂਰ ਕਰਨ ਵਾਲਾ ਹੈ)।1।

ਮਃ ੧ ॥ ਮਤਿ ਪੰਖੇਰੂ ਕਿਰਤੁ ਸਾਥਿ ਕਬ ਉਤਮ ਕਬ ਨੀਚ ॥ ਕਬ ਚੰਦਨਿ ਕਬ ਅਕਿ ਡਾਲਿ ਕਬ ਉਚੀ ਪਰੀਤਿ ॥ ਨਾਨਕ ਹੁਕਮਿ ਚਲਾਈਐ ਸਾਹਿਬ ਲਗੀ ਰੀਤਿ ॥੨॥ {ਪੰਨਾ 148}

ਪਦਅਰਥ:- ਪੰਖੇਰੂ—ਪੰਛੀ। ਕਿਰਤੁ—ਕੀਤਾ ਹੋਇਆ ਕੰਮ, (ਭਾਵ, ਕੀਤੇ ਹੋਏ ਕੰਮਾਂ ਦੇ ਸੰਸਕਾਰਾਂ ਦਾ ਇਕੱਠ, ਪਿਛਲੇ ਕੀਤੇ ਹੋਏ ਕੰਮਾਂ ਦੇ ਕਾਰਨ ਬਣਿਆ ਹੋਇਆ ਸੁਭਾਉ।

ਅਰਥ:- (ਮਨੁੱਖ ਦੀ) ਮਤਿ (ਮਾਨੋ, ਇਕ) ਪੰਛੀ ਹੈ, ਉਸ ਦੇ ਪਿਛਲੇ ਕੀਤੇ ਹੋਏ ਕੰਮਾਂ ਦੇ ਕਾਰਨ ਬਣਿਆ ਹੋਇਆ ਸੁਭਾਉ ਉਸ ਦੇ ਨਾਲ (ਸਾਥੀ) ਹੈ, (ਇਸ ਸੁਭਾਉ ਦੇ ਸੰਗ ਕਰ ਕੇ 'ਮਤਿ') ਕਦੇ ਚੰਗੀ ਹੈ ਕਦੇ ਨੀਵੀਂ; ਕਦੇ (ਇਹ ਮਤਿ-ਰੂਪ ਪੰਛੀ) ਚੰਦਨ (ਦੇ ਬੂਟੇ) ਤੇ (ਬੈਠਦਾ ਹੈ) ਕਦੇ ਅੱਕ ਦੀ ਡਾਲੀ ਉੱਤੇ, ਕਦੇ (ਇਸ ਦੇ ਅੰਦਰ) ਉੱਚੀ (ਪ੍ਰਭੂ ਚਰਨਾਂ ਦੀ) ਪ੍ਰੀਤ ਹੈ।

(ਪਰ ਕਿਸੇ ਦੇ ਵੱਸ ਦੀ ਗੱਲ ਨਹੀਂ) ਮਾਲਕ ਦੀ (ਧੁਰੋਂ) ਰੀਤ ਤੁਰੀ ਆਉਂਦੀ ਹੈ, ਕਿ ਉਹ (ਸਭ ਜੀਵਾਂ ਨੂੰ ਆਪਣੇ) ਹੁਕਮ ਵਿਚ ਤੋਰ ਰਿਹਾ ਹੈ (ਭਾਵ, ਉਸ ਦੇ ਹੁਕਮ ਅਨੁਸਾਰ ਹੀ ਕੋਈ ਚੰਗੀ ਤੇ ਕੋਈ ਮੰਦੀ ਮਤਿ ਵਾਲਾ ਹੈ)।2।

ਪਉੜੀ ॥ ਕੇਤੇ ਕਹਹਿ ਵਖਾਣ ਕਹਿ ਕਹਿ ਜਾਵਣਾ ॥ ਵੇਦ ਕਹਹਿ ਵਖਿਆਣ ਅੰਤੁ ਨ ਪਾਵਣਾ ॥ ਪੜਿਐ ਨਾਹੀ ਭੇਦੁ ਬੁਝਿਐ ਪਾਵਣਾ ॥ ਖਟੁ ਦਰਸਨ ਕੈ ਭੇਖਿ ਕਿਸੈ ਸਚਿ ਸਮਾਵਣਾ ॥ ਸਚਾ ਪੁਰਖੁ ਅਲਖੁ ਸਬਦਿ ਸੁਹਾਵਣਾ ॥ ਮੰਨੇ ਨਾਉ ਬਿਸੰਖ ਦਰਗਹ ਪਾਵਣਾ ॥ ਖਾਲਕ ਕਉ ਆਦੇਸੁ ਢਾ ਢੀ ਗਾਵਣਾ ॥ ਨਾਨਕ ਜੁਗੁ ਜੁਗੁ ਏਕੁ ਮੰਨਿ ਵਸਾਵਣਾ ॥੨੧॥ {ਪੰਨਾ 148}

ਪਦਅਰਥ:- ਕੇਤੇ—ਬੇਅੰਤ ਜੀਵ। ਵਖਾਣ ਕਹਹਿ—ਬਿਆਨ ਕਰਦੇ ਹਨ। ਪੜਿਐ—ਪੜ੍ਹਨ ਨਾਲ। ਬੁਝਿਐ—ਮਤਿ ਉੱਚੀ ਹੋਣ ਨਾਲ। ਖਟੁ ਦਰਸਨ—ਛੇ ਭੇਖ (ਜੋਗੀ, ਜੰਗਮ, ਸੰਨਿਆਸੀ, ਬੋਧੀ, ਸਰੇਵੜੇ, ਬੈਰਾਗੀ)। ਭੇਖਿ—ਬਾਹਰਲੇ ਧਾਰਮਿਕ ਲਿਬਾਸ ਦੀ ਰਾਹੀਂ। ਕਿਸੈ—ਕਿਸੇ ਨੇ? (ਭਾਵ, ਕਿਸੇ ਨੇ ਨਹੀਂ)। ਅਲਖੁ—(ਸੰ: ਅਲਖਯ), ਅਦ੍ਰਿਸ਼ਟ, ਜਿਸ ਦੇ ਕੋਈ ਖ਼ਾਸ ਨਿਸ਼ਾਨ ਨਾ ਦਿੱਸਣ। ਬਿਸੰਖ—ਅਸੰਖ ਦਾ, ਬੇਅੰਤ ਹਰੀ ਦਾ। ਆਦੇਸੁ—ਨਮਸਕਾਰ। ਜੁਗੁ ਜੁਗੁ—ਹਰੇਕ ਜੁਗ ਵਿਚ ਮੌਜੂਦ।

ਅਰਥ:- ਬੇਅੰਤ ਜੀਵ (ਪਰਮਾਤਮਾ ਦੇ ਗੁਣਾਂ ਦਾ) ਬਿਆਨ ਕਰਦੇ ਆਏ ਹਨ ਤੇ ਬਿਆਨ ਕਰ ਕੇ (ਜਗਤ ਤੋਂ) ਚਲੇ ਗਏ ਹਨ, ਵੇਦ (ਆਦਿਕ ਧਰਮ-ਪੁਸਤਕ ਵੀ ਉਸ ਦੇ ਗੁਣ) ਦੱਸਦੇ ਆਏ ਹਨ, (ਪਰ) ਕਿਸੇ ਨੇ ਉਸ ਦੇ ਗੁਣਾਂ ਦਾ ਅੰਤ ਨਹੀਂ ਪਾਇਆ। (ਪੁਸਤਕਾਂ) ਪੜ੍ਹਨ ਨਾਲ (ਭੀ ਉਸ ਦਾ) ਭੇਤ ਨਹੀਂ ਪੈਂਦਾ। ਮਤਿ ਉੱਚੀ ਹੋਇਆਂ ਇਹ ਰਾਜ਼ ਸਮਝ ਵਿਚ ਆਉਂਦਾ ਹੈ (ਕਿ ਉਹ ਬੇਅੰਤ ਹੈ)। ਛੇ ਭੇਖਾਂ ਵਾਲੇ ਸਾਧੂਆਂ ਦੇ ਬਾਹਰਲੇ ਲਿਬਾਸ ਰਾਹੀਂ ਭੀ ਕੋਈ ਸੱਚ ਵਿਚ ਨਹੀਂ ਜੁੜ ਸਕਿਆ।

ਉਹ ਸਦਾ-ਥਿਰ ਰਹਿਣ ਵਾਲਾ ਅਕਾਲ ਪੁਰਖ ਹੈ ਤਾਂ ਅਦ੍ਰਿਸ਼ਟ, (ਪਰ ਗੁਰ-) ਸ਼ਬਦ ਦੀ ਰਾਹੀਂ ਸੋਹਣਾ ਲੱਗਦਾ ਹੈ। ਜੋ ਮਨੁੱਖ ਬੇਅੰਤ ਪ੍ਰਭੂ ਦੇ 'ਨਾਮ' ਨੂੰ ਮੰਨਦਾ ਹੈ (ਭਾਵ ਜੋ ਨਾਮ ਵਿਚ ਜੁੜਦਾ ਹੈ), ਉਹ ਉਸ ਦੀ ਹਜ਼ੂਰੀ ਵਿਚ ਅੱਪੜਦਾ ਹੈ, ਉਹ ਮਾਲਕ-ਪ੍ਰਭੂ ਨੂੰ ਸਿਰ ਨਿਵਾਂਦਾ ਹੈ, ਢਾਢੀ ਬਣ ਕੇ ਉਸ ਦੇ ਗੁਣ ਗਾਉਂਦਾ ਹੈ, ਤੇ, ਹੇ ਨਾਨਕ! ਹਰੇਕ ਜੁਗ ਵਿਚ ਮੌਜੂਦ ਰਹਿਣ ਵਾਲੇ ਇੱਕ ਪ੍ਰਭੂ ਨੂੰ ਆਪਣੇ ਮਨ ਵਿਚ ਵਸਾਂਦਾ ਹੈ। 21।

ਸਲੋਕੁ ਮਹਲਾ ੨ ॥ ਮੰਤ੍ਰੀ ਹੋਇ ਅਠੂਹਿਆ ਨਾਗੀ ਲਗੈ ਜਾਇ ॥ ਆਪਣ ਹਥੀ ਆਪਣੈ ਦੇ ਕੂਚਾ ਆਪੇ ਲਾਇ ॥ ਹੁਕਮੁ ਪਇਆ ਧੁਰਿ ਖਸਮ ਕਾ ਅਤੀ ਹੂ ਧਕਾ ਖਾਇ ॥ ਗੁਰਮੁਖ ਸਿਉ ਮਨਮੁਖੁ ਅੜੈ ਡੁਬੈ ਹਕਿ ਨਿਆਇ ॥ ਦੁਹਾ ਸਿਰਿਆ ਆਪੇ ਖਸਮੁ ਵੇ ਖੈ ਕਰਿ ਵਿਉਪਾਇ ॥ ਨਾਨਕ ਏਵੈ ਜਾਣੀਐ ਸਭ ਕਿਛੁ ਤਿਸਹਿ ਰਜਾਇ ॥੧॥ {ਪੰਨਾ 148}

ਪਦਅਰਥ:- ਮੰਤ੍ਰੀ—ਮਾਂਦਰੀ। ਕੂਚਾ—ਲੰਬੂ, ਮੁਆਤਾ। ਧੁਰਿ—ਧੁਰੋਂ। ਅਤੀ ਹੂ—ਅੱਤ ਚੁਕਣ ਦੇ ਕਾਰਨ। ਅੜੈ—ਖਹਿਬੜਦਾ ਹੈ। ਹਕਿ ਨਿਆਇ—ਸੱਚੇ ਨਿਆਂ ਦੇ ਕਾਰਨ। ਵਿਉਪਾਇ—ਨਿਰਨਾ।

ਅਰਥ:- ਅਠੂਹਿਆਂ ਦਾ ਮਾਂਦਰੀ ਹੋ ਕੇ (ਜੋ ਮਨੁੱਖ) ਸੱਪਾਂ ਨੂੰ ਜਾ ਹੱਥ ਪਾਂਦਾ ਹੈ, ਉਹ ਆਪਣੇ ਆਪ ਨੂੰ ਆਪਣੇ ਹੀ ਹੱਥਾਂ ਨਾਲ (ਮਾਨੋ,) ਚੁਆਤੀ ਲਾਂਦਾ ਹੈ। ਧੁਰੋਂ ਮਾਲਕ ਦਾ ਹੁਕਮ ਹੀ ਇਉਂ ਹੁੰਦਾ ਹੈ ਕਿ ਇਸ ਅੱਤ ਦੇ ਕਾਰਨ (ਭਾਵ, ਇਸ ਅੱਤ ਦੇ ਮੂਰਖਪੁਣੇ ਕਰ ਕੇ) ਉਸ ਨੂੰ ਧੱਕਾ ਵੱਜਦਾ ਹੈ। ਮਨਮੁਖ ਮਨੁੱਖ ਗੁਰਮੁਖ ਨਾਲ ਖਹਿਬੜਦਾ ਹੈ (ਕਰਤਾਰ ਦੇ) ਸੱਚੇ ਨਿਆਂ ਅਨੁਸਾਰ ਉਹ (ਸੰਸਾਰ-ਸਮੁੰਦਰ ਵਿਚ) ਡੁੱਬਦਾ ਹੈ (ਭਾਵ, ਵਿਕਾਰਾਂ ਦੀਆਂ ਲਹਰਾਂ ਵਿਚ ਉਸ ਦੀ ਜ਼ਿੰਦਗੀ ਦੀ ਬੇੜੀ ਗ਼ਰਕ ਹੋ ਜਾਂਦੀ ਹੈ)।

ਪਰ (ਕਿਸੇ ਨੂੰ ਦੋਸ਼ ਨਹੀਂ ਦਿੱਤਾ ਜਾ ਸਕਦਾ, ਕੀਹ ਗੁਰਮੁਖ ਤੇ ਕੀਹ ਮਨਮੁਖ) ਦੋਹੀਂ ਪਾਸੀਂ ਖਸਮ-ਪ੍ਰਭੂ ਆਪ (ਸਿਰ ਤੇ ਖਲੋਤਾ ਹੋਇਆ) ਹੈ, ਆਪ ਹੀ ਨਿਰਨਾ ਕਰ ਕੇ ਵੇਖ ਰਿਹਾ ਹੈ। ਹੇ ਨਾਨਕ! (ਅਸਲ ਗੱਲ) ਇਉਂ ਹੀ ਸਮਝਣੀ ਚਾਹੀਦੀ ਹੈ ਕਿ ਹਰੇਕ ਕੰਮ ਉਸ ਦੀ ਰਜ਼ਾ ਵਿਚ ਹੋ ਰਿਹਾ ਹੈ।

ਮਹਲਾ ੨ ॥ ਨਾਨਕ ਪਰਖੇ ਆਪ ਕਉ ਤਾ ਪਾਰਖੁ ਜਾਣੁ ॥ ਰੋਗੁ ਦਾਰੂ ਦੋਵੈ ਬੁਝੈ ਤਾ ਵੈਦੁ ਸੁਜਾਣੁ ॥ ਵਾਟ ਨ ਕਰਈ ਮਾਮਲਾ ਜਾਣੈ ਮਿਹਮਾਣੁ ॥ ਮੂਲੁ ਜਾਣਿ ਗਲਾ ਕਰੇ ਹਾਣਿ ਲਾਏ ਹਾਣੁ ॥ ਲਬਿ ਨ ਚਲਈ ਸਚਿ ਰਹੈ ਸੋ ਵਿਸਟੁ ਪਰਵਾਣੁ ॥ ਸਰੁ ਸੰਧੇ ਆਗਾਸ ਕਉ ਕਿਉ ਪਹੁਚੈ ਬਾਣੁ ॥ ਅਗੈ ਓਹੁ ਅਗੰਮੁ ਹੈ ਵਾਹੇਦੜੁ ਜਾਣੁ ॥੨॥ {ਪੰਨਾ 148}

ਪਦਅਰਥ:- ਸੁਜਾਣੁ—ਸਿਆਣਾ। ਮਾਮਲਾ—ਝੰਬੇਲਾ, ਝੇੜਾ। ਵਾਟ—ਰਾਹ ਵਿਚ। ਮੂਲੁ—ਅਸਲਾ। ਲਬਿ—ਲੱਬ ਨਾਲ, ਲੱਬ ਦੇ ਆਸਰੇ। ਵਿਸਟੁ—ਵਿਚੋਲਾ। ਪਰਵਾਣੁ—ਮੰਨਿਆ ਪ੍ਰਮੰਨਿਆ। ਸਰੁ—ਤੀਰ। ਸੰਧੈ—ਚਲਾਏ। ਬਾਣੁ—ਤੀਰ। ਅੰਗਮੁ—ਜਿਸ ਤਕ ਪਹੁੰਚਿਆ ਨਾਹ ਜਾ ਸਕੇ। ਵਾਹੇਦੜੁ—ਤੀਰ ਵਾਹਣ ਵਾਲਾ। ਹਾਣੁ—ਉਮਰ, ਜ਼ਿੰਦਗੀ ਦਾ ਸਮਾ। ਹਾਣਿ—ਹਾਣੀ, ਹਮ-ਉਮਰ, ਆਪਣੇ ਸੁਭਾਉ ਵਾਲੇ, ਸਤ-ਸੰਗੀ।

ਅਰਥ:- ਹੇ ਨਾਨਕ! (ਦੂਜਿਆਂ ਦੀ ਪੜਚੋਲ ਕਰਨ ਦੇ ਥਾਂ) ਜੇ ਮਨੁੱਖ ਆਪਣੇ ਆਪ ਨੂੰ ਪਰਖੇ, ਤਾਂ ਉਸ ਨੂੰ (ਅਸਲ) ਪਾਰਖੂ ਸਮਝੋ, (ਦੂਜਿਆਂ ਦੇ ਵਿਕਾਰ-ਰੂਪ ਰੋਗ ਲੱਭਣ ਦੇ ਥਾਂ) ਜੇ ਮਨੁੱਖ ਆਪਣਾ (ਆਤਮਕ) ਰੋਗ ਤੇ ਰੋਗ ਦਾ ਇਲਾਜ ਦੋਵੇਂ ਸਮਝ ਲਏ ਤਾਂ ਉਸ ਨੂੰ ਸਿਆਣਾ ਹਕੀਮ ਜਾਣ ਲਵੋ। (ਇਹੋ ਜਿਹਾ 'ਸੁਜਾਣ ਵੈਦ') (ਜ਼ਿੰਦਗੀ ਦੇ) ਰਾਹ ਵਿਚ (ਹੋਰਨਾਂ ਨਾਲ) ਝੇੜੇ ਨਹੀਂ ਪਾ ਬੈਠਦਾ, ਉਹ (ਆਪਣੇ ਆਪ ਨੂੰ ਜਗਤ ਵਿਚ) ਮੁਸਾਫ਼ਿਰ ਜਾਣਦਾ ਹੈ, (ਆਪਣੇ) ਅਸਲੇ (ਪ੍ਰਭੂ) ਨਾਲ ਡੂੰਘੀ ਸਾਂਝ ਪਾ ਕੇ, ਜੋ ਭੀ ਗੱਲ ਕਰਦਾ ਹੈ ਆਪਣਾ ਸਮਾ ਸਤ-ਸੰਗੀਆਂ ਨਾਲ (ਮਿਲ ਕੇ) ਗੁਜ਼ਾਰਦਾ ਹੈ। ਉਹ ਮਨੁੱਖ ਲੱਬ ਦੇ ਆਸਰੇ ਨਹੀਂ ਤੁਰਦਾ, ਸੱਚ ਵਿਚ ਟਿਕਿਆ ਰਹਿੰਦਾ ਹੈ (ਐਸਾ ਮਨੁੱਖ ਆਪ ਤਾਂ ਤੁਰਦਾ ਹੀ ਹੈ, ਹੋਰਨਾਂ ਲਈ ਭੀ) ਪਰਮਾਣੀਕ ਵਿਚੋਲਾ ਬਣ ਜਾਂਦਾ ਹੈ।

(ਪਰ ਜੇ ਆਪ ਹੋਵੇ ਮਨਮੁਖ ਤੇ ਅੜੇ ਗੁਰਮੁਖਾਂ ਨਾਲ, ਉਹ ਇਉਂ ਹੀ ਹੈ ਜਿਵੇਂ ਆਕਾਸ਼ ਨੂੰ ਤੀਰ ਮਾਰਦਾ ਹੈ) ਜੋ ਮਨੁੱਖ ਆਕਾਸ਼ ਵਲ ਤੀਰ ਚਲਾਂਦਾ ਹੈ, (ਉਸ ਦਾ) ਤੀਰ ਕਿਵੇਂ (ਨਿਸ਼ਾਨੇ ਤੇ) ਅੱਪੜੇ? ਉਹ ਆਕਾਸ਼ ਤਾਂ ਅੱਗੋਂ ਅਪਹੁੰਚ ਹੈ, ਸੋ, (ਯਕੀਨ) ਜਾਣੋ ਕਿ ਤੀਰ ਚਲਾਣ ਵਾਲਾ ਹੀ (ਵਿੰਨ੍ਹਿਆ ਜਾਂਦਾ ਹੈ)।2।

ਪਉੜੀ ॥ ਨਾਰੀ ਪੁਰਖ ਪਿਆਰੁ ਪ੍ਰੇਮਿ ਸੀਗਾਰੀਆ ॥ ਕਰਨਿ ਭਗਤਿ ਦਿਨੁ ਰਾਤਿ ਨ ਰਹਨੀ ਵਾਰੀਆ ॥ ਮਹਲਾ ਮੰਝਿ ਨਿਵਾਸੁ ਸਬਦਿ ਸਵਾਰੀਆ ॥ ਸਚੁ ਕਹਨਿ ਅਰਦਾਸਿ ਸੇ ਵੇਚਾਰੀਆ ॥ ਸੋਹਨਿ ਖਸਮੈ ਪਾਸਿ ਹੁਕਮਿ ਸਿਧਾਰੀਆ ॥ ਸਖੀ ਕਹਨਿ ਅਰਦਾਸਿ ਮਨਹੁ ਪਿਆਰੀਆ ॥ ਬਿਨੁ ਨਾਵੈ ਧ੍ਰਿਗੁ ਵਾਸੁ ਫਿਟੁ ਸੁ ਜੀਵਿਆ ॥ ਸਬਦਿ ਸਵਾਰੀਆਸੁ ਅੰਮ੍ਰਿਤੁ ਪੀਵਿਆ ॥੨॥ {ਪੰਨਾ 148}

ਪਦਅਰਥ:- ਨਾਰੀ—ਜੀਵ-ਇਸਤ੍ਰੀ। ਪ੍ਰੇਮ—(ਪ੍ਰਭੂ) ਪਿਆਰ (-ਰੂਪ ਗਹਣੇ) ਨਾਲ। ਸੀਗਾਰੀਆ—ਸਜੀਆਂ ਹੋਇਆਂ। ਵਾਰੀਆ—ਵਰਜੀਆਂ। ਸਿਧਾਰੀਆ—ਅੱਪੜੀਆਂ ਹੋਈਆਂ। ਸਖੀ—ਸਖੀਆਂ, ਗੋਲੀਆਂ, ਸੇਵਕਾ। ਮਨਹੁ—ਦਿਲੋਂ, ਸੱਚੇ ਦਿਲੋਂ। ਧ੍ਰਿਗੁ—ਫਿਟੁ, ਫਿਟਕਾਰ-ਜੋਗ। ਸਵਾਰੀ ਆਸੁ—ਜੋ ਉਸ ਨੇ ਸੁਧਾਰੀ ਹੈ।

ਅਰਥ:- ਜਿਨ੍ਹਾਂ ਜੀਵ-ਇਸਤ੍ਰੀਆਂ ਦਾ ਪ੍ਰਭੂ-ਪਤੀ ਨਾਲ ਪਿਆਰ ਹੈ, ਉਹ ਇਸ ਪਿਆਰ (-ਰੂਪ ਗਹਣੇ ਨਾਲ) ਸਜੀਆਂ ਹੋਈਆਂ ਹਨ, ਉਹ ਦਿਨ ਰਾਤ (ਪ੍ਰਭੂ-ਪਤੀ ਦੀ) ਭਗਤੀ ਕਰਦੀਆਂ ਹਨ, ਵਰਜੀਆਂ (ਭੀ ਭਗਤੀ ਤੋਂ) ਹਟਦੀਆਂ ਨਹੀਂ ਹਨ, ਸਤਿਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਸੁਧਰੀਆਂ ਹੋਈਆਂ ਉਹ (ਮਾਨੋ) ਮਹਲਾਂ ਵਿਚ ਵੱਸਦੀਆਂ ਹਨ, ਉਹ ਵਿਚਾਰਵਾਨ (ਹੋ ਜਾਣ ਦੇ ਕਾਰਨ) ਸਦਾ-ਥਿਰ ਰਹਿਣ ਵਾਲੀ ਅਰਦਾਸ ਕਰਦੀਆਂ ਹਨ (ਭਾਵ, ਦੁਨੀਆ ਦੇ ਨਾਸਵੰਤ ਪਦਾਰਥ ਨਹੀਂ ਮੰਗਦੀਆਂ, ਸਦਾ-ਕਾਇਮ ਰਹਿਣ ਵਾਲਾ 'ਪਿਆਰ' ਹੀ ਮੰਗਦੀਆਂ ਹਨ), (ਪਤੀ-ਪ੍ਰਭੂ ਦੇ) ਹੁਕਮ ਅਨੁਸਾਰ (ਪਤੀ-ਪ੍ਰਭੂ ਤਕ) ਅੱਪੜੀਆਂ ਹੋਈਆਂ ਉਹ ਖਸਮ-ਪ੍ਰਭੂ ਦੇ ਕੋਲ (ਬੈਠੀਆਂ) ਸੋਭਦੀਆਂ ਹਨ, ਪ੍ਰਭੂ ਨੂੰ ਦਿਲੋਂ ਪਿਆਰ ਕਰਦੀਆਂ ਹਨ ਤੇ ਸਖੀ-ਭਾਵਨਾਂ ਨਾਲ ਉਸ ਅੱਗੇ ਅਰਦਾਸ ਕਰਦੀਆਂ ਹਨ।

(ਪਰ) ਉਹ ਜੀਊਣ ਫਿਟਕਾਰ-ਜੋਗ ਹੈ, ਉਸ ਵਸੇਬੇ ਨੂੰ ਲਾਹਨਤ ਹੈ ਜੋ ਨਾਮ ਤੋਂ ਸੱਖਣਾ ਹੈ। ਜਿਸ ਜੀਵ-ਇਸਤ੍ਰੀ ਨੂੰ (ਅਕਾਲ ਪੁਰਖ) ਨੇ ਗੁਰ-ਸ਼ਬਦ ਦੀ ਰਾਹੀਂ ਸੁਧਾਰਿਆ ਹੈ ਉਸ ਨੇ (ਨਾਮ-) ਅੰਮ੍ਰਿਤ ਪੀਤਾ ਹੈ। 22।

ਸਲੋਕੁ ਮਃ ੧ ॥ ਮਾਰੂ ਮੀਹਿ ਨ ਤ੍ਰਿਪਤਿਆ ਅਗੀ ਲਹੈ ਨ ਭੁਖ ॥ ਰਾਜਾ ਰਾਜਿ ਨ ਤ੍ਰਿਪਤਿਆ ਸਾਇਰ ਭਰੇ ਕਿਸੁਕ ॥ ਨਾਨਕ ਸਚੇ ਨਾਮ ਕੀ ਕੇਤੀ ਪੁਛਾ ਪੁਛ ॥੧॥ {ਪੰਨਾ 148}

ਪਦਅਰਥ:- ਮੀਹਿ—ਮੀਂਹ ਨਾਲ। ਮਾਰੂ—ਰੇਤ-ਥਲਾ। ਰਾਜਿ—ਰਾਜ ਨਾਲ। ਸਾਇਰ ਭਰੇ—ਭਰੇ ਹੋਏ ਸਮੁੰਦਰ ਨੂੰ। ਕਿ—ਕੀਹ? ਸੁਕ—ਪਾਣੀ ਦਾ ਸੁੱਕਣਾ। ਕੇਤੀ ਪੁਛਾ ਪੁਛ—ਅੰਤ ਪਾਇਆ ਨਹੀਂ ਜਾ ਸਕਦਾ, ਕਿਤਨੀ ਕੁ ਤਾਂਘ ਹੁੰਦੀ ਹੈ—ਇਹ ਗੱਲ ਦੱਸੀ ਨਹੀਂ ਜਾ ਸਕਦੀ।

(ਨੋਟ:- ਰੇਤ-ਥਲੇ ਦਾ ਸੁੱਕਾ ਰਹਿਣ ਦਾ ਸੁਭਾਉ ਮੀਂਹ ਨਾਲ ਨਹੀਂ ਹਟਦਾ, ਲੱਕੜਾਂ ਅੱਗ ਸਾੜਨ ਦੇ ਸੁਭਾਉ ਨੂੰ ਮਿਟਾ ਨਹੀਂ ਸਕਦੀਆਂ; ਭਰੇ ਸਮੁੰਦਰ ਦੀ ਅਗਾਧਤਾ ਨੂੰ ਸੁੱਕ ਨਹੀਂ ਮੁਕਾ ਸਕਦੀ, ਇਸੇ ਤਰ੍ਹਾਂ ਨਾਮ-ਰਸ ਵਾਲਿਆਂ ਦੀ ਨਾਮ ਭੁੱਖ ਦਾ ਕਦੇ ਖ਼ਾਤਮਾ ਨਹੀਂ ਹੁੰਦਾ)।

ਅਰਥ:- ਰੇਤ-ਥਲਾ ਮੀਂਹ ਨਾਲ (ਕਦੇ) ਰੱਜਦਾ ਨਹੀਂ, ਅੱਗ ਦੀ (ਸਾੜਨ ਦੀ) ਭੁੱਖ (ਕਦੇ ਬਾਲਣ ਨਾਲ) ਨਹੀਂ ਮਿਟਦੀ, (ਕੋਈ) ਰਾਜਾ ਕਦੇ ਰਾਜ (ਕਰਨ) ਨਾਲ ਨਹੀਂ ਰੱਜਿਆ, ਭਰੇ ਸਮੁੰਦਰ ਨੂੰ ਸੁੱਕ ਕੀਹ ਆਖ ਸਕਦੀ ਹੈ? (ਭਾਵ, ਕਿਤਨੀ ਤਪਸ਼ ਪਈ ਪਵੇ, ਭਰੇ ਸਮੁੰਦਰਾਂ ਦੇ ਡੂੰਘੇ ਪਾਣੀਆਂ ਨੂੰ ਸੁੱਕ ਨਹੀਂ ਮੁਕਾ ਸਕਦੀ), (ਤਿਵੇਂ) ਹੇ ਨਾਨਕ! (ਨਾਮ ਜਪਣ ਵਾਲਿਆਂ ਦੇ ਅੰਦਰ) ਸੱਚੇ ਨਾਮ ਦੀ ਕਿਤਨੀ ਕੁ ਤਾਂਘ ਹੁੰਦੀ ਹੈ—ਇਹ ਗੱਲ ਦੱਸੀ ਨਹੀਂ ਜਾ ਸਕਦੀ।1।

ਮਹਲਾ ੨ ॥ਨਿਹਫਲੰ ਤਸਿ ਜਨਮਸਿ ਜਾਵਤੁ ਬ੍ਰਹਮ ਨ ਬਿੰਦਤੇ ॥ ਸਾਗਰੰ ਸੰਸਾਰਸਿ ਗੁਰ ਪਰਸਾਦੀ ਤਰਹਿ ਕੇ ॥ ਕਰਣ ਕਾਰਣ ਸਮਰਥੁ ਹੈ ਕਹੁ ਨਾਨਕ ਬੀਚਾਰਿ ॥ ਕਾਰਣੁ ਕਰਤੇ ਵਸਿ ਹੈ ਜਿਨਿ ਕਲ ਰਖੀ ਧਾਰਿ ॥੨॥ {ਪੰਨਾ 148}

ਪਦਅਰਥ:- ਤਸਿ—(ਸੰ: ਤਸਯ) ਉਸ (ਮਨੁੱਖ) ਦਾ। ਜਨਮਸਿ—(ਸੰ: ਜਨਮ+ਅਸਤਿ। ਅਸਤਿ—ਹੈ) ਜਨਮ ਹੈ। ਜਾਵਤੁ—(ਸੰ: ਯਾਵਤ) ਜਦ ਤਕ। ਬਿੰਦਤੇ—ਜਾਣਦਾ ਹੈ। ਸੰਸਾਰਸਿ—(ਸੰ: ਸੰਸਾਰਸਯ) ਸੰਸਾਰ ਦਾ। ਤਰਹਿ—ਤਰਦੇ ਹਨ। ਕੇ—ਕਈ ਜੀਵ।

{ਨੋਟ:- ਲਫ਼ਜ਼ 'ਕੇ' ਦਾ ਅਰਥ "ਕੋਈ ਵਿਰਲਾ" ਕਰਨਾ ਗ਼ਲਤ ਹੈ, ਕਿਉਂਕਿ ਇਸ ਦੇ ਨਾਲ ਦੀ 'ਕ੍ਰਿਆ' "ਤਰਹਿ" ਬਹੁ-ਵਚਨ ਹੈ। 'ਜਪੁਜੀ' ਦੇ ਆਖ਼ੀਰ ਵਿਚ "ਕੇ ਨੇੜੇ ਕੇ ਦੂਰਿ"—ਇਥੇ ਲਫ਼ਜ਼ 'ਕੇ' ਦਾ ਅਰਥ ਹੈ 'ਕਈ'}। ਕਰਣ—ਜਗਤ। ਕਲ—ਕਲਾ, ਸੱਤਿਆ।

ਅਰਥ:- ਜਦ ਤਕ (ਮਨੁੱਖ) ਅਕਾਲ ਪੁਰਖ ਨੂੰ ਨਹੀਂ ਪਛਾਣਦਾ ਤਦ ਤਕ ਉਸ ਦਾ ਜਨਮ ਵਿਅਰਥ ਹੈ, ਪਰ ਗੁਰੂ ਦੀ ਕਿਰਪਾ ਨਾਲ ਜੋ ਬੰਦੇ (ਨਾਮ ਵਿਚ ਜੁੜਦੇ ਹਨ ਉਹ) ਸੰਸਾਰ ਦੇ ਸਮੁੰਦਰ ਤੋਂ ਤਰ ਜਾਂਦੇ ਹਨ।

ਹੇ ਨਾਨਕ! ਜੋ ਪ੍ਰਭੂ ਜਗਤ ਦਾ ਮੂਲ ਸਭ ਕੁਝ ਕਰਨ-ਜੋਗ ਹੈ, ਜਿਸ ਕਰਤਾਰ ਦੇ ਵੱਸ ਜਗਤ ਦਾ ਬਨਾਣਾ ਹੈ, ਜਿਸ ਨੇ (ਸਾਰੇ ਜਗਤ ਵਿਚ) ਆਪਣੀ ਸੱਤਿਆ ਟਿਕਾਈ ਹੋਈ ਹੈ, ਉਸ ਦਾ ਧਿਆਨ ਧਰ।2।

ਪਉੜੀ ॥ ਖਸਮੈ ਕੈ ਦਰਬਾਰਿ ਢਾਢੀ ਵਸਿਆ ॥ ਸਚਾ ਖਸਮੁ ਕਲਾਣਿ ਕਮਲੁ ਵਿਗਸਿਆ ॥ ਖਸਮਹੁ ਪੂਰਾ ਪਾਇ ਮਨਹੁ ਰਹਸਿਆ ॥ ਦੁਸਮਨ ਕਢੇ ਮਾਰਿ ਸਜਣ ਸਰਸਿਆ ॥ ਸਚਾ ਸਤਿਗੁਰੁ ਸੇਵਨਿ ਸਚਾ ਮਾਰਗੁ ਦਸਿਆ ॥ ਸਚਾ ਸਬਦੁ ਬੀਚਾਰਿ ਕਾਲੁ ਵਿਧਉਸਿਆ ॥ ਢਾਢੀ ਕਥੇ ਅਕਥੁ ਸਬਦਿ ਸਵਾਰਿਆ ॥ ਨਾਨਕ ਗੁਣ ਗਹਿ ਰਾਸਿ ਹਰਿ ਜੀਉ ਮਿਲੇ ਪਿਆਰਿਆ ॥੨੩॥ {ਪੰਨਾ 148}

ਪਦਅਰਥ:- ਢਾਢੀ—ਸਿਫ਼ਤਿ ਕਰਨ ਵਾਲਾ। ਕਲਾਣਿ—ਕਲਾਣ ਕੇ, ਸਿਫ਼ਤਿ-ਸਾਲਾਹ ਕਰਕੇ। ਵਿਗਸਿਆ—ਖਿੜ ਪਿਆ। ਪੂਰਾ—ਪੂਰਾ ਮਰਤਬਾ। ਰਹਸਿਆ—ਖਿੜ ਆਇਆ। ਦੁਸਮਨ—ਕਾਮਾਦਿਕ ਵਿਕਾਰ, ਵੈਰੀ। ਸਜਣ—ਨਾਮ ਵਿਚ ਲੱਗੇ ਗਿਆਨ-ਇੰਦ੍ਰੇ। ਸੇਵਨਿ—ਸੇਂਵਦੇ ਹਨ, ਹੁਕਮ ਵਿਚ ਤੁਰਦੇ ਹਨ, ਮਾਰਗੁ—ਰਸਤਾ। ਵਿਧਉਸਿਆ—ਨਾਸ ਕੀਤਾ। ਗੁਣਾਂ ਰਾਸਿ—ਗੁਣ ਦੀ ਪੂੰਜੀ। ਗਹਿ—ਗ੍ਰਹਿਣ ਕਰ ਕੇ, ਲੈ ਕੇ।

ਅਰਥ:- ਜੋ ਮਨੁੱਖ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਹੈ ਉਹ (ਸਦਾ) ਮਾਲਕ ਦੀ ਹਜ਼ੂਰੀ ਵਿਚ ਵੱਸਦਾ ਹੈ। ਸਦਾ ਕਾਇਮ ਰਹਿਣ ਵਾਲੇ ਖਸਮ ਨੂੰ ਸਾਲਾਹ ਕੇ ਉਸ ਦਾ ਹਿਰਦਾ-ਕਉਲ ਖਿੜਿਆ ਰਹਿੰਦਾ ਹੈ। ਮਾਲਕ ਤੋਂ ਪੂਰਾ ਮਰਤਬਾ (ਭਾਵ, ਪੂਰਨ ਅਵਸਥਾ) ਹਾਸਲ ਕਰ ਕੇ ਉਹ ਅੰਦਰੋਂ ਹੁਲਾਸ ਵਿਚ ਆਉਂਦਾ ਹੈ, (ਕਿਉਂਕਿ ਕਾਮਾਦਿਕ ਵਿਕਾਰ) ਵੈਰੀਆਂ ਨੂੰ ਉਹ (ਅੰਦਰੋਂ) ਮਾਰ ਕੇ ਕੱਢ ਦੇਂਦਾ ਹੈ (ਤਾਂ ਫਿਰ ਨਾਮ ਵਿਚ ਲੱਗੇ ਉਸ ਦੇ ਗਿਆਨ-ਇੰਦ੍ਰੇ-ਰੂਪ) ਮਿਤ੍ਰ ਟਹਿਕ ਪੈਂਦੇ ਹਨ, ਇਹ ਗਿਆਨ-ਇੰਦ੍ਰੇ) ਗੁਰੂ ਦੀ ਰਜ਼ਾ ਵਿਚ ਤੁਰਨ ਲੱਗ ਜਾਂਦੇ ਹਨ, ਸਤਿਗੁਰੂ ਇਹਨਾਂ ਨੂੰ (ਹੁਣ ਜੀਵਨ ਦਾ) ਸੱਚਾ ਰਾਹ ਵਿਖਾਲਦਾ ਹੈ।

ਸਿਫ਼ਤਿ-ਸਾਲਾਹ ਕਰਨ ਵਾਲਾ ਮਨੁੱਖ ਸੱਚਾ ਗੁਰ-ਸ਼ਬਦ ਵੀਚਾਰ ਕੇ (ਆਤਮਕ) ਮੌਤ (ਦਾ ਡਰ) ਦੂਰ ਲੈਂਦਾ ਹੈ, ਗੁਰੂ ਸ਼ਬਦ ਦੀ ਬਰਕਤਿ ਨਾਲ ਸੁਧਰਿਆ ਹੋਇਆ ਢਾਢੀ ਅਕੱਥ ਪ੍ਰਭੂ ਦੇ ਗੁਣ ਗਾਉਂਦਾ ਹੈ, (ਇਸ ਤਰ੍ਹਾਂ), ਹੇ ਨਾਨਕ! ਪ੍ਰਭੂ ਦੇ ਗੁਣਾਂ ਦੀ ਪੂੰਜੀ ਇਕੱਠੀ ਕਰ ਕੇ ਪਿਆਰੇ ਪ੍ਰਭੂ ਨਾਲ ਮਿਲ ਜਾਂਦਾ ਹੈ। 23।

ਸਲੋਕੁ ਮਃ ੧ ॥ ਖਤਿਅਹੁ ਜੰਮੇ ਖਤੇ ਕਰਨਿ ਤ ਖਤਿਆ ਵਿਚਿ ਪਾਹਿ ॥ ਧੋਤੇ ਮੂਲਿ ਨ ਉਤਰਹਿ ਜੇ ਸਉ ਧੋਵਣ ਪਾਹਿ ॥ ਨਾਨਕ ਬਖਸੇ ਬਖਸੀਅਹਿ ਨਾਹਿ ਤ ਪਾਹੀ ਪਾਹਿ ॥੧॥ {ਪੰਨਾ 149}

ਪਦਅਰਥ:- ਖਤਿਅਹੁ—ਖ਼ਤਾ ਤੋਂ, ਪਾਪ ਤੋਂ। ਕਰਨਿ—{ਨੋਟ:- ਪਦ-ਛੇਦ 'ਕਰ ਨਿਤ' ਗਲਤ ਹੈ, ਲਫ਼ਜ਼ 'ਕਰਨਿ' ਕ੍ਰਿਆ ਹੈ 'ਵਰਤਮਾਨ', ਅੰਨ ਪੁਰਖ, ਬਹੁ-ਵਚਨ} ਕਰਦੇ ਹਨ। ਮੂਲਿ—ਉੱਕਾ ਹੀ। ਪਾਹੀ—(ਸੰ: ਉਪਾਨਹ) ਜੁੱਤਿਆਂ। ਖਤੇ—ਪਾਪ।

ਅਰਥ:- ਪਾਪਾਂ ਦੇ ਕਾਰਨ (ਜੋ ਜੀਵ) ਜੰਮਦੇ ਹਨ, (ਇਥੇ ਭੀ) ਪਾਪ ਕਰਦੇ ਹਨ ਤੇ (ਅਗਾਂਹ ਭੀ ਇਹਨਾਂ ਕੀਤੇ ਪਾਪਾਂ ਦੇ ਸੰਸਕਾਰਾਂ ਕਰਕੇ) ਪਾਪਾਂ ਵਿਚ ਹੀ ਪ੍ਰਵਿਰਤ ਹੁੰਦੇ ਹਨ। ਇਹ ਪਾਪ ਧੋਤਿਆਂ ਉੱਕਾ ਹੀ ਨਹੀਂ ਉਤਰਦੇ ਭਾਵੇਂ ਸੌ ਧੋਣ ਧੋਈਏ (ਭਾਵ, ਭਾਵੇਂ ਸੌ ਵਾਰੀ ਧੋਣ ਦਾ ਜਤਨ ਕਰੀਏ)। ਹੇ ਨਾਨਕ! ਜੇ ਪ੍ਰਭੂ ਮਿਹਰ ਕਰੇ (ਤਾਂ ਇਹ ਪਾਪ) ਬਖ਼ਸ਼ੇ ਜਾਂਦੇ ਹਨ, ਨਹੀਂ ਤਾਂ ਜੁੱਤੀਆਂ ਹੀ ਪੈਂਦੀਆਂ ਹਨ।1।

ਮਃ ੧ ॥ ਨਾਨਕ ਬੋਲਣੁ ਝਖਣਾ ਦੁਖ ਛਡਿ ਮੰਗੀਅਹਿ ਸੁਖ ॥ ਸੁਖੁ ਦੁਖੁ ਦੁਇ ਦਰਿ ਕਪੜੇ ਪਹਿਰਹਿ ਜਾਇ ਮਨੁਖ ॥ ਜਿਥੈ ਬੋਲਣਿ ਹਾਰੀਐ ਤਿਥੈ ਚੰਗੀ ਚੁਪ ॥੨॥ {ਪੰਨਾ 149}

ਪਦਅਰਥ:- ਝਖਣਾ—ਵਿਅਰਥ ਬੋਲਣਾ, ਸਿਰ-ਖਪਾਈ। ਮੰਗੀਅਹਿ—ਮੰਗੇ ਜਾਂਦੇ ਹਨ। ਦਰਿ—ਪ੍ਰਭੂ ਦੇ ਦਰ ਤੋਂ। ਪਹਿਰਹਿ—ਪਹਿਨਦੇ ਹਨ। ਜਾਇ—ਜਨਮ ਲੈ ਕੇ। ਬੋਲਣਿ—ਬੋਲਣ ਨਾਲ, (ਦੁੱਖਾਂ ਤੋਂ) ਗਿਲਾ ਕਰਨ ਨਾਲ। ਹਾਰੀਐ—ਹਾਰ ਹੀ ਮੰਨਣੀ ਪੈਂਦੀ ਹੈ।

ਅਰਥ:- ਹੇ ਨਾਨਕ! (ਇਹ ਜੋ) ਦੁਖ ਛੱਡ ਕੇ ਸੁਖ ਪਏ ਮੰਗਦੇ ਹਨ, ਅਜੇਹਾ ਬੋਲਣਾ ਸਿਰ ਖਪਾਈ ਹੀ ਹੈ, ਸੁਖ ਤੇ ਦੁਖ ਦੋਵੇਂ ਪ੍ਰਭੂ ਦੇ ਦਰ ਤੋਂ ਕੱਪੜੇ ਮਿਲੇ ਹੋਏ ਹਨ ਜੋ, ਮਨੁੱਖ ਜਨਮ ਲੈ ਕੇ ਇਥੇ ਪਹਿਨਦੇ ਹਨ (ਭਾਵ, ਦੁੱਖਾਂ ਦੇ ਸੁਖਾਂ ਤੇ ਚੱਕਰ ਹਰੇਕ ਉੱਤੇ ਆਉਂਦੇ ਹੀ ਰਹਿੰਦੇ ਹਨ); ਸੋ ਜਿਸ ਦੇ ਸਾਹਮਣੇ ਇਤਰਾਜ਼ ਗਿਲਾ ਕੀਤਿਆਂ (ਅੰਤ) ਹਾਰ ਹੀ ਮੰਨਣੀ ਪੈਂਦੀ ਹੈ ਓਥੇ ਚੁੱਪ ਰਹਿਣਾ ਹੀ ਚੰਗਾ ਹੈ (ਭਾਵ ਰਜ਼ਾ ਵਿਚ ਤੁਰਨਾ ਸਭ ਤੋਂ ਚੰਗਾ ਹੈ)।2।

ਪਉੜੀ ॥ ਚਾਰੇ ਕੁੰਡਾ ਦੇਖਿ ਅੰਦਰੁ ਭਾਲਿਆ ॥ ਸਚੈ ਪੁਰਖਿ ਅਲਖਿ ਸਿਰਜਿ ਨਿਹਾਲਿਆ ॥ ਉਝੜਿ ਭੁਲੇ ਰਾਹ ਗੁਰਿ ਵੇਖਾਲਿਆ ॥ ਸਤਿਗੁਰ ਸਚੇ ਵਾਹੁ ਸਚੁ ਸਮਾਲਿਆ ॥ ਪਾ ਇਆ ਰਤਨੁ

ਘਰਾਹੁ ਦੀਵਾ ਬਾਲਿਆ ॥ ਸਚੈ ਸਬਦਿ ਸਲਾਹਿ ਸੁਖੀਏ ਸਚ ਵਾਲਿਆ ॥ ਨਿਡਰਿਆ ਡਰੁ ਲਗਿ ਗਰਬਿ ਸਿ ਗਾਲਿਆ ॥ ਨਾਵਹੁ ਭੁਲਾ ਜਗੁ ਫਿਰੈ ਬੇਤਾਲਿਆ ॥੪॥ {ਪੰਨਾ 149}

ਪਦਅਰਥ:- ਅੰਦਰੁ—ਅੰਦਰਲਾ ਮਨ {ਨੋਟ:- ਲਫ਼ਜ਼ 'ਅੰਦਰੁ' ਵਿਆਕਰਣ ਅਨੁਸਾਰ 'ਨਾਂਵ' ਹੈ, ਪਰ ਲਫ਼ਜ਼ 'ਅੰਦਰਿ' ਸੰਬੰਧਕ ਹੈ; ਜਿਵੇ 'ਖੁੰਢਾ ਅੰਦਰਿ ਰਖਿ ਕੈ' ॥2॥11॥ ਦੋਹਾਂ ਲਫ਼ਜ਼ਾਂ ਦਾ ਜੋੜ ਧਿਆਨ-ਜੋਗ ਹੈ}। ਅਲਖਿ—ਅੱਲਖ ਨੇ, ਅਦ੍ਰਿਸ਼ਟ ਪ੍ਰਭੂ ਨੇ। ਸਿਰਜਿ—(ਜਗਤ) ਪੈਦਾ ਕਰ ਕੇ। ਉਝੜਿ—ਔਝੜ ਵਿਚ, ਕੁਰਾਹ ਵਿਚ। ਗੁਰਿ—ਗੁਰੂ ਨੇ। ਵਾਹੁ—ਸਾਬਾਸ਼ੇ। ਸਤਿਗੁਰ ਵਾਹੁ—ਗੁਰੂ ਨੂੰ ਸ਼ਾਬਾਸ਼ੇ। ਘਰਾਹੁ—ਘਰੋਂ ਹੀ। ਗਰਬਿ—ਅਹੰਕਾਰ ਵਿਚ।

{ਨੋਟ:- ਲਫ਼ਜ਼ 'ਭਾਲਿਆ', 'ਨਿਹਾਲਿਆ' ਆਦਿਕ 'ਭੂਤ-ਕਾਲ' ਵਿਚ ਹਨ, ਇਹਨਾਂ ਦਾ ਅਰਥ 'ਵਰਤਮਾਨ' ਵਿਚ ਕਰਨਾ ਹੈ। }

ਅਰਥ:- ਜੋ ਮਨੁੱਖ ਚਾਰੇ ਤਰਫਾਂ ਵੇਖ ਕੇ (ਭਾਵ, ਬਾਹਰ ਚਵੀਂ ਪਾਸੀਂ ਭਟਕਣਾ ਛੱਡ ਕੇ) ਆਪਣਾ ਅੰਦਰ ਭਾਲਦਾ ਹੈ (ਉਸ ਨੂੰ ਦਿੱਸ ਪੈਂਦਾ ਹੈ ਕਿ) ਸੱਚੇ ਅਲੱਖ ਅਕਾਲ ਪੁਰਖ ਨੇ (ਜਗਤ) ਪੈਦਾ ਕਰਕੇ ਆਪ ਹੀ ਉਸ ਦੀ ਸੰਭਾਲ ਕੀਤੀ ਹੈ (ਭਾਵ, ਸੰਭਾਲ ਕਰ ਰਿਹਾ ਹੈ)।

ਕੁਰਾਹੇ ਭਟਕ ਰਹੇ ਮਨੁੱਖ ਨੂੰ ਗੁਰੂ ਨੇ ਰਸਤਾ ਦਿਖਾਇਆ ਹੈ (ਰਾਹ ਗੁਰੂ ਵਿਖਾਂਦਾ ਹੈ), ਸੱਚੇ ਸਤਿਗੁਰੂ ਨੂੰ ਸ਼ਾਬਾਸ਼ੇ ਹੈ (ਜਿਸ ਦੀ ਬਰਕਤਿ ਨਾਲ) ਸੱਚੇ ਪ੍ਰਭੂ ਨੂੰ ਸਿਮਰੀਦਾ ਹੈ। (ਜਿਸ ਮਨੁੱਖ ਦੇ ਅੰਦਰ ਸਤਿਗੁਰੂ ਨੇ ਗਿਆਨ ਦਾ) ਦੀਵਾ ਜਗਾ ਦਿੱਤਾ ਹੈ, ਉਸ ਨੂੰ ਆਪਣੇ ਅੰਦਰੋਂ ਹੀ (ਨਾਮ-) ਰਤਨ ਲੱਭ ਪਿਆ ਹੈ। (ਗੁਰੂ ਦੀ ਸ਼ਰਨ ਆ ਕੇ) ਸੱਚੇ ਸ਼ਬਦ ਦੀ ਰਾਹੀਂ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰ ਕੇ (ਮਨੁੱਖ) ਸੁਖੀ ਹੋ ਜਾਂਦੇ ਹਨ, ਖਸਮ ਵਾਲੇ ਹੋ ਜਾਂਦੇ ਹਨ।

(ਪਰ) ਜਿਨ੍ਹਾਂ ਪ੍ਰਭੂ ਦਾ ਡਰ ਨਹੀਂ ਰੱਖਿਆ ਉਹਨਾਂ ਨੂੰ (ਹੋਰ) ਡਰ ਮਾਰਦਾ ਹੈ, ਉਹ ਅਹੰਕਾਰ ਵਿਚ ਪਏ ਗਲਦੇ ਹਨ। ਪ੍ਰਭੂ ਦੇ ਨਾਮ ਤੋਂ ਭੁੱਲਾ ਹੋਇਆ ਜਗਤ ਬੇ-ਤਾਲ (ਬੇ ਥਵ੍ਹਾ) ਫਿਰਦਾ ਹੈ। 24।

ਸਲੋਕੁ ਮਃ ੩ ॥ ਭੈ ਵਿਚਿ ਜੰਮੈ ਭੈ ਮਰੈ ਭੀ ਭਉ ਮਨ ਮਹਿ ਹੋਇ ॥ ਨਾਨਕ ਭੈ ਵਿਚਿ ਜੇ ਮਰੈ ਸਹਿਲਾ ਆਇਆ ਸੋਇ ॥੧॥ {ਪੰਨਾ 149}

ਪਦਅਰਥ:- ਭੈ ਵਿਚਿ—ਸਹਮ ਵਿਚ। ਭਉ—ਸਹਮ। ਭੈ ਵਿਚਿ—ਪ੍ਰਭੂ ਦੇ ਡਰ ਵਿਚ। ਸਹਿਲਾ—ਸਫਲਾ। ਮਰੈ—ਅਪਣੱਤ ਗਵਾਂਦਾ ਹੈ।

ਅਰਥ:- ਜਗਤ ਸਹਮ ਵਿਚ ਜੰਮਦਾ ਹੈ, ਸਹਮ ਵਿਚ ਹੀ ਮਰਦਾ ਹੈ, ਸਦਾ ਹੀ ਸਹਮ ਇਸ ਦੇ ਮਨ ਵਿਚ ਟਿਕਿਆ ਰਹਿੰਦਾ ਹੈ; (ਪਰ) ਹੇ ਨਾਨਕ! ਜੋ ਮਨੁੱਖ ਪਰਮਾਤਮਾ ਦੇ ਡਰ ਵਿਚ ਆਪਾ-ਭਾਵ ਮਾਰਦਾ ਹੈ ਉਸ ਦਾ ਜੰਮਣਾ ਮੁਬਾਰਕ ਹੈ (ਜਗਤ ਦੀ ਮਮਤਾ ਮਨੁੱਖ ਦੇ ਅੰਦਰ ਸਹਮ ਪੈਦਾ ਕਰਦੀ ਹੈ, ਜਦੋਂ ਇਹ ਅਪਣੱਤ ਤੇ ਮਮਤਾ ਮੁੱਕ ਜਾਏ ਤਦੋਂ ਕਿਸੇ ਚੀਜ਼ ਦੇ ਖੁੱਸਣ ਦਾ ਸਹਮ ਨਹੀਂ ਰਹਿੰਦਾ)।1।

ਮਃ ੩ ॥ ਭੈ ਵਿਣੁ ਜੀਵੈ ਬਹੁਤੁ ਬਹੁਤੁ ਖੁਸੀਆ ਖੁਸੀ ਕਮਾਇ ॥ ਨਾਨਕ ਭੈ ਵਿਣੁ ਜੇ ਮਰੈ ਮੁਹਿ ਕਾਲੈ ਉਠਿ ਜਾਇ ॥੨॥ {ਪੰਨਾ 149}

ਪਦਅਰਥ:- ਮੁਹਿ ਕਾਲੈ—ਕਾਲੇ ਮੂੰਹ ਨਾਲ, (ਭਾਵ), ਬਦਨਾਮੀ ਖੱਟ ਕੇ।

ਅਰਥ:- ਪਰਮਾਤਮਾ ਦਾ ਡਰ ਹਿਰਦੇ ਵਿਚ ਵਸਾਣ ਤੋਂ ਬਿਨਾ ਜੋ ਮਨੁੱਖ ਲੰਮੀ ਉਮਰ ਭੀ ਜੀਉਂਦਾ ਰਹੇ ਤੇ ਬੜੀਆਂ ਮੌਜਾਂ ਮਾਣਦਾ ਰਹੇ, ਤਾਂ ਭੀ, ਹੇ ਨਾਨਕ! ਜੇ ਪ੍ਰਭੂ ਦਾ ਡਰ ਹਿਰਦੇ ਵਿਚ ਵਸਾਉਣ ਤੋਂ ਬਿਨਾ ਹੀ ਮਰਦਾ ਹੈ ਤਾਂ ਮੁਕਾਲਖ ਖੱਟ ਕੇ ਹੀ ਇਥੋਂ ਜਾਂਦਾ ਹੈ।2।

ਪਉੜੀ ॥ ਸਤਿਗੁਰੁ ਹੋਇ ਦਇਆਲੁ ਤ ਸਰਧਾ ਪੂਰੀਐ ॥ ਸਤਿਗੁਰੁ ਹੋਇ ਦਇਆਲੁ ਨ ਕਬਹੂੰ ਝੂਰੀਐ ॥ ਸਤਿਗੁਰੁ ਹੋਇ ਦਇਆਲੁ ਤਾ ਦੁਖੁ ਨ ਜਾਣੀਐ ॥ ਸਤਿਗੁਰੁ ਹੋਇ ਦਇਆਲੁ ਤਾ ਹਰਿ ਰੰਗੁ ਮਾਣੀਐ ॥ ਸਤਿਗੁਰੁ ਹੋਇ ਦਇਆਲੁ ਤਾ ਜਮ ਕਾ ਡਰੁ ਕੇਹਾ ॥ ਸਤਿਗੁਰੁ ਹੋਇ ਦਇਆਲੁ ਤਾ ਸਦ ਹੀ ਸੁਖੁ ਦੇਹਾ ॥ ਸਤਿਗੁਰੁ ਹੋਇ ਦਇਆਲੁ ਤਾ ਨਵ ਨਿਧਿ ਪਾਈਐ ॥ ਸਤਿਗੁਰੁ ਹੋਇ ਦਇਆਲੁ ਤ ਸਚਿ ਸਮਾਈਐ ॥੨੫॥ {ਪੰਨਾ 149}

ਪਦਅਰਥ:- ਸਰਧਾ—ਸਿਧਕ, ਭਰੋਸਾ। ਦਇਆਲੁ—ਮਿਹਰਬਾਨ। ਪੂਰੀਐ—ਪੂਰਾ, ਪੱਕਾ।

ਅਰਥ:- ਜਿਸ ਮਨੁੱਖ ਉੱਤੇ ਸਤਿਗੁਰੂ ਕਿਰਪਾ ਕਰੇ (ਉਸ ਦੇ ਅੰਦਰ ਪਰਮਾਤਮਾ ਉੱਤੇ) ਪੱਕਾ ਭਰੋਸਾ ਬੱਝ ਜਾਂਦਾ ਹੈ, ਉਹ (ਕਿਸੇ ਦੁੱਖ-ਕਲੇਸ਼ ਦੇ ਆਉਣ ਤੇ) ਕਦੇ ਗਿਲਾ ਗੁਜ਼ਾਰੀ ਨਹੀਂ ਕਰਦਾ (ਕਿਉਂਕਿ) ਉਹ (ਕਿਸੇ ਆਏ ਦੁੱਖ ਨੂੰ) ਦੁੱਖ ਨਹੀਂ ਸਮਝਦਾ, ਸਦਾ ਪ੍ਰਭੂ ਦੇ ਮੇਲ ਦਾ ਆਨੰਦ ਮਾਣਦਾ ਹੈ। (ਦੁੱਖ ਕਲੇਸ਼ ਤਾਂ ਕਿਤੇ ਰਿਹਾ) ਉਸ ਨੂੰ ਜਮ ਦਾ ਭੀ ਡਰ ਨਹੀਂ ਰਹਿੰਦਾ (ਇਸ ਤਰ੍ਹਾਂ) ਉਸ ਦੇ ਸਰੀਰ ਨੂੰ ਸਦਾ ਸੁਖ ਰਹਿੰਦਾ ਹੈ। ਜਿਸ ਉਤੇ ਗੁਰੂ ਦਇਆਵਾਨ ਹੋ ਜਾਏ ਉਸ ਨੂੰ (ਮਾਨੋ) ਜਗਤ ਦੇ ਨੌ ਹੀ ਖ਼ਜ਼ਾਨੇ ਮਿਲ ਪਏ ਹਨ (ਕਿਉਂਕਿ) ਉਹ ਤਾਂ (ਖ਼ਜ਼ਾਨਿਆਂ ਦੇ ਮਾਲਕ) ਸੱਚੇ ਪ੍ਰਭੂ ਵਿਚ ਜੁੜਿਆ ਰਹਿੰਦਾ ਹੈ। 24।

ਸਲੋਕੁ ਮਃ ੧ ॥ ਸਿਰੁ ਖੋਹਾਇ ਪੀਅਹਿ ਮਲਵਾਣੀ ਜੂਠਾ ਮੰਗਿ ਮੰਗਿ ਖਾਹੀ ॥ ਫੋਲਿ ਫਦੀਹਤਿ ਮੁਹਿ ਲੈਨਿ ਭੜਾਸਾ ਪਾਣੀ ਦੇਖਿ ਸਗਾਹੀ ॥ ਭੇਡਾ ਵਾਗੀ ਸਿਰੁ ਖੋਹਾਇਨਿ ਭਰੀਅਨਿ ਹਥ ਸੁਆਹੀ ॥ ਮਾਊ ਪੀਊ ਕਿਰਤੁ ਗਵਾਇਨਿ ਟਬਰ ਰੋਵਨਿ ਧਾਹੀ ॥ ਓਨਾ ਪਿੰਡੁ ਨ ਪਤਲਿ ਕਿਰਿਆ ਨ ਦੀਵਾ ਮੁਏ ਕਿਥਾਊ ਪਾਹੀ ॥ ਅਠਸਠਿ ਤੀਰਥ ਦੇਨਿ ਨ ਢੋਈ ਬ੍ਰਹਮਣ ਅੰਨੁ ਨ ਖਾ ਹੀ ॥ ਸਦਾ ਕੁਚੀਲ ਰਹਹਿ ਦਿਨੁ ਰਾਤੀ ਮਥੈ ਟਿਕੇ ਨਾਹੀ ॥ ਝੁੰਡੀ ਪਾਇ ਬਹਨਿ ਨਿਤਿ ਮਰਣੈ ਦੜਿ ਦੀਬਾਣਿ ਨ ਜਾਹੀ ॥ ਲਕੀ ਕਾਸੇ ਹਥੀ ਫੁੰਮਣ ਅਗੋ ਪਿਛੀ ਜਾਹੀ ॥ ਨਾ ਓਇ ਜੋਗੀ ਨਾ ਓਇ ਜੰਗਮ ਨਾ ਓਇ ਕਾਜੀ ਮੁੰਲਾ ॥ ਦਯਿ ਵਿਗੋਏ ਫਿਰਹਿ ਵਿਗੁਤੇ ਫਿਟਾ ਵਤੈ ਗਲਾ ॥ ਜੀਆ ਮਾਰਿ ਜੀਵਾਲੇ ਸੋਈ ਅਵਰੁ ਨ ਕੋਈ ਰਖੈ ॥ ਦਾਨਹੁ ਤੈ ਇਸਨਾਨਹੁ ਵੰਜੇ ਭਸੁ ਪਈ ਸਿਰਿ ਖੁਥੈ ॥ ਪਾਣੀ ਵਿਚਹੁ ਰਤਨ ਉਪੰਨੇ ਮੇਰੁ ਕੀਆ ਮਾਧਾਣੀ ॥ ਅਠਸਠਿ ਤੀਰਥ ਦੇਵੀ ਥਾਪੇ ਪੁਰਬੀ ਲਗੈ ਬਾਣੀ ॥ ਨਾਇ ਨਿਵਾਜਾ ਨਾਤੈ ਪੂਜਾ ਨਾਵਨਿ ਸਦਾ ਸੁਜਾਣੀ ॥ ਮੁਇਆ ਜੀਵਦਿਆ ਗਤਿ ਹੋਵੈ ਜਾਂ ਸਿਰਿ ਪਾਈਐ ਪਾਣੀ ॥ ਨਾਨਕ ਸਿਰਖੁਥੇ ਸੈਤਾਨੀ ਏਨਾ ਗਲ ਨ ਭਾਣੀ ॥ ਵੁਠੈ ਹੋਇਐ ਹੋਇ ਬਿਲਾਵਲੁ ਜੀਆ ਜੁਗਤਿ ਸਮਾ ਣੀ ॥ ਵੁਠੈ ਅੰਨੁ ਕਮਾਦੁ ਕਪਾਹਾ ਸਭਸੈ ਪੜਦਾ ਹੋਵੈ ॥ ਵੁਠੈ ਘਾਹੁ ਚਰਹਿ ਨਿਤਿ ਸੁਰਹੀ ਸਾ ਧਨ ਦਹੀ ਵਿਲੋਵੈ ॥ ਤਿਤੁ ਘਿਇ ਹੋਮ ਜਗ ਸਦ ਪੂਜਾ ਪਇਐ ਕਾਰਜੁ ਸੋਹੈ ॥ ਗੁਰੂ ਸਮੁੰਦੁ ਨਦੀ ਸਭਿ ਸਿਖੀ ਨਾਤੈ ਜਿਤੁ ਵਡਿਆਈ ॥ ਨਾਨਕ ਜੇ ਸਿਰਖੁਥੇ ਨਾਵਨਿ ਨਾਹੀ ਤਾ ਸਤ ਚਟੇ ਸਿਰਿ ਛਾਈ ॥੧॥ ਮਃ ੨ ॥ {ਪੰਨਾ 149-150}

{ਨੋਟ:- ਜੈਨੀਆਂ ਦੇ ਗੁਰੂ 'ਸਰੇਵੜੇ' ਅਹਿੰਸਾ ਦੇ ਪੁਜਾਰੀ ਹਨ। ਤਾਜ਼ਾ ਸਾਫ਼ ਪਾਣੀ ਨਹੀਂ ਪੀਂਦੇ ਕਿ ਜੀਵ-ਹਿੰਸਾ ਨਾ ਹੋ ਜਾਏ, ਸੱਜਰੀ ਰੋਟੀ ਪਕਾਂਦੇ ਖਾਂਦੇ ਨਹੀਂ। ਪਖ਼ਾਨੇ ਨੂੰ ਫੋਲਦੇ ਹਨ ਕਿ ਜੀਵ ਪੈਦਾ ਨਾ ਹੋਣ। ਇਸ਼ਨਾਨ ਨਹੀਂ ਕਰਦੇ; ਗੱਲ ਕੀ ਜੀਵ-ਹਿੰਸਾ ਨੂੰ ਉਹਨਾਂ ਇਤਨਾ ਵਹਿਮ ਬਣਾ ਲਿਆ ਹੈ ਕਿ ਬੜੇ ਗੰਦੇ ਰਹਿੰਦੇ ਹਨ। ਹਰੇਕ ਦੇ ਹੱਥ ਵਿਚ ਇਕ ਚਉਰੀ ਹੁੰਦੀ ਹੈ; ਨੰਗੀ ਪੈਰੀਂ ਇਕਿ ਕਤਾਰ ਵਿਚ ਤੁਰਦੇ ਹਨ ਕਿ ਕਿਤੇ ਕੋਈ ਕੀੜੀ ਪੈਰ ਹੇਠ ਆ ਕੇ ਮਰ ਨਾ ਜਾਏ, ਸਭ ਤੋਂ ਅਗਲਾ ਆਦਮੀ ਉਸ ਚਉਰੀ ਨਾਲ, ਰਾਹ ਵਿਚ ਆਏ ਕੀੜੇ ਨੂੰ ਪਰੇ ਹਟਾ ਦੇਂਦਾ ਹੈ।

ਆਪਣੀ ਹੱਥੀ ਕੋਈ ਕੰਮ-ਕਾਰ ਨਹੀਂ ਕਰਦੇ, ਮੰਗ ਕੇ ਖਾ ਛੱਡਦੇ ਹਨ; ਜਿਥੇ ਬੈਠਦੇ ਹਨ ਸਿਰ ਸੁੱਟ ਬੈਠਦੇ ਹਨ, ਨਿੱਤ ਉਦਾਸ, ਅੰਦਰ ਕੋਈ ਚਾਉ ਜਾਂ ਖ਼ੁਸ਼ੀ ਨਹੀਂ; ਜਿਵੇਂ ਫੂਹੜੀ ਪਾਈ ਬੈਠੇ। ਸੋ, ਦੁਨੀਆ ਗਵਾਈ ਇਹਨਾਂ ਇਸ ਤਰ੍ਹਾਂ। ਪਰ, ਦੀਨ ਭੀ ਨਹੀਂ ਸਵਾਰਦੇ; ਇਕੋ ਜੀਵ-ਹਿੰਸਾ ਦਾ ਵਹਿਮ ਲਾਈ ਰੱਖਦੇ ਹਨ; ਨਾ ਕੋਈ ਹਿੰਦੂ ਮਤ ਦੀ ਮਰਯਾਦਾ ਨਾ ਕੋਈ ਮੁਸਲਮਾਨੀ ਜੀਵਨ ਜੁਗਤਿ, ਨਾਹ ਦਾਨ ਨਾਹ ਪੁੰਨ, ਨਾਹ ਕੋਈ ਪੂਜਾ-ਪਾਠ ਨਾਹ ਬੰਦਗੀ, ਰੱਬ ਵਲੋਂ ਭੀ ਗਏ-ਗਵਾਤੇ।

ਇਹ ਸ਼ਬਦ ਇਹਨਾਂ 'ਸਰੇਵੜਿਆਂ' ਬਾਰੇ ਹੈ। }

ਪਦਅਰਥ:- ਮਲਵਾਣੀ—ਮੈਲਾ ਪਾਣੀ, ਧੋਣ-ਧਾਣ। ਫਦੀਹਤਿ—{ਅਰਬੀ, ਫ਼ਜ਼ੀਅਤਿ ਦੇ 'ਜ਼' ਨੂੰ 'ਦ' ਭੀ ਪੜ੍ਹਿਆ ਜਾਂਦਾ ਹੈ; ਫ਼ਜ਼ੂਲ—ਫਾਦਲ; ਕਾਜ਼ੀ—ਕਾਦੀ} ਪਖਾਨਾ। ਭੜਾਸਾ—ਹਵਾੜ। ਸਗਾਹੀ—ਸੰਗਦੇ ਹਨ। ਭਰਿਅਨਿ—ਭਰੇ ਜਾਂਦੇ ਹਨ। ਮਾਉ ਪੀਉ ਕਿਰਤੁ—ਮਾਪਿਆਂ ਵਾਲਾ ਕੰਮ-ਕਾਰ, ਰੋਜ਼ੀ ਕਮਾਣ ਦਾ ਕੰਮ। ਧਾਹੀ—ਢਾਹਾਂ ਮਾਰ ਕੇ। ਕਿਥਾਉ—ਪਤਾ ਨਹੀਂ ਕਿਥੇ। ਕੁਚੀਲ—ਗੰਦੇ। ਟਿਕੇ—ਟਿੱਕੇ, ਤਿਲਕ। ਝੁੰਡੀ ਪਾਇ—ਉਂਧੀ ਪਾ ਕੇ, ਧੌਣ ਸੁਟ ਕੇ। ਦੜਿ ਦੀਬਾਣਿ—ਕਿਸੇ ਦੜੇ-ਦੀਵਾਨ ਵਿਚ, ਕਿਸੇ ਸਭਾ-ਦੀਵਾਨ ਵਿਚ। ਕਾਸੇ—ਪਿਆਲੇ। ਅਗੋ ਪਿਛੀ—ਇੱਕ ਕਤਾਰ ਵਿਚ। ਜੰਗਮ—ਸ਼ਿਵ ਉਪਾਸ਼ਕ ਜੋ ਟੱਲੀਆਂ ਖੜਕਾ ਕੇ ਮੰਗਦੇ ਫਿਰਦੇ ਹਨ। ਦਯਿ—ਰੱਬ ਵਲੋਂ {ਦਯੁ—ਪਿਆਰ ਕਰਨ ਵਾਲਾ ਪਰਮਾਤਮਾ}। ਵਿਗੋਏ—ਖੁੰਝੇ ਹੋਏ। ਵਿਗੁਤੇ—ਖ਼ੁਆਰ। ਫਿਟਾ—ਫਿਟਕਾਰਿਆ ਹੋਇਆ, ਊਤਿਆ ਹੋਇਆ। ਗਲਾ—ਗੱਲਾਂ, ਕੋੜਮਾ, ਸਾਰਾ ਹੀ ਟੋਲਾ। ਵੰਞੇ—ਵਾਂਜੇ ਹੋਏ, ਖੁੰਝੇ ਹੋਏ। ਭਸੁ—ਸੁਆਹ। ਮੇਰੁ—ਸੁਮੇਰ ਪਰਬਤ। ਦੇਵੀ—ਦੇਵਤਿਆਂ। ਪੁਰਬੀ—ਧਾਰਮਿਕ ਮੇਲੇ। ਬਾਣੀ—ਕਥਾ-ਵਾਰਤਾ। ਨਾਇ—ਨ੍ਹਾ ਕੇ। ਸੁਜਾਣੀ—ਸੁਚੱਜੇ। ਮੁਇਆ ਜੀਵਦਿਆ—ਮਰਨ ਜੀਵਨ ਪ੍ਰਯੰਤ, ਸਾਰੀ ਉਮਰ, ਜੰਮਣ ਤੋਂ ਮਰਨ ਤਕ। ਗਤਿ—ਸੁਥਰੀ ਹਾਲਤ। ਵੁਠੇ—ਮੀਂਹ ਪਿਆਂ। ਸੁਰਹੀ—ਗਾਈਆਂ। ਬਿਲਾਵਲੁ—ਖ਼ੁਸ਼ੀ, ਚਾਉ। ਸਾਧਨ—ਇਸਤ੍ਰੀ। ਵਿਲੋਵੈ—ਰਿੜਕਦੀ ਹੈ। ਤਿਤੁ ਘਿਇ—ਉਸ ਘਿਉ ਨਾਲ। ਪਈਐ—(ਘਿਉ) ਪਿਆਂ, ਘਿਉ ਵਰਤਿਆਂ। ਨਦੀ ਸਭਿ—ਸਾਰੇ ਦਰੀਆ। ਸਿਖੀ—(ਗੁਰੂ ਦੀ) ਸਿੱਖਿਆ। ਜਿਤੁ—ਜਿਸ ਵਿਚ। ਚਟੇ—ਚੱਟੇ, ਮੁੱਠਾਂ। ਛਾਈ—ਸੁਆਹ।

ਅਰਥ:- (ਇਹ ਸਰੇਵੜੇ ਜੀਵ-ਹਿੰਸਾ ਦੇ ਵਹਿਮ ਵਿਚ) ਸਿਰ (ਦੇ ਵਾਲ) ਪੁਟਾ ਕੇ (ਕਿ ਕਿਤੇ ਜੂਆਂ ਨਾ ਪੈ ਜਾਣ) ਮੈਲਾ ਪਾਣੀ ਪੀਂਦੇ ਹਨ ਤੇ ਜੂਠੀ ਰੋਟੀ ਮੰਗ ਮੰਗ ਕੇ ਖਾਂਦੇ ਹਨ; (ਆਪਣੇ) ਪਖ਼ਾਨੇ ਨੂੰ ਫੋਲ ਕੇ ਮੂੰਹ ਵਿਚ (ਗੰਦੀ) ਹਵਾੜ ਲੈਂਦੇ ਹਨ ਤੇ ਪਾਣੀ ਵੇਖ ਕੇ (ਇਸ ਤੋਂ) ਸੰਗਦੇ ਹਨ (ਭਾਵ, ਪਾਣੀ ਨਹੀਂ ਵਰਤਦੇ)। ਭੇਡਾਂ ਵਾਂਗ ਸਿਰ (ਦੇ ਵਾਲ) ਪੁਟਾਂਦੇ ਹਨ, (ਵਾਲ ਪੁੱਟਣ ਵਾਲਿਆਂ ਦੇ) ਹੱਥ ਸੁਆਹ ਨਾਲ ਭਰੇ ਜਾਂਦੇ ਹਨ। ਮਾਪਿਆਂ ਵਾਲਾ ਕੀਤਾ ਕੰਮ (ਭਾਵ, ਹੱਥੀਂ ਕਮਾਈ ਕਰ ਕੇ ਟੱਬਰ ਪਾਲਣ ਦਾ ਕੰਮ) ਛੱਡ ਬੈਠਦੇ ਹਨ (ਇਸ ਲਈ) ਇਹਨਾਂ ਦੇ ਟੱਬਰ ਢਾਹਾਂ ਮਾਰ ਮਾਰ ਰੋਂਦੇ ਹਨ।

(ਇਹ ਲੋਕ ਤਾਂ ਇਉਂ ਗਵਾਇਆ, ਅੱਗੇ ਇਹਨਾਂ ਦੇ ਪਰਲੋਕ ਦਾ ਹਾਲ ਸੁਣੋ) ਨਾ ਤਾਂ ਹਿੰਦੂ-ਮਤ ਅਨੁਸਾਰ (ਮਰਨ ਪਿੱਛੋਂ) ਪਿੰਡ ਪੱਤਲ ਕਿਰਿਆ ਦੀਵਾ ਆਦਿਕ ਦੀ ਰਸਮ ਕਰਦੇ ਹਨ, ਮਰੇ ਹੋਏ ਪਤਾ ਨਹੀਂ ਕਿਥੇ ਜਾ ਪੈਂਦੇ ਹਨ (ਭਾਵ ਪਰਲੋਕ ਸਵਾਰਨ ਦਾ ਕੋਈ ਆਹਰ ਨਹੀਂ ਹੈ) (ਹਿੰਦੂਆਂ ਦੇ) ਅਠਾਹਠ ਤੀਰਥ ਇਹਨਾਂ ਨੂੰ ਢੋਈ ਨਹੀਂ ਦੇਂਦੇ (ਭਾਵ ਹਿੰਦੂਆਂ ਵਾਂਗ ਤੀਰਥਾਂ ਤੇ ਭੀ ਨਹੀਂ ਜਾਂਦੇ), ਬ੍ਰਾਹਮਣ (ਇਹਨਾਂ ਦਾ) ਅੰਨ ਨਹੀਂ ਖਾਂਦੇ (ਭਾਵ ਬ੍ਰਾਹਮਣਾਂ ਦੀ ਭੀ ਸੇਵਾ ਨਹੀਂ ਕਰਦੇ)। ਸਦਾ ਦਿਨ ਰਾਤ ਬੜੇ ਗੰਦੇ ਰਹਿੰਦੇ ਹਨ ਮੱਥੇ ਉਤੇ ਤਿਲਕ ਨਹੀਂ ਲਾਉਂਦੇ (ਭਾਵ, ਨ੍ਹਾ ਧੋ ਕੇ ਸਰੀਰ ਨੂੰ ਸਾਫ਼-ਸੁਥਰਾ ਭੀ ਨਹੀਂ ਕਰਦੇ) ਸਦਾ ਧੌਣ ਸੁੱਟ ਕੇ ਬੈਠਦੇ ਹਨ ਜਿਵੇਂ ਕਿਸੇ ਦੇ ਮਰਨ ਦਾ ਸੋਗ ਕਰ ਰਹੇ ਹਨ (ਭਾਵ, ਇਹਨਾਂ ਦੇ ਅੰਦਰ ਕੋਈ ਆਤਮਕ ਹੁਲਾਰਾ ਭੀ ਨਹੀਂ ਹੈ), ਕਿਸੇ ਸਤਸੰਗ ਆਦਿਕ ਵਿਚ ਭੀ ਕਦੇ ਨਹੀਂ ਜਾਂਦੇ, ਲੱਕਾਂ ਨਾਲ ਪਿਆਲੇ ਬੱਧੇ ਹੋਏ ਹਨ, ਹੱਥਾਂ ਵਿਚ ਚਉਰੀਆਂ ਫੜੀਆਂ ਹੋਈਆਂ ਹਨ ਤੇ (ਜੀਵ-ਹਿੰਸਾ ਦੇ ਡਰ ਤੋਂ) ਇੱਕ ਕਤਾਰ ਵਿਚ ਤੁਰਦੇ ਹਨ। ਨਾ ਇਹਨਾਂ ਦੀ ਜੋਗੀਆਂ ਵਾਲੀ ਰਹੁਰੀਤ, ਨਾ ਜੰਗਮਾਂ ਵਾਲੀ ਤੇ ਨਾ

ਕਾਜ਼ੀ ਮੌਲਵੀਆਂ ਵਾਲੀ। ਰੱਬ ਵੱਲੋਂ (ਭੀ) ਖੁੰਝੇ ਹੋਏ ਭਟਕਦੇ ਹਨ (ਭਾਵ, ਪਰਮਾਤਮਾ ਦੀ ਬੰਦਗੀ ਵਿਚ ਭੀ ਇਹਨਾਂ ਦੀ ਕੋਈ ਸ਼ਰਧਾ ਨਹੀਂ) ਇਹ ਸਾਰਾ ਆਵਾ ਹੀ ਊਤਿਆ ਹੋਇਆ ਹੈ।

(ਇਹ ਵਿਚਾਰੇ ਨਹੀਂ ਸਮਝਦੇ ਕਿ) ਜੀਵਾਂ ਨੂੰ ਮਾਰਨ ਜੀਵਾਲਣ ਵਾਲਾ ਪ੍ਰਭੂ ਆਪ ਹੀ ਹੈ, ਪ੍ਰਭੂ ਤੋਂ ਬਿਨਾ ਕੋਈ ਹੋਰ ਇਹਨਾਂ ਨੂੰ (ਜੀਊਂਦਾ) ਰੱਖ ਨਹੀਂ ਸਕਦਾ (ਜੀਵ-ਹਿੰਸਾ ਦੇ ਵਹਿਣ ਵਿਚ ਪੈ ਕੇ, ਕਿਰਤ ਕਮਾਈ ਛੱਡ ਕੇ) ਇਹ ਦਾਨ ਅਤੇ ਇਸ਼ਨਾਨ ਤੋਂ ਵਾਂਜੇ ਹੋਏ ਹਨ, ਸੁਆਹ ਪਈ ਅਜਿਹੇ ਖੁੱਥੇ ਹੋਏ ਸਿਰ ਉੱਤੇ। (ਇਹ ਲੋਕ ਸਾਫ਼ ਪਾਣੀ ਨਹੀਂ ਪੀਂਦੇ ਤੇ ਪਾਣੀ ਵਿਚ ਨ੍ਹਾਉਂਦੇ ਭੀ ਨਹੀਂ ਹਨ, ਇਹ ਗੱਲ ਨਹੀਂ ਸਮਝਦੇ ਕਿ ਜਦੋਂ ਦੇਵਤਿਆਂ ਨੇ) ਸੁਮੇਰ ਪਰਬਤ ਨੂੰ ਮਧਾਣੀ ਬਣਾ ਕੇ (ਸਮੁੰਦਰ ਰਿੜਕਿਆ ਦੀ) ਤਦੋਂ (ਪਾਣੀ ਵਿਚੋਂ) ਹੀ ਰਤਨ ਨਿਕਲੇ ਸਨ (ਭਾਵ, ਇਸ ਗੱਲ ਨੂੰ ਤਾਂ ਲੋਕ ਪੁਰਾਣੇ ਸਮਿਆਂ ਤੋਂ ਹੀ ਜਾਣਦੇ ਹਨ, ਕਿ ਪਾਣੀ ਵਿਚੋਂ ਬੇਅੰਤ ਕੀਮਤੀ ਪਦਾਰਥ ਨਿਕਲਦੇ ਹਨ ਜੋ ਮਨੁੱਖ ਦੇ ਕੰਮ ਆਉਂਦੇ ਹਨ, ਆਖ਼ਰ ਉਹ ਪਾਣੀ ਵਿਚ ਵੜਿਆਂ ਹੀ ਨਿਕਲਣਗੇ)। (ਪਾਣੀ ਦੀ ਬਰਕਤਿ ਨਾਲ ਹੀ) ਦੇਵਤਿਆ ਲਈ ਅਠਾਰਹ ਤੀਰਥ ਬਣਾਏ ਗਏ ਜਿੱਥੇ ਪੁਰਬ ਲੱਗਦੇ ਹਨ, ਕਥਾ-ਵਾਰਤਾ ਹੁੰਦੀ ਹੈ। ਨ੍ਹਾ ਕੇ ਹੀ ਨਮਾਜ਼ ਪੜ੍ਹੀਦੀ ਹੈ। ਨ੍ਹਾ ਕੇ ਹੀ ਪੂਜਾ ਹੁੰਦੀ ਹੈ। ਸੁਚੱਜੇ ਬੰਦੇ ਨਿੱਤ ਇਸ਼ਨਾਨ ਕਰਦੇ ਹਨ ਸਾਰੀ ਉਮਰ ਹੀ ਮਨੁੱਖ ਦੀ ਸੁਅੱਛ ਹਾਲਤ ਤਾਂ ਹੀ ਰਹਿ ਸਕਦੀ ਹੈ, ਜੇ ਇਸ਼ਨਾਨ ਕਰੇ ਪਰ ਹੇ ਨਾਨਕ! ਇਹ ਸਿਰ-ਖੁੱਥੇ ਅਜਿਹੇ ਉਲਟੇ ਰਾਹ ਪਏ ਹਨ (ਅਜਿਹੇ ਸ਼ੈਤਾਨ ਹਨ) ਕਿ ਇਹਨਾਂ ਨੂੰ ਇਸ਼ਨਾਨ ਵਾਲੀ ਗੱਲ ਚੰਗੀ ਨਹੀਂ ਲੱਗੀ

(ਪਾਣੀ ਦੀਆਂ ਹੋਰ ਬਰਕਤਾਂ ਤੱਕੋ) ਮੀਂਹ ਪਿਆਂ (ਸਭ ਜੀਵਾਂ ਦੇ ਅੰਦਰ) ਖ਼ੁਸ਼ੀ ਪੈਦਾ ਹੁੰਦੀ ਹੈ। ਜੀਵਾਂ ਦੀ ਜੀਵਨ ਜੁਗਤਿ ਹੀ (ਪਾਣੀ ਵਿਚ) ਟਿਕੀ ਹੋਈ ਹੈ। ਮੀਂਹ ਪਿਆਂ ਅੰਨ ਪੈਦਾ ਹੁੰਦਾ ਹੈ, ਕਮਾਦ ਉੱਗਦਾ ਹੈ, ਕਪਾਹ ਹੁੰਦੀ ਹੈ, ਜੋ ਸਭਨਾਂ ਦਾ ਪੜਦਾ ਬਣਦੀ ਹੈ। ਮੀਂਹ ਪਿਆਂ (ਉੱਗਿਆ) ਘਾਹ ਗਾਈਆਂ ਚੁਗਦੀਆਂ ਹਨ (ਤੇ ਦੁੱਧ ਦੇਂਦੀਆਂ ਹਨ, ਉਸ ਦੁੱਧ ਤੋਂ ਬਣਿਆ) ਦਹੀਂ ਘਰ ਦੀ ਜ਼ਨਾਨੀ ਰਿੜਕਦੀ ਹੈ (ਤੇ ਘਿਉ ਬਣਾਂਦੀ ਹੈ), ਉਸ ਘਿਉ ਨਾਲ ਹੀ ਸਦਾ ਹੋਮ-ਜੱਗ ਪੂਜਾ ਆਦਿਕ ਹੁੰਦੇ ਹਨ, ਇਹ ਘਿਉ ਪਿਆਂ ਹੀ ਹਰੇਕ ਕਾਰਜ ਸੋਭਦਾ ਹੈ।

(ਇਕ ਹੋਰ ਇਸ਼ਨਾਨ ਭੀ ਹੈ) ਸਤਿਗੁਰੂ (ਮਾਨੋ) ਸਮੁੰਦਰ ਹੈ ਉਸ ਦੀ ਸਿੱਖਿਆ (ਮਾਨੋ) ਸਾਰੀਆਂ ਨਦੀਆਂ ਹਨ, (ਇਸ ਗੁਰ-ਸਿੱਖਿਆ) ਵਿਚ ਨ੍ਹਾਉਣ ਨਾਲ (ਭਾਵ, ਸੁਰਤਿ ਜੋੜਨ ਨਾਲ) ਵਡਿਆਈ ਮਿਲਦੀ ਹੈ। ਹੇ ਨਾਨਕ! ਜੇ ਇਹ ਸਿਰ-ਖੁੱਥੇ (ਇਸ 'ਨਾਮ'-ਜਲ ਵਿਚ) ਇਸ਼ਨਾਨ ਨਹੀਂ ਕਰਦੇ, ਤਾਂ ਨਿਰੀ ਮੁਕਾਲਖ ਹੀ ਖੱਟਦੇ ਹਨ।1।

ਅਗੀ ਪਾਲਾ ਕਿ ਕਰੇ ਸੂਰਜ ਕੇਹੀ ਰਾਤਿ ॥ ਚੰਦ ਅਨੇਰਾ ਕਿ ਕਰੇ ਪਉਣ ਪਾਣੀ ਕਿਆ ਜਾਤਿ ॥ ਧਰਤੀ ਚੀਜੀ ਕਿ ਕਰੇ ਜਿਸੁ ਵਿਚਿ ਸਭੁ ਕਿਛੁ ਹੋਇ ॥ ਨਾਨਕ ਤਾ ਪਤਿ ਜਾਣੀਐ ਜਾ ਪਤਿ ਰਖੈ ਸੋਇ ॥੨॥ {ਪੰਨਾ 150}

ਪਦਅਰਥ:- ਕਿ—ਕੀਹ? ਕਿ ਕਰੇ—ਕੀਹ ਵਿਗਾੜ ਸਕਦਾ ਹੈ? ਸੂਰਜ—ਸੂਰਜ ਨੂੰ (ਸੰਪ੍ਰਦਾਨ ਕਾਰਕ ਹੈ)। ਪਉਣ—ਪਉਣ ਨੂੰ। ਚੀਜੀ—ਚੀਜ਼ਾਂ।

ਅਰਥ:- ਅੱਗ ਨੂੰ ਪਾਲਾ ਕੀਹ ਕਰ ਸਕਦਾ ਹੈ? (ਭਾਵ, ਪਾਲਾ ਅੱਗ ਦਾ ਕੋਈ ਵਿਗਾੜ ਨਹੀਂ ਕਰ ਸਕਦਾ,) ਰਾਤ ਸੂਰਜ ਦਾ ਕੋਈ ਵਿਗਾੜ ਨਹੀਂ ਕਰ ਸਕਦੀ, ਹਨੇਰਾ ਚੰਦ੍ਰਮਾ ਦਾ ਕੋਈ ਨੁਕਸਾਨ ਨਹੀਂ ਕਰ ਸਕਦਾ, (ਕੋਈ ਉੱਚੀ ਨੀਵੀਂ) ਜਾਤਿ ਹਵਾ ਤੇ ਪਾਣੀ ਨੂੰ ਵਿਗਾੜ ਨਹੀਂ ਸਕਦੀ (ਭਾਵ, ਕੋਈ ਨੀਵੀਂ ਜਾਤਿ ਇਹਨਾਂ ਤੱਤਾਂ ਨੂੰ ਭਿੱਟ ਨਹੀਂ ਸਕਦੀ)। ਜਿਸ ਧਰਤੀ ਵਿਚ ਹਰੇਕ ਚੀਜ਼ ਪੈਦਾ ਹੁੰਦੀ ਹੈ, ਇਹ ਚੀਜ਼ਾਂ ਇਸ ਧਰਤੀ ਦਾ ਕੋਈ ਵਿਗਾੜ ਨਹੀਂ ਕਰ ਸਕਦੀਆਂ (ਇਹ ਤਾਂ ਪੈਦਾ ਹੀ ਧਰਤੀ ਵਿਚੋਂ ਹੋਈਆਂ ਹਨ।)

(ਇਸੇ ਤਰ੍ਹਾਂ) ਹੇ ਨਾਨਕ! ਉਹੀ ਇੱਜ਼ਤ (ਅਸਲੀ) ਸਮਝੋ (ਭਾਵ, ਸਿਰਫ ਉਸੇ ਇੱਜ਼ਤ ਨੂੰ ਕੋਈ ਵਿਗਾੜ ਨਹੀਂ ਸਕਦਾ) ਜੋ ਇੱਜ਼ਤ ਪ੍ਰਭੂ ਵੱਲੋਂ ਮਿਲੀ ਹੈ (ਪ੍ਰਭੂ-ਦਰ ਤੋਂ ਜੋ ਆਦਰ ਮਿਲੇ ਉਸ ਨੂੰ ਕੋਈ ਜੀਵ ਵਿਗਾੜ ਨਹੀਂ ਸਕਦਾ, ਇਸ ਦਰਗਾਹੀ ਆਦਰ ਲਈ ਉੱਦਮ ਕਰੋ)।2।

ਪਉੜੀ ॥ ਤੁਧੁ ਸਚੇ ਸੁਬਹਾਨੁ ਸਦਾ ਕਲਾਣਿਆ ॥ ਤੂੰ ਸਚਾ ਦੀਬਾਣੁ ਹੋਰਿ ਆਵਣ ਜਾਣਿਆ ॥ ਸਚੁ ਜਿ ਮੰਗਹਿ ਦਾਨੁ ਸਿ ਤੁਧੈ ਜੇਹਿਆ ॥ ਸਚੁ ਤੇਰਾ ਫੁਰਮਾਨੁ ਸਬਦੇ ਸੋਹਿਆ ॥ ਮੰਨਿਐ ਗਿਆਨੁ ਧਿਆਨੁ ਤੁਧੈ ਤੇ ਪਾਇਆ ॥ ਕਰਮਿ ਪਵੈ ਨੀਸਾਨੁ ਨ ਚਲੈ ਚਲਾਇਆ ॥ ਤੂੰ ਸਚਾ ਦਾਤਾਰੁ ਨਿਤ ਦੇਵਹਿ ਚੜਹਿ ਸਵਾਇਆ ॥ ਨਾਨਕੁ ਮੰਗੈ ਦਾਨੁ ਜੋ ਤੁਧੁ ਭਾਇਆ ॥੬॥ {ਪੰਨਾ 150}

ਪਦਅਰਥ:- ਸੁਬਹਾਨੁ—ਅਚਰਜ-ਰੂਪ। ਕਲਾਣਿਆ—ਮੈਂ ਵਡਿਆਈ ਕੀਤੀ ਹੈ। ਦੀਬਾਣੁ—ਹਾਕਮ, ਦੀਵਾਨ। ਹੋਰਿ—ਹੋਰ ਸਾਰੇ ਜੀਵ {ਲਫ਼ਜ਼ 'ਹੋਰ' ਤੋਂ ਬਹੁ-ਵਚਨ ਹੈ}। ਜਿ—ਜੋ ਜੀਵ। ਸੋਹਿਆ—ਸੋਹਣਾ ਲੱਗਾ ਹੈ। ਮੰਨਿਐ—(ਤੇਰਾ ਫ਼ੁਰਮਾਨ) ਮੰਨਣ ਨਾਲ। ਗਿਆਨੁ—ਅਸਲੀਅਤ ਦੀ ਸਮਝ। ਧਿਆਨੁ—ਉੱਚੀ ਟਿਕੀ ਸੁਰਤਿ। ਕਰਮਿ—ਤੇਰੀ ਮਿਹਰ ਨਾਲ। ਨੀਸਾਨੁ—ਮੱਥੇ ਤੇ ਲੇਖ।

ਅਰਥ:- ਹੇ ਸੱਚੇ (ਪ੍ਰਭੂ)! ਮੈਂ ਤੈਨੂੰ ਸਦਾ 'ਸੁਬਹਾਨੁ' (ਆਖ ਆਖ ਕੇ) ਵਡਿਆਉਂਦਾ ਹਾਂ; ਤੂੰ ਹੀ ਸਦਾ ਕਾਇਮ ਰਹਿਣ ਵਾਲਾ ਹਾਕਮ ਹੈਂ, ਹੋਰ ਸਾਰੇ ਜੀਵ ਜੰਮਦੇ ਮਰਦੇ ਰਹਿੰਦੇ ਹਨ। (ਹੇ ਪ੍ਰਭੂ!) ਜੋ ਬੰਦੇ ਤੇਰਾ ਸੱਚਾ ਨਾਮ-ਰੂਪ ਦਾਨ ਤੈਥੋਂ ਮੰਗਦੇ ਹਨ ਉਹ ਤੇਰੇ ਵਰਗੇ ਹੋ ਜਾਂਦੇ ਹਨ; ਤੇਰਾ ਅੱਟਲ ਹੁਕਮ (ਗੁਰ-) ਸ਼ਬਦ ਦੀ ਬਰਕਤਿ ਨਾਲ (ਉਹਨਾਂ ਨੂੰ) ਮਿੱਠਾ ਲੱਗਦਾ ਹੈ; ਤੇਰਾ ਹੁਕਮ ਮੰਨਣ ਨਾਲ ਅਸਲੀਅਤ ਦੀ ਸਮਝ ਤੇ ਉੱਚੀ ਟਿਕੀ ਸੁਰਤਿ ਤੇਰੇ ਪਾਸੋਂ ਉਹਨਾਂ ਨੂੰ ਹਾਸਲ ਹੁੰਦੀ ਹੈ। ਤੇਰੀ ਮਿਹਰ ਨਾਲ (ਉਹਨਾਂ ਦੇ ਮੱਥੇ ਤੇ ਇਹ ਸੋਹਣਾ) ਲੇਖ ਲਿਖਿਆ ਜਾਂਦਾ ਹੈ ਜੋ ਕਿਸੇ ਦਾ ਮਿਟਾਇਆ ਮਿਟਦਾ ਨਹੀਂ।

ਹੇ ਪ੍ਰਭੂ! ਤੂੰ ਸਦਾ ਬਖ਼ਸ਼ਸ਼ਾਂ ਕਰਨ ਵਾਲਾ ਹੈਂ, ਤੂੰ ਨਿੱਤ ਬਖ਼ਸ਼ਸ਼ਾਂ ਕਰਦਾ ਹੈਂ ਤੇ ਵਧੀਕ ਵਧੀਕ ਬਖ਼ਸ਼ਸ਼ਾਂ ਕਰੀ ਜਾਂਦਾ ਹੈਂ। ਨਾਨਕ (ਤੇਰੇ ਦਰ ਤੋਂ) ਉਹੀ ਦਾਨ ਮੰਗਦਾ ਹੈ ਜੋ ਤੈਨੂੰ ਚੰਗਾ ਲੱਗਦਾ ਹੈ (ਭਾਵ, ਤੇਰੀ ਰਜ਼ਾ ਵਿਚ ਰਾਜ਼ੀ ਰਹਿਣ ਦਾ ਦਾਨ ਮੰਗਦਾ ਹੈ)। 26।

ਸਲੋਕੁ ਮਃ ੨ ॥ ਦੀਖਿਆ ਆਖਿ ਬੁਝਾਇਆ ਸਿਫਤੀ ਸਚਿ ਸਮੇਉ ॥ ਤਿਨ ਕਉ ਕਿਆ ਉਪਦੇਸੀਐ ਜਿਨ ਗੁਰੁ ਨਾਨਕ ਦੇਉ ॥੧॥ {ਪੰਨਾ 150}

ਪਦਅਰਥ:- ਦੀਖਿਆ—ਸਿੱਖਿਆ। ਆਖਿ—ਆਖ ਕੇ, ਸੁਣਾ ਕੇ। ਬੁਝਾਇਆ—ਗਿਆਨ ਦਿੱਤਾ ਹੈ, ਆਤਮਕ ਜੀਵਨ ਦੀ ਸੂਝ ਦਿੱਤੀ ਹੈ। ਸਿਫਤੀ—ਸਿਫ਼ਤਿ-ਸਾਲਾਹ ਦੀ ਰਾਹੀਂ। ਸਚਿ—ਸੱਚ ਵਿਚ। ਸਮੇਉ—ਸਮਾਈ ਦਿੱਤੀ ਹੈ, ਜੋੜਿਆ ਹੈ। ਕਿਆ—ਹੋਰ ਕੀਹ?

ਅਰਥ:- ਹੇ ਨਾਨਕ! ਜਿਨ੍ਹਾਂ ਦਾ ਗੁਰਦੇਵ ਹੈ (ਭਾਵ, ਜਿਨ੍ਹਾਂ ਦੇ ਸਿਰ ਤੇ ਗੁਰਦੇਵ ਹੈ), ਜਿਨ੍ਹਾਂ ਨੂੰ (ਗੁਰੂ ਨੇ) ਸਿੱਖਿਆ ਦੇ ਕੇ ਗਿਆਨ ਦਿੱਤਾ ਹੈ ਤੇ ਸਿਫ਼ਤਿ-ਸਾਲਾਹ ਦੀ ਰਾਹੀਂ ਸੱਚ ਵਿਚ ਜੋੜਿਆ ਹੈ, ਉਹਨਾਂ ਨੂੰ ਕਿਸੇ ਹੋਰ ਉਪਦੇਸ਼ ਦੀ ਲੋੜ ਨਹੀਂ ਰਹਿੰਦੀ (ਭਾਵ, ਪ੍ਰਭੂ ਦੇ ਨਾਮ ਵਿਚ ਜੁੜਨ ਦੀ ਸਿੱਖਿਆ ਤੋਂ ਉੱਚੀ ਹੋਰ ਕੋਈ ਸਿੱਖਿਆ ਨਹੀਂ ਹੈ)।1।

ਮਃ ੧ ॥ ਆਪਿ ਬੁਝਾਏ ਸੋਈ ਬੂਝੈ ॥ ਜਿਸੁ ਆਪਿ ਸੁਝਾਏ ਤਿਸੁ ਸਭੁ ਕਿਛੁ ਸੂਝੈ ॥ ਕਹਿ ਕਹਿ ਕਥਨਾ ਮਾਇਆ ਲੂਝੈ ॥ ਹੁਕਮੀ ਸਗਲ ਕਰੇ ਆਕਾਰ ॥ ਆਪੇ ਜਾਣੈ ਸਰਬ ਵੀਚਾਰ ॥ ਅਖਰ ਨਾਨਕ ਅਖਿਓ ਆਪਿ ॥ ਲਹੈ ਭਰਾਤਿ ਹੋਵੈ ਜਿਸੁ ਦਾਤਿ ॥੧॥

ਪਦਅਰਥ:- ਲੂਝੈ—ਸੜਦਾ ਹੈ, ਦੁਖੀ ਰਹਿੰਦਾ ਹੈ। ਆਕਾਰ—ਸਰੂਪ, ਜੀਅ ਜੰਤ। ਸਰਬ ਵੀਚਾਰ—ਸਭ ਜੀਵਾਂ ਬਾਰੇ ਵਿਚਾਰਾਂ। ਅਖਰ—(ਸੰ: A™r) ਨਾ ਨਾਸ ਹੋਣ ਵਾਲਾ। ਅਖਿਓ—'ਅਖਿਉ' ਤੋਂ {ਜੋ ਫ਼ਰਕ (ੁ) ਤੇ (ੋ) ਵਿਚ ਹੈ, ਉਹੀ ਫ਼ਰਕ (ਉ) ਅਤੇ (ਓ) ਵਿਚ ਹੈ}। {ਲਫ਼ਜ਼ 'ਲਖਿਉ' ਲਫ਼ਜ਼ 'ਅਖਜਯ' ਦਾ ਪ੍ਰਾਕ੍ਰਿਤ ਰੂਪ ਹੈ। 'ਖਜਯ' ਦਾ ਅਰਥ ਹੈ 'ਨਾਸ'। ਪੰਜਾਬੀ ਰੂਪ ਹੈ 'ਖਉ'। 'ਅਖਿਉ' ਦਾ ਅਰਥ ਹੈ 'ਜਿਸ ਦਾ ਖੈ ਨਾ ਹੋ ਸਕੇ'। ਲਫ਼ਜ਼ 'ਅਖਿਓ' ਦਾ ਅਰਥ ਕਰਨਾ 'ਆਖਿਆ'—ਇਹ ਗ਼ਲਤ ਹੈ; ਗੁਰਬਾਣੀ ਵਿਚ ਕਿਸੇ ਹੋਰ ਥਾਂ ਤੋਂ ਇਹ ਸਹਾਇਤਾ

ਨਹੀਂ ਮਿਲਦੀ। 'ਪਾਇਆ' ਤੋਂ 'ਪਾਇਓ' ਹੋ ਸਕਦਾ ਹੈ, 'ਪਇਓ' ਨਹੀਂ ਹੋ ਸਕਦਾ, ਤਿਵੇਂ ਹੀ 'ਆਖਿਆ' ਤੋਂ 'ਅਖਿਓ' ਹੋ ਸਕਦਾ ਹੈ 'ਆਖਿਓ' ਨਹੀਂ}। ਲਹੈ—ਲਹਿ ਜਾਂਦੀ ਹੈ। ਭਰਾਤਿ—ਮਨ ਦੀ ਭਟਕਣਾ।

ਅਰਥ:- ਜਿਸ ਮਨੁੱਖ ਨੂੰ ਪ੍ਰਭੂ ਆਪ ਮਤਿ ਦੇਂਦਾ ਹੈ, ਉਸ ਨੂੰ ਹੀ ਮਤਿ ਆਉਂਦੀ ਹੈ; ਜਿਸ ਮਨੁੱਖ ਨੂੰ ਆਪ ਸੂਝ ਬਖ਼ਸ਼ਦਾ ਹੈ, ਉਸ ਨੂੰ (ਜੀਵਨ-ਸਫ਼ਰ ਦੀ) ਹਰੇਕ ਗੱਲ ਦੀ ਸੂਝ ਆ ਜਾਂਦੀ ਹੈ। (ਜੇ ਇਹ ਮਤਿ ਤੇ ਸੂਝ ਨਹੀਂ, ਤਾਂ ਇਸ ਦੀ ਪ੍ਰਾਪਤੀ ਬਾਰੇ) ਆਖੀ ਜਾਣਾ ਆਖੀ ਜਾਣਾ (ਕੋਈ ਲਾਭ ਨਹੀਂ ਦੇਂਦਾ) (ਮਨੁੱਖ ਅਮਲੀ ਜੀਵਨ ਵਿਚ) ਮਾਇਆ ਵਿਚ ਹੀ ਸੜਦਾ ਰਹਿੰਦਾ ਹੈ।

ਸਾਰੇ ਜੀਅ-ਜੰਤ ਪ੍ਰਭੂ ਆਪ ਹੀ ਆਪਣੇ ਹੁਕਮ-ਅਨੁਸਾਰ ਪੈਦਾ ਕਰਦਾ ਹੈ, ਸਾਰੇ ਜੀਵਾਂ ਬਾਰੇ ਵਿਚਾਰਾਂ (ਉਹਨਾਂ ਨੂੰ ਕੀਹ ਕੁਝ ਦੇਣਾ ਹੈ) ਪ੍ਰਭੂ ਆਪ ਹੀ ਜਾਣਦਾ ਹੈ। ਹੇ ਨਾਨਕ! ਜਿਸ ਮਨੁੱਖ ਨੂੰ ਉਸ ਅਵਿਨਾਸ਼ੀ ਤੇ ਅਥੇ ਪ੍ਰਭੂ ਪਾਸੋਂ ('ਸੂਝ ਬੂਝ' ਦੀ) ਦਾਤਿ ਮਿਲਦੀ ਹੈ, ਉਸ ਦੀ ਮਨ ਦੀ ਭਟਕਣਾ ਦੂਰ ਹੋ ਜਾਂਦੀ ਹੈ।2।

ਪਉੜੀ ॥ ਹਉ ਢਾਢੀ ਵੇਕਾਰੁ ਕਾਰੈ ਲਾਇਆ ॥ ਰਾਤਿ ਦਿਹੈ ਕੈ ਵਾਰ ਧੁਰਹੁ ਫੁਰਮਾਇਆ ॥ ਢਾਢੀ ਸਚੈ ਮਹਲਿ ਖਸਮਿ ਬੁਲਾਇਆ ॥ ਸਚੀ ਸਿਫਤਿ ਸਾਲਾਹ ਕਪੜਾ ਪਾਇਆ ॥ ਸਚਾ ਅੰਮ੍ਰਿਤ ਨਾਮੁ ਭੋਜਨੁ ਆਇਆ ॥ ਗੁਰਮਤੀ ਖਾਧਾ ਰਜਿ ਤਿਨਿ ਸੁਖੁ ਪਾਇਆ ॥ ਢਾਢੀ ਕਰੇ ਪਸਾਉ ਸਬਦੁ ਵਜਾਇਆ ॥ ਨਾਨਕ ਸਚੁ ਸਾਲਾਹਿ ਪੂਰਾ ਪਾਇਆ ॥੨੭॥ ਸੁਧੁ {ਪੰਨਾ 150}

ਪਦਅਰਥ:- ਵੇਕਾਰੁ—ਬੇਕਾਰ, ਵੇਹਲਾ {ਨਿਰੇ ਦੁਨੀਆ ਵਾਲੇ ਕੰਮ ਅੰਤ ਨੂੰ ਕੰਮ ਨਹੀਂ ਆਉਂਦੇ ਹਨ, ਨਿਰਾ ਇਹਨਾਂ ਵਿਚ ਰੁੱਝੇ ਰਹਿਣਾ ਜੀਵਨ-ਸਫ਼ਰ ਵਿਚ ਵੇਹਲੇ ਰਹਿਣ ਦੇ ਬਰਾਬਰ ਹੈ}। ਢਾਢੀ—'ਵਾਰ' ਗਾਵਣ ਵਾਲਾ। ਕੈ—ਭਾਵੈਂ। ਵਾਰ—ਜਸ ਦੀ ਬਾਣੀ। ਕਪੜਾ—ਸਿਰੋਪਾਉ। ਪਸਾਉ—{ਸੰ: ਪ੍ਰਸਾਦੁ} ਖਾਣ ਵਾਲੀ ਉਹ ਚੀਜ਼ ਜੋ ਆਪਣੇ ਇਸ਼ਟ ਦੇ ਦਰ ਤੇ ਪਹਿਲਾਂ ਭੇਟ ਕੀਤੀ ਜਾਏ ਤੇ ਫਿਰ ਓਥੋਂ ਦਰ ਤੇ ਗਏ ਬੰਦਿਆਂ ਨੂੰ ਮਿਲੇ, ਜਿਵੇਂ ਕੜਾਹ ਪ੍ਰਸ਼ਾਦ, ਗੁਰੂ-ਦਰ ਤੋਂ ਮਿਲਿਆ ਪਦਾਰਥ, ਪ੍ਰਭੂ-ਦਰ ਤੋਂ ਮਿਲੀ ਦਾਤਿ। ਪਸਾਉ ਕਰੇ—ਪ੍ਰਭੂ-ਦਰ ਤੋਂ ਮਿਲਿਆ ਭੋਜਨ ਪਾਂਦਾ ਹੈ ਛਕਦਾ ਹੈ। ਵਜਾਇਆ-ਗਾਂਵਿਆ।

ਅਰਥ:- ਮੈਂ ਵੇਹਲਾ ਸਾਂ, ਮੈਨੂੰ ਢਾਢੀ ਬਣਾ ਕੇ ਪ੍ਰਭੂ ਨੇ (ਅਸਲ) ਕੰਮ ਵਿਚ ਲਾ ਦਿੱਤਾ, ਪ੍ਰਭੂ ਨੇ ਧੁਰੋਂ ਹੁਕਮ ਦਿੱਤਾ ਕਿ ਭਾਵੇਂ ਰਾਤ ਹੋਵੇ ਭਾਵੇਂ ਦਿਨ ਜਸ ਕਰੋ।

ਮੈਨੂੰ ਢਾਢੀ ਨੂੰ (ਭਾਵ, ਜਦੋਂ ਮੈਂ ਉਸ ਦੀ ਸਿਫ਼ਤਿ-ਸਾਲਾਹ ਸਾਲਾਹ ਵਿਚ ਲੱਗਾ ਤਾਂ) ਖਸਮ ਨੇ ਆਪਣੇ ਸੱਚੇ ਮਹਲ ਵਿਚ (ਆਪਣੀ ਹਜ਼ੂਰੀ ਵਿਚ) ਸੱਦਿਆ। (ਉਸ ਨੇ) ਸੱਚੀ ਸਿਫ਼ਤਿ-ਸਾਲਾਹ-ਰੂਪ ਮੈਨੂੰ ਸਿਰੋਪਾਉ ਦਿੱਤਾ। ਸਦਾ ਕਾਇਮ ਰਹਿਣ ਵਾਲਾ ਆਤਮਕ ਜੀਵਨ ਦੇਣ ਵਾਲਾ ਨਾਮ (ਮੇਰੇ ਆਤਮਾ ਦੇ ਆਧਾਰ ਲਈ ਮੈਨੂੰ) ਭੋਜਨ (ਉਸ ਪਾਸੋਂ) ਮਿਲਿਆ। ਜਿਸ ਜਿਸ ਮਨੁੱਖ ਨੇ ਗੁਰੂ ਦੀ ਸਿੱਖਿਆ ਤੇ ਤੁਰ ਕੇ (ਇਹ 'ਅੰਮ੍ਰਿਤ ਨਾਮੁ ਭੋਜਨ') ਰੱਜ ਕੇ ਖਾਧਾ ਹੈ ਉਸ ਨੇ ਸੁਖ ਪਾਇਆ ਹੈ। ਮੈਂ ਢਾਢੀ (ਭੀ ਜਿਉਂ ਜਿਉਂ) ਸਿਫ਼ਤਿ-ਸਾਲਾਹ ਦਾ ਗੀਤ ਗਾਉਂਦਾ ਹਾਂ, ਪ੍ਰਭੂ-ਦਰ ਤੋਂ ਮਿਲੇ ਇਸ ਨਾਮ-ਪ੍ਰਸ਼ਾਦ ਨੂੰ ਛਕਦਾ ਹਾਂ (ਭਾਵ, ਨਾਮ ਦਾ ਆਨੰਦ ਮਾਣਦਾ ਹਾਂ)।

ਹੇ ਨਾਨਕ! ਸੱਚੇ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰ ਕੇ ਉਸ ਪੂਰਨ ਪ੍ਰਭੂ ਦੀ ਪ੍ਰਾਪਤੀ ਹੁੰਦੀ ਹੈ। 27। ਸੁਧੁ।